ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਸ਼ਨਿੱਚਰਵਾਰ, 29 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੫ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਸਿੱਖ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਨਾਲ ਦਰਜ ਹੋਵੇਗੀ ਸੇਵਾ ਦੀ ਇਹ ਮਿਸਾਲ

### ਇੰਦਰ ਸਿੰਘ ਉੱਪਲ ਐਮ.ਬੀ.ਈ. ਤੇ ਮਾਰਗਰੇਟ ਉੱਪਲ ਵੱਲੋਂ

# ਸਕਾਟਲੈਂਡ ਦਾ ਵੈਕਸੇ ਟਾਪੂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਨੂੰ ਸਮਰਪਿਤ

**ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਗੁਰਮੇਲ ਸਿੰਘ ਮੱਲੀ ਤੇ ਸਮੁੱਚੀ ਕਮੇਟੀ ਵੱਲੋਂ ਉੱਪਲ ਪਰਿਵਾਰ ਦਾ ਧੰਨਵਾਦ • ਸ. ਅਮਰਜੀਤ ਸਿੰਘ ਦਾਸਨ ਨੇ ਵੀ ਕਾਰਵਾਈਆਂ ਵਿੱਚ ਨਿਭਾਈ ਅਹਿਮ ਭੂਮਿਕਾ**

ਲੰਡਨ, 27 ਅਗਸਤ (ਆਵਾਜ਼ਿ ਕੌਮ ਬਿਊਰੋ)- ਸਿੱਖ ਧਰਮ ਦੀ ਮਹਾਨ ਪਰੰਪਰਾ 'ਸੇਵਾ, ਸਿਮਰਨ ਅਤੇ ਸਰਬੱਤ ਦੇ ਭਲੇ' ਦੀ ਭਾਵਨਾ ਨੂੰ ਅਮਲੀ ਰੂਪ ਦਿੰਦਿਆਂ ਲੰਡਨ ਦੇ ਉੱਘੇ ਸਮਾਜ ਸੇਵੀ ਇੰਦਰ ਸਿੰਘ ਉੱਪਲ ਐਮ.ਬੀ.ਈ. ਅਤੇ ਉਨ੍ਹਾਂ ਦੀ ਪਤਨੀ ਮਾਰਗਰੇਟ ਉੱਪਲ

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ ਸਕਾਟਲੈਂਡ ਸਥਿਤ ਵੈਕਸੇ ਟਾਪੂ ਅਤੇ ਇਸ ਦੇ ਆਲੇ-ਦੁਆਲੇ ਦੇ ਛੋਟੇ ਟਾਪੂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਨੂੰ ਦਾਨ ਕਰਨ ਦੀ ਜਾਣਕਾਰੀ ਸਾਹਮਣੇ ਆਈ ਹੈ। ਨਿੱਜੀ ਮਾਲਕੀ ਵਾਲੀ ਮਹੱਤਵਪੂਰਨ ਸੰਪਤੀ ਨੂੰ ਗੁਰੂ ਘਰ ਅਤੇ ਸੰਗਤ ਦੇ ਹਿੱਤ ਵਿੱਚ ਸਮਰਪਿਤ ਕਰਨਾ ਸੇਵਾ, ਤਿਆਗ ਅਤੇ ਸਮਰਪਣ ਦੀ ਇੱਕ ਵਿਲੱਖਣ ਮਿਸਾਲ ਮੰਨੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਦਾਨ ਕੀਤੀ ਗਈ ਜਾਇਦਾਦ ਦਾ ਰਕਬਾ ਲਗਭਗ 51.19 ਹੈਕਟੇਅਰ, ਭਾਵ ਕਰੀਬ 126.5 ਏਕੜ ਦੱਸਿਆ ਗਿਆ ਹੈ। ਇਸ ਵਿੱਚ ਵੈਕਸੇ ਟਾਪੂ ਦੇ ਨਾਲ-ਨਾਲ ਇਸ ਦੇ ਆਲੇ-ਦੁਆਲੇ ਸਥਿਤ ਛੋਟੇ ਟਾਪੂ ਵੀ ਸ਼ਾਮਲ ਹਨ। ਸਕਾਟਲੈਂਡ ਦੇ **Outer Hebrides** ਖੇਤਰ ਵਿੱਚ ਸਥਿਤ ਇਹ ਇਲਾਕਾ ਕੁਦਰਤੀ ਸੁੰਦਰਤਾ ਅਤੇ ਵਿਲੱਖਣ ਭੂਗੋਲਿਕ ਮਹੱਤਤਾ ਲਈ ਜਾਣਿਆ ਜਾਂਦਾ ਹੈ। ਵੈਕਸੇ ਟਾਪੂ ਦਾ ਸਿੱਖ ਭਾਈਚਾਰੇ ਨਾਲ ਸਬੰਧ ਵੀ ਵਿਸ਼ੇਸ਼ ਮਹੱਤਤਾ ਰੱਖਦਾ ਹੈ। ਉਪਲਬਧ ਜਾਣਕਾਰੀ ਅਨੁਸਾਰ ਇਸ ਟਾਪੂ ਨੂੰ 1993 ਵਿੱਚ ਸਿੱਖ ਕਾਰੋਬਾਰੀ ਸ. ਇਕਬਾਲ ਸਿੰਘ ਵੱਲੋਂ ਖਰੀਦਿਆ ਗਿਆ ਸੀ। ਇੰਦਰ ਸਿੰਘ ਉੱਪਲ ਦਾ ਸ. ਇਕਬਾਲ ਸਿੰਘ ਨਾਲ ਪਰਿਵਾਰਕ ਸਬੰਧ ਵੀ ਦੱਸਿਆ ਜਾਂਦਾ ਹੈ। ਇਸ ਕਰਕੇ ਇਸ ਟਾਪੂ ਦਾ ਹੁਣ ਸਿੱਖ ਸੰਸਥਾ ਨੂੰ ਸਮਰਪਿਤ ਹੋਣਾ ਸਿਰਫ਼ ਇੱਕ ਜਾਇਦਾਦ ਦੇ ਦਾਨ ਦੀ ਘਟਨਾ ਨਹੀਂ, ਸਗੋਂ ਇਸ ਦੇ ਪਿੱਛੇ ਇੱਕ ਸਿੱਖ ਪਰਿਵਾਰ ਦੀ ਸਕਾਟਲੈਂਡ ਨਾਲ ਜੁੜੀ ਲੰਮੀ ਸਾਂਝ ਅਤੇ ਵਿਰਾਸਤ ਵੀ ਮੌਜੂਦ ਹੈ। ਇਸ ਪੱਖੋਂ ਦੇਖਿਆ ਜਾਵੇ ਤਾਂ ਉੱਪਲ ਪਰਿਵਾਰ ਵੱਲੋਂ ਕੀਤਾ ਗਿਆ ਇਹ ਦਾਨ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਇੱਕ ਮਹੱਤਵਪੂਰਨ ਵਿਰਾਸਤੀ ਨਿਸ਼ਾਨ ਬਣ ਸਕਦਾ ਹੈ। ਨਿੱਜੀ ਸੰਪਤੀ ਨੂੰ ਆਪਣੇ ਤੱਕ ਸੀਮਤ ਰੱਖਣ ਦੀ ਬਜਾਏ ਸੰਗਤ ਦੇ ਹਿੱਤ ਵਿੱਚ ਸਮਰਪਿਤ ਕਰਨਾ ਸਿੱਖੀ ਦੀ ਸੇਵਾ-ਭਾਵਨਾ ਨੂੰ ਦਰਸਾਉਂਦਾ ਹੈ। ਇਸ ਇਤਿਹਾਸਕ ਉਪਰਾਲੇ ਮੌਕੇ



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਮੌਜੂਦਾ ਪ੍ਰਧਾਨ ਸ. ਗੁਰਮੇਲ ਸਿੰਘ ਮੱਲੀ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਇੰਦਰ ਸਿੰਘ ਉੱਪਲ ਐਮ.ਬੀ.ਈ. ਅਤੇ ਉਨ੍ਹਾਂ ਦੀ ਪਤਨੀ ਮਾਰਗਰੇਟ ਉੱਪਲ ਦਾ ਦਿਲੋਂ ਧੰਨਵਾਦ ਕੀਤਾ ਗਿਆ ਹੈ। ਕਮੇਟੀ ਵੱਲੋਂ ਕਿਹਾ ਗਿਆ ਕਿ ਉੱਪਲ ਪਰਿਵਾਰ ਵੱਲੋਂ ਆਪਣੀ ਕੀਮਤੀ ਸੰਪਤੀ ਨੂੰ ਗੁਰੂ ਘਰ ਅਤੇ ਸੰਗਤ ਦੇ ਹਿੱਤਾਂ ਲਈ ਸਮਰਪਿਤ ਕਰਨਾ ਨਿਸ਼ਕਾਮ ਸੇਵਾ ਦੀ ਬੇਮਿਸਾਲ ਮਿਸਾਲ ਹੈ। ਇਹ ਉਪਰਾਲਾ ਕੇਵਲ ਮੌਜੂਦਾ ਸੰਗਤ ਲਈ ਹੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਸਿੱਖ ਵਿਰਾਸਤ ਨਾਲ ਜੁੜੀ ਇੱਕ ਅਹਿਮ ਨਿਸ਼ਾਨੀ ਸਾਬਤ ਹੋ ਸਕਦਾ ਹੈ। ਇਸ ਸਮੁੱਚੀ ਪ੍ਰਕਿਰਿਆ ਦੌਰਾਨ ਸ. ਅਮਰਜੀਤ ਸਿੰਘ ਦਾਸਨ ਵੱਲੋਂ ਵੀ ਅਹਿਮ ਸਹਿਯੋਗ ਦਿੱਤਾ ਗਿਆ। ਦਾਨ ਨਾਲ ਸਬੰਧਤ ਲੋੜੀਂਦੀਆਂ ਕਾਰਵਾਈਆਂ ਅਤੇ ਹੋਰ ਪ੍ਰਬੰਧਕੀ ਮਾਮਲਿਆਂ ਵਿੱਚ ਉਨ੍ਹਾਂ ਵੱਲੋਂ ਨਿਭਾਈ ਗਈ ਭੂਮਿਕਾ ਦੀ ਵੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਲਾਘਾ ਕੀਤੀ ਗਈ ਹੈ। ਸ. ਗੁਰਮੇਲ ਸਿੰਘ ਮੱਲੀ ਦੀ ਅਗਵਾਈ ਹੇਠ ਸਮੁੱਚੀ ਕਮੇਟੀ ਨੇ ਇੰਦਰ ਸਿੰਘ ਉੱਪਲ ਐਮ.ਬੀ.ਈ., ਮਾਰਗਰੇਟ ਉੱਪਲ ਅਤੇ ਇਸ ਕਾਰਜ ਵਿੱਚ ਸਹਿਯੋਗ ਦੇਣ ਵਾਲੇ ਸ. ਅਮਰਜੀਤ ਸਿੰਘ ਦਾਸਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀ ਸੇਵਾ ਸਿੱਖੀ ਦੀ ਮਹਾਨ ਪਰੰਪਰਾ ਨੂੰ ਹੋਰ ਮਜ਼ਬੂਤ ਕਰਦੀ ਹੈ।

## ਸੇਵਾ ਦੇ ਖੇਤਰ ਵਿੱਚ ਇੰਦਰ ਸਿੰਘ ਉੱਪਲ ਦਾ ਲੰਮਾ ਯੋਗਦਾਨ

**ਇੰਦਰ ਸਿੰਘ ਉੱਪਲ** ਬਰਤਾਨੀਆ ਵਿੱਚ ਸਿੱਖ ਭਾਈਚਾਰੇ ਅਤੇ ਸਮਾਜ ਸੇਵਾ ਨਾਲ ਲੰਮੇ ਸਮੇਂ ਤੋਂ ਜੁੜੀ ਸ਼ਖ਼ਸੀਅਤ ਵਜੋਂ ਜਾਣੇ ਜਾਂਦੇ ਹਨ। ਉਨ੍ਹਾਂ ਦੀਆਂ ਸਮਾਜਿਕ ਅਤੇ ਭਾਈਚਾਰਕ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਉਨ੍ਹਾਂ ਨੂੰ ਐਮ.ਬੀ.ਈ. ਸਨਮਾਨ ਨਾਲ ਨਿਵਾਜਿਆ ਗਿਆ। ਉਨ੍ਹਾਂ ਦਾ ਸੇਵਾ ਕਾਰਜ ਸਿਰਫ਼ ਧਾਰਮਿਕ ਖੇਤਰ ਤੱਕ ਸੀਮਤ ਨਹੀਂ ਰਿਹਾ, ਸਗੋਂ ਸਿੱਖਿਆ ਅਤੇ ਭਾਈਚਾਰਕ ਵਿਕਾਸ ਦੇ ਖੇਤਰ ਵਿੱਚ ਵੀ ਉਨ੍ਹਾਂ ਦੀ ਭੂਮਿਕਾ ਰਹੀ ਹੈ। ਸਿੱਖ ਮੁੱਲਾਂ ਅਤੇ ਗੁਰਮਤਿ ਆਧਾਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਵਾਲੇ ਕਾਰਜਾਂ ਨਾਲ ਵੀ ਉਨ੍ਹਾਂ ਦੀ ਸਾਂਝ ਰਹੀ ਹੈ। ਇਸੇ ਸੇਵਾ-ਭਾਵਨਾ ਦੀ ਕੜੀ ਵਜੋਂ ਹੁਣ ਸਕਾਟਲੈਂਡ ਦਾ ਇਹ ਟਾਪੂ ਗੁਰਦੁਆਰਾ ਸਾਹਿਬ ਨੂੰ ਸਮਰਪਿਤ ਕਰਨਾ ਉਨ੍ਹਾਂ ਦੇ ਜੀਵਨ ਵਿੱਚ ਸੇਵਾ ਦੀ ਇੱਕ ਹੋਰ ਮਹੱਤਵਪੂਰਨ ਕੜੀ ਵਜੋਂ ਦੇਖਿਆ ਜਾ ਰਿਹਾ ਹੈ।

## ਆਉਣ ਵਾਲੀਆਂ ਪੀੜ੍ਹੀਆਂ ਲਈ ਵੱਡੀ ਵਿਰਾਸਤੀ ਦੇਣ

**ਇੰਦਰ ਸਿੰਘ ਉੱਪਲ ਅਤੇ ਮਾਰਗਰੇਟ ਉੱਪਲ ਵੱਲੋਂ** ਵੈਕਸੇ ਟਾਪੂ ਗੁਰਦੁਆਰਾ ਸਾਹਿਬ ਨੂੰ ਸਮਰਪਿਤ ਕਰਨ ਦੀ ਇਹ ਪਹਿਲ ਇਸ ਲਈ ਵੀ ਮਹੱਤਵਪੂਰਨ ਹੈ ਕਿ ਇਸ ਨਾਲ ਇੱਕ ਨਿੱਜੀ ਸੰਪਤੀ ਨੂੰ ਸੰਗਤ ਦੀ ਸਾਂਝੀ ਵਿਰਾਸਤ ਵਿੱਚ ਤਬਦੀਲ ਕਰਨ ਦਾ ਰਾਹ ਖੁੱਲ੍ਹਿਆ ਹੈ। ਭਵਿੱਖ ਵਿੱਚ ਇਸ ਜਗ੍ਹਾ ਨੂੰ ਸਿੱਖ ਇਤਿਹਾਸ, ਸੱਭਿਆਚਾਰ, ਵਾਤਾਵਰਣ, ਸਿੱਖਿਆ ਜਾਂ ਨੌਜਵਾਨ ਪੀੜ੍ਹੀ ਨਾਲ ਸਬੰਧਤ ਕਾਰਜਾਂ ਲਈ ਕਿਸ ਤਰ੍ਹਾਂ ਵਰਤਿਆ ਜਾਵੇਗਾ, ਇਸ ਸਬੰਧੀ ਅਗਲੇ ਪੜਾਅ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਯੋਜਨਾਵਾਂ ਤਿਆਰ ਕੀਤੀਆਂ ਜਾ ਸਕਦੀਆਂ ਹਨ। ਇਸ ਨਾਲ ਸਕਾਟਲੈਂਡ ਦੀ ਧਰਤੀ 'ਤੇ ਸਿੱਖ ਵਿਰਾਸਤ ਨਾਲ ਜੁੜੇ ਕਾਰਜਾਂ ਲਈ ਇੱਕ ਨਵਾਂ ਅਧਿਆਇ ਸ਼ੁਰੂ ਹੋਣ ਦੀ ਸੰਭਾਵਨਾ ਬਣੀ ਹੈ।




## ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦਾ ਸ਼ਾਨਦਾਰ ਇਤਿਹਾਸ

ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦਾ ਇਤਿਹਾਸ ਵੀ ਬਰਤਾਨੀਆ ਵਿੱਚ ਸਿੱਖ ਭਾਈਚਾਰੇ ਦੀ ਮਿਹਨਤ, ਸੇਵਾ ਅਤੇ ਸੰਗਠਨ ਦੀ ਗਵਾਹੀ ਦਿੰਦਾ ਹੈ। ਸਾਊਥਾਲ ਵਿੱਚ ਸਿੱਖਾਂ ਦੀ ਆਮਦ 1940 ਅਤੇ 1950 ਦੇ ਦਹਾਕਿਆਂ ਵਿੱਚ ਹੋਈ। ਸ਼ੁਰੂਆਤੀ ਦੌਰ ਵਿੱਚ ਸੰਗਤਾਂ ਘਰਾਂ ਅਤੇ ਛੋਟੀਆਂ ਥਾਵਾਂ 'ਤੇ ਇਕੱਠੀਆਂ ਹੋ ਕੇ ਗੁਰਬਾਣੀ ਅਤੇ ਧਾਰਮਿਕ ਸਮਾਗਮ ਕਰਦੀਆਂ ਸਨ। ਸਮੇਂ ਦੇ ਨਾਲ ਸੰਗਤ ਦੀ ਗਿਣਤੀ ਵਧਦੀ ਗਈ ਅਤੇ 1964 ਵਿੱਚ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੀ ਸਥਾਪਨਾ ਹੋਈ। ਇਸ ਤੋਂ ਬਾਅਦ 1967 ਵਿੱਚ ਹੇਵਲਾਕ ਰੋਡ 'ਤੇ ਜਗ੍ਹਾ ਪ੍ਰਾਪਤ ਕਰਕੇ ਗੁਰਦੁਆਰਾ ਸਾਹਿਬ ਦੀਆਂ ਗਤੀਵਿਧੀਆਂ ਨੂੰ ਵੱਡੇ ਪੱਧਰ 'ਤੇ ਅੱਗੇ ਵਧਾਇਆ ਗਿਆ। ਸੰਗਤ ਦੀ ਸੇਵਾ ਅਤੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਧਾਰਮਿਕ ਕੇਂਦਰ ਦੇ ਨਾਲ-ਨਾਲ ਸਮਾਜਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਦਾ ਵੀ ਕੇਂਦਰ ਬਣਦਾ ਗਿਆ। ਸੰਗਤ ਦੀ ਵਧਦੀ ਗਿਣਤੀ ਅਤੇ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਨਵੀਂ ਵਿਸ਼ਾਲ ਇਮਾਰਤ ਦੀ ਉਸਾਰੀ ਕੀਤੀ ਗਈ, ਜਿਸ ਦਾ 30 ਮਾਰਚ 2003 ਨੂੰ ਉਦਘਾਟਨ ਹੋਇਆ। ਅੱਜ ਸਾਊਥਾਲ ਦਾ ਇਹ ਗੁਰਦੁਆਰਾ ਭਾਰਤ ਤੋਂ ਬਾਹਰ ਸਿੱਖ ਭਾਈਚਾਰੇ ਦੇ ਪ੍ਰਮੁੱਖ ਧਾਰਮਿਕ ਕੇਂਦਰਾਂ ਵਿੱਚ ਸ਼ੁਮਾਰ ਹੁੰਦਾ ਹੈ। ਇੱਥੇ ਰੋਜ਼ਾਨਾ ਧਾਰਮਿਕ ਗਤੀਵਿਧੀਆਂ ਤੋਂ ਇਲਾਵਾ ਲੰਗਰ, ਗੁਰਮਤਿ ਸਿੱਖਿਆ, ਪੰਜਾਬੀ ਭਾਸ਼ਾ, ਸਿੱਖ ਇਤਿਹਾਸ, ਸਮਾਜ ਸੇਵਾ ਅਤੇ ਭਾਈਚਾਰਕ ਕਾਰਜ ਵੀ ਕੀਤੇ ਜਾਂਦੇ ਹਨ। ਇਸ ਕਰਕੇ ਗੁਰਦੁਆਰਾ ਸਾਹਿਬ ਦੀ ਭੂਮਿਕਾ ਸਿਰਫ਼ ਧਾਰਮਿਕ ਅਸਥਾਨ ਤੱਕ ਸੀਮਤ ਨਹੀਂ, ਸਗੋਂ ਇਹ ਬਰਤਾਨੀਆ ਵਿੱਚ ਸਿੱਖ ਪਛਾਣ ਅਤੇ ਵਿਰਾਸਤ ਦਾ ਇੱਕ ਮਹੱਤਵਪੂਰਨ ਕੇਂਦਰ ਹੈ।

## ਸੇਵਾ, ਸਮਰਪਣ ਤੇ ਸ਼ੁਕਰਾਨੇ ਦੀ ਭਾਵਨਾ

**ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੰਦਰ ਸਿੰਘ ਉੱਪਲ ਐਮ.ਬੀ.ਈ. ਅਤੇ ਮਾਰਗਰੇਟ ਉੱਪਲ** ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਉਨ੍ਹਾਂ ਵੱਲੋਂ ਕੀਤਾ ਗਿਆ ਇਹ ਮਹਾਨ ਦਾਨ ਸਿੱਖ ਸੇਵਾ ਦੀ ਮਹਾਨ ਪਰੰਪਰਾ ਨੂੰ ਹੋਰ ਮਜ਼ਬੂਤ ਕਰਦਾ ਹੈ। ਕਮੇਟੀ ਨੇ ਇਸ ਕਾਰਜ ਨਾਲ ਜੁੜੇ ਸਾਰੇ ਸਹਿਯੋਗੀਆਂ ਅਤੇ ਵਿਸ਼ੇਸ਼ ਤੌਰ 'ਤੇ ਸ. ਅਮਰਜੀਤ ਸਿੰਘ ਦਾਸਨ ਵੱਲੋਂ ਨਿਭਾਈ ਸਹਾਇਕ ਭੂਮਿਕਾ ਦੀ ਵੀ ਸ਼ਲਾਘਾ ਕੀਤੀ। ਸ. ਗੁਰਮੇਲ ਸਿੰਘ ਮੱਲੀ ਦੀ ਅਗਵਾਈ ਹੇਠ ਸਮੁੱਚੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਪਲ ਪਰਿਵਾਰ ਪ੍ਰਤੀ ਪ੍ਰਗਟ ਕੀਤਾ ਗਿਆ ਇਹ ਧੰਨਵਾਦ ਇਸ ਗੱਲ ਦਾ ਪ੍ਰਤੀਕ ਹੈ ਕਿ ਅਜਿਹੀ ਸੇਵਾ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਸਮੁੱਚੀ ਸੰਗਤ ਅਤੇ ਸਿੱਖ ਵਿਰਾਸਤ ਦੀ ਸਾਂਝੀ ਪੂੰਜੀ ਬਣ ਜਾਂਦੀ ਹੈ। ਸਕਾਟਲੈਂਡ ਦੀ ਧਰਤੀ 'ਤੇ ਵੈਕਸੇ ਟਾਪੂ ਦਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਨਾਲ ਜੁੜਨਾ ਸਿੱਖ ਭਾਈਚਾਰੇ ਲਈ ਨਿਸ਼ਚਤ ਤੌਰ 'ਤੇ ਇੱਕ ਵਿਲੱਖਣ ਅਤੇ ਯਾਦਗਾਰ ਘਟਨਾ ਹੈ। ਇੰਦਰ ਸਿੰਘ ਉੱਪਲ ਐਮ.ਬੀ.ਈ. ਅਤੇ ਮਾਰਗਰੇਟ ਉੱਪਲ ਦੀ ਇਹ ਸੇਵਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਨਿਸ਼ਕਾਮ ਸੇਵਾ, ਤਿਆਗ ਅਤੇ ਆਪਣੀ ਵਿਰਾਸਤ ਨਾਲ ਜੁੜੇ ਰਹਿਣ ਦੀ ਪ੍ਰੇਰਣਾ ਦਿੰਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨਿੱਚਰਵਾਰ, 29 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੫ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243



ਰੱਖੜ ਪੁੰਨਿਆ ਮੇਲੇ ਮੌਕੇ ਭਾਜਪਾ ਦੀ ਪਹਿਲੀ ਸਿਆਸੀ ਕਾਨਫਰੰਸ

## ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪੰਜਾਬ 'ਚ ਬਜਾਇਆ ਚੋਣ ਬਿਗਲ

### 'ਆਪ' 'ਤੇ ਵਰ੍ਹੇ, ਕਿਹਾ- ਭ੍ਰਿਸ਼ਟਾਚਾਰ 'ਚ ਕਾਂਗਰਸ ਨੂੰ ਪਿੱਛੇ ਛੱਡਿਆ

#### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਰੱਖੜ ਪੁੰਨਿਆ ਦੇ ਇਤਿਹਾਸਕ ਮੇਲੇ ਮੌਕੇ ਬਾਬਾ ਬਕਾਲਾ ਵਿਖੇ ਭਾਰਤੀ ਜਨਤਾ ਪਾਰਟੀ ਵੱਲੋਂ ਪਹਿਲੀ ਵਾਰ ਆਪਣਾ ਮੰਚ ਲਗਾਇਆ ਗਿਆ। ਇਸ ਮੌਕੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਪਾਰਟੀ ਵਰਕਰਾਂ ਅਤੇ ਲੋਕਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਬਕਾਲਾ ਦੀ ਇਤਿਹਾਸਕ ਧਰਤੀ ਤੋਂ ਭਾਜਪਾ ਨੇ ਅੱਜ ਇੱਕ ਨਵਾਂ ਸੰਕਲਪ ਲਿਆ ਹੈ। ਇਹ ਸਿਰਫ਼ ਸਿਆਸੀ ਸਭਾ ਨਹੀਂ, ਸਗੋਂ ਵਿਕਸਤ ਪੰਜਾਬ ਦੇ ਨਿਰਮਾਣ ਲਈ ਭਾਜਪਾ ਦੀ ਸਰਕਾਰ ਬਣਾਉਣ ਦਾ ਸੰਕਲਪ ਹੈ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਤਪੱਸਿਆ ਅਤੇ ਮਹਾਨ ਕੁਰਬਾਨੀ ਅੱਜ ਵੀ ਸਮਾਜ ਨੂੰ ਸੇਧ ਦਿੰਦੀ ਹੈ। ਗੁਰੂ ਘਰ ਵਿੱਚ ਹਰ ਵਿਅਕਤੀ ਬਰਾਬਰ ਹੈ। ਇੱਥੇ ਨਾ ਕੋਈ ਛੋਟਾ ਹੈ, ਨਾ ਵੱਡਾ ਅਤੇ ਨਾ ਹੀ ਕੋਈ ਉੱਚਾ ਜਾਂ ਨੀਵਾਂ। ਗੁਰੂ ਸਾਹਿਬ ਦੀ ਪਵਿੱਤਰ ਧਰਤੀ 'ਤੇ ਆ ਕੇ ਸੇਵਾ ਅਤੇ ਅਰਦਾਸ ਕਰਨ ਦਾ ਅਨੁਭਵ ਬੇਮਿਸਾਲ ਹੈ। ਮੇਰੇ ਵੱਲੋਂ ਪੰਜਾਬ ਦੀ ਜਨਤਾ ਦੀ ਖੁਸ਼ਹਾਲੀ, ਸ਼ਾਂਤੀ ਅਤੇ ਤਰੱਕੀ ਲਈ ਅਰਦਾਸ ਕਰਨ ਦੀ ਗੱਲ ਵੀ ਕਹੀ। ਕੇਂਦਰੀ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਭਾਰਤੀ ਦੇ ਖੇਤੀਬਾੜੀ ਮੰਤਰੀ ਹੋਣ ਦੇ ਨਾਤੇ ਮੈਂ ਪੂਰੇ ਦਾਅਵੇ ਨਾਲ ਇਹ ਗੱਲ ਕਹਿ ਰਿਹਾ ਹਾਂ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਹੁੰਦੇ ਹੋਏ ਕੋਈ ਸਮਝੌਤਾ ਕਿਸਾਨ ਅਤੇ ਭਾਰਤ ਖ਼ਿਲਾਫ਼ ਹੋ ਨਹੀਂ ਸਕਦਾ। ਪ੍ਰਧਾਨ ਮੰਤਰੀ ਕਿਸਾਨਾਂ ਦੇ ਸੱਚੇ ਸੇਵਕ ਹਨ। ਹੁਣ ਤੱਕ ਜਿਹੜੇ ਵੀ ਸਮਝੌਤੇ ਹੋਏ ਹਨ ਉਹ ਕਿਸਾਨਾਂ ਦੇ ਹਿੱਤ ਵਿੱਚ ਹਨ। ਪਰ ਅਜੇ ਤੱਕ ਅਮਰੀਕਾ ਨਾਲ ਕੋਈ ਸਮਝੌਤਾ ਨਹੀਂ ਹੋਇਆ ਗੱਲਬਾਤ ਹੀ ਚੱਲ ਰਹੀ ਹੈ। ਕਿਸਾਨਾਂ ਦੇ ਉਤਪਾਦ ਪੂਰੀ ਤਰ੍ਹਾਂ ਨਾਲ ਸੁਰੱਖਿਅਤ ਹਨ। ਸਭ ਕੁਝ ਸੁਰੱਖਿਅਤ ਰਹੇਗਾ ਚਿੰਤਾ ਨਾ ਕਰੋ। ਖੇਤੀਬਾੜੀ ਨਾਲ ਸਬੰਧਤ ਮੁੱਦੇ 'ਤੇ ਬੋਲਦਿਆਂ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ "ਕੇਂਦਰ ਸਰਕਾਰ ਕਿਸਾਨਾਂ ਦੇ ਹਿੱਤਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕਰੇਗੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਿਸਾਨਾਂ ਦੇ ਸੱਚੇ ਸੇਵਕ ਹਨ ਅਤੇ ਕਿਸਾਨਾਂ ਦੀਆਂ ਫ਼ਸਲਾਂ ਤੇ ਉਤਪਾਦਾਂ ਲਈ ਢੁਕਵੀਂ ਮੰਡੀ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕੁਦਰਤੀ ਆਫ਼ਤਾਂ ਤੋਂ ਹੋਣ ਵਾਲੇ ਨੁਕਸਾਨ ਤੋਂ ਸੁਰੱਖਿਆ ਦੇਣ ਵਾਲੀ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਪੰਜਾਬ ਵਿੱਚ ਲਾਗੂ ਨਾ ਕਰਕੇ ਕੇਜਰੀਵਾਲ ਭਗਵੰਤ ਮਾਨ ਸਰਕਾਰ ਨੇ ਕਿਸਾਨਾਂ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ ਹੈ ਕਿਸਾਨਾਂ ਦੇ ਹੱਕਾਂ ਦੀ ਰਾਖੀ ਲਈ ਮੋਦੀ ਸਰਕਾਰ ਪੂਰੀ ਤਰ੍ਹਾਂ ਡਟ ਕੇ ਖੜ੍ਹੀ ਹੈ। ਅਮਰੀਕਾ ਨਾਲ ਚੱਲ ਰਹੀ ਗੱਲਬਾਤ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਚਿੰਤਾ ਕਰਨ ਦੀ ਲੋੜ ਨਹੀਂ ਹੈ। ਦਾਲਾਂ, ਸਬਜ਼ੀਆਂ, ਫਲ, ਦੁੱਧ ਅਤੇ ਪਨੀਰ ਸਮੇਤ ਕਿਸਾਨਾਂ ਦੇ ਉਤਪਾਦਾਂ ਦੇ ਹਿੱਤਾਂ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਰੱਖਿਆ ਜਾਵੇਗਾ। ਪੰਜਾਬ ਵਿੱਚ ਫਸਲ ਪਰਿਵਰਤਨ ਦੀ ਜ਼ਰੂਰਤ ਹੈ। ਪ੍ਰੋਸੈੱਸਿੰਗ ਤੋਂ ਐਕਸਪੋਰਟ ਤੱਕ ਦੀ ਰਣਨੀਤੀ ਬਣਾਉਣ ਦੀ ਲੋੜ ਹੈ ਉਸ 'ਤੇ ਅਸੀਂ ਕੰਮ ਕਰ ਰਹੇ ਹਾਂ।" ਉਨ੍ਹਾਂ ਕਾਂਗਰਸ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਕਾਂਗਰਸ ਦੀ ਸਥਿਤੀ ਬਹੁਤ ਖਰਾਬ ਹੈ ਅਤੇ ਪਾਰਟੀ ਆਪਣੇ ਹੀ ਅੰਦਰੂਨੀ ਵਿਵਾਦਾਂ ਵਿੱਚ ਉਲਝੀ ਹੋਈ ਹੈ।

#### ਅਕਾਲੀ ਦਲ ਨਾਲ ਗੱਠਜੋੜ ਦੀ ਚਰਚਾ 'ਤੇ ਇਹ ਕਿਹਾ

**ਅਕਾਲੀ ਦਲ ਨਾਲ ਗੱਠਜੋੜ 'ਤੇ ਬੋਲਦਿਆਂ** ਸਿਵਰਾਜ ਚੌਹਾਨ ਨੇ ਕਿਹਾ ਕਿ ਕੁੱਝ ਗੱਲਾਂ ਸਾਡੀ ਪਾਰਟੀਆਂ ਪਹਿਲਾਂ ਤੋਂ ਕਹਿੰਦੀ ਰਹੀ ਹੈ। ਸਾਰੇ ਪਹਿਲੂਆਂ 'ਤੇ ਵਿਚਾਰ ਕੀਤੇ ਜਾ ਰਹੇ ਹਨ। ਫਿਲਹਾਲ ਭਾਜਪਾ ਵੱਲੋਂ 117 ਸੀਟਾਂ ਉੱਤੇ ਚੋਣਾਂ ਲੜਨ ਦਾ ਐਲਾਨ ਕੀਤਾ ਗਿਆ ਹੈ ਅਤੇ ਪਿਛਲੇ ਦਿਨੀਂ ਕਈ ਆਗੂਆਂ ਨੇ ਇਸ ਸਬੰਧੀ ਬਿਆਨ ਵੀ ਆ ਚੁੱਕੇ ਹਨ ਕਿ ਭਾਜਪਾ 117 ਸੀਟਾਂ ਉੱਤੇ ਚੋਣਾਂ ਲੜਨ ਲਈ ਤਿਆਰ ਹੈ। ਕੇਂਦਰੀ ਮੰਤਰੀ ਨੇ ਪੰਜਾਬ ਦੀ ਕਾਨੂੰਨ-ਵਿਵਸਥਾ ਅਤੇ ਨਸ਼ਿਆਂ ਦੇ ਮੁੱਦੇ 'ਤੇ ਵੀ ਸੂਬਾ ਸਰਕਾਰ ਨੂੰ ਘੇਰਿਆ। ਉਨ੍ਹਾਂ ਕਿਹਾ ਕਿ "ਅੱਜ ਰੱਖੜੀ ਦਾ ਪਵਿੱਤਰ ਦਿਨ ਹੈ, ਪਰ ਪੰਜਾਬ ਵਿੱਚ ਭੈਣਾਂ ਦੀ ਸੁਰੱਖਿਆ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਔਰਤਾਂ ਦੇ ਗਲਿਆਂ ਵਿੱਚੋਂ ਚੇਨੀਆਂ ਅਤੇ ਕੰਨਾਂ ਵਿੱਚੋਂ ਸੋਨੇ ਦੀਆਂ ਵਾਲੀਆਂ ਤੱਕ ਲੁੱਟੀਆਂ ਜਾ ਰਹੀਆਂ ਹਨ। ਦੂਜੇ ਪਾਸੇ ਪੰਜਾਬ ਦੇ ਬੱਚਿਆਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ ਜਾ ਰਿਹਾ ਹੈ। ਸਰਕਾਰ ਨਸ਼ਾ ਮਾਫੀਆ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਅਸਫਲ ਰਹੀ ਹੈ। ਸ਼ਿਵਰਾਜ ਚੌਹਾਨ ਨੇ ਪੰਜਾਬ ਦੀ ਜਨਤਾ ਨੂੰ ਭਾਜਪਾ ਨੂੰ ਇੱਕ ਮੌਕਾ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ "ਸੂਬੇ ਨੂੰ ਨਸ਼ਿਆਂ ਅਤੇ ਅਸੁਰੱਖਿਆ ਦੀ ਸਥਿਤੀ ਤੋਂ ਮੁਕਤ ਕਰਨ ਲਈ ਭਾਜਪਾ ਦੀ ਸਰਕਾਰ ਜ਼ਰੂਰੀ ਹੈ। ਭਾਜਪਾ ਦਾ ਉਦੇਸ਼ ਪੰਜਾਬ ਨੂੰ ਸੁਰੱਖਿਅਤ, ਖੁਸ਼ਹਾਲ ਅਤੇ ਵਿਕਸਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ੇ, ਗੈਂਗਸਟਰਵਾਦ ਅਤੇ ਬੇਰੁਜ਼ਗਾਰੀ ਲਈ ਭਗਵੰਤ ਮਾਨ-ਕੇਜਰੀਵਾਲ ਦੀ ਸਰਕਾਰ ਜ਼ਿੰਮੇਵਾਰ ਹੈ। ਉਨ੍ਹਾਂ ਦੀਆਂ ਗਲਤ ਨੀਤੀਆਂ ਨੇ ਖੁਸ਼ਹਾਲ ਪੰਜਾਬ ਨੂੰ ਬਰਬਾਦੀ ਦੇ ਕੰਢੇ 'ਤੇ ਲਿਆ ਖੜ੍ਹਾ ਕੀਤਾ ਹੈ ਪੰਜਾਬ ਨੂੰ ਮੁੜ ਖੁਸ਼ਹਾਲੀ, ਤਰੱਕੀ ਅਤੇ ਵਿਕਾਸ ਦੀ ਰਾਹ 'ਤੇ ਲਿਆਉਣ ਲਈ ਸਿਰਫ਼ ਭਾਜਪਾ ਹੀ ਸਮਰੱਥ ਹੈ।



## ਚੰਡੀਗੜ੍ਹ ਦੇ ਗੈਸਟ ਹਾਊਸ 'ਚ ਨਕਲੀ PCS ਅਫਸਰ ਫੜਿਆ

### ਗਨਮੈਨ ਨੂੰ ਕਿਹਾ- ਰੇਡ 'ਤੇ ਜਾਣਾ, ਗੱਡੀ ਤਿਆਰ ਕਰੋ

ਚੰਡੀਗੜ੍ਹ, 28 ਅਗਸਤ (ਆਵਾਜ਼ਿ ਕੌਮ ਬਿਊਰੋ)-ਚੰਡੀਗੜ੍ਹ ਦੇ ਸੈਕਟਰ-6 ਸਥਿਤ ਯੂਟੀ ਗੈਸਟ ਹਾਊਸ ਵਿੱਚ ਇੱਕ ਨਕਲੀ ਪੀਸੀਐ ਅਫਸਰ ਫੜਿਆ ਗਿਆ। ਗੈਸਟ ਹਾਊਸ ਵਿੱਚ ਤਾਇਨਾਤ ਪੁਲਿਸ ਮੁਲਾਜ਼ਮਾਂ ਨੇ ਜਦੋਂ ਉਸ ਤੋਂ ਪੁੱਛਗਿੱਛ ਕੀਤੀ ਤਾਂ ਉਹ ਖੁਦ ਨੂੰ ਪੰਜਾਬ ਤੋਂ ਡੈਪੂਟੇਸ਼ਨ 'ਤੇ ਆਇਆ ਅਧਿਕਾਰੀ ਦੱਸ ਕੇ ਰੌਬ ਪਾਉਣ ਲੱਗਾ। ਉਸ ਦੇ ਨਾਲ ਇੱਕ ਗਨਮੈਨ ਵੀ ਸੀ। ਉਸ ਨੇ ਪ੍ਰਾਈਵੇਟ ਇਨੋਵਾ ਦੇ ਅੱਗੇ ਅਤੇ ਪਿੱਛੇ 'ਗਵਰਨਮੈਂਟ ਆਫ ਪੰਜਾਬ' ਲਿਖਵਾ ਰੱਖਿਆ ਸੀ ਅਤੇ ਕਾਰ 'ਤੇ ਲਾਲਬੱਤੀ ਵੀ ਲੱਗੀ ਹੋਈ ਸੀ। ਪੁਲਿਸ ਮੁਲਾਜ਼ਮਾਂ ਨੂੰ ਸ਼ੱਕ ਹੋਣ 'ਤੇ ਪੁੱਛਗਿੱਛ ਸ਼ੁਰੂ ਕੀਤੀ ਗਈ। ਇਸ ਦੌਰਾਨ ਉਸ ਨੇ ਗਨਮੈਨ ਨੂੰ ਫੋਨ ਕਰਕੇ ਕਿਹਾ ਕਿ ਜਲਦੀ ਆਓ, ਗੱਡੀ ਤਿਆਰ ਕਰੋ, ਰੇਡ 'ਤੇ ਜਾਣਾ ਹੈ।" ਜਾਂਚ ਦੌਰਾਨ ਸਾਹਮਣੇ ਆਇਆ ਕਿ ਉਹ ਪੀਸੀਐਸ ਅਫਸਰ ਨਹੀਂ ਹੈ ਅਤੇ ਇਨੋਵਾ ਵੀ ਸਰਕਾਰੀ ਨਹੀਂ, ਸਗੋਂ ਉਸ ਦੀ ਮਾਂ ਦੇ ਨਾਂ 'ਤੇ ਰਜਿਸਟਰਡ ਪ੍ਰਾਈਵੇਟ ਗੱਡੀ ਹੈ। ਪੁਲਿਸ ਨੂੰ ਮਾਮਲੇ ਦੀ ਜਾਣਕਾਰੀ ਮਿਲਣ ਤੋਂ ਬਾਅਦ ਗੱਡੀ ਤੋਂ ਲਾਲਬੱਤੀ ਅਤੇ ਸਰਕਾਰੀ ਸਟੀਕਰ ਹਟਵਾ ਕੇ ਚਲਾਨ ਕੀਤਾ ਗਿਆ।

## ਪਾਕਿਸਤਾਨ 'ਚ ਢਾਹਿਆ ਗੁਰਦੁਆਰਾ ਸਾਹਿਬ, ਹੁਣ ਬਣੇਗਾ ਮਾਲ

### ਭਾਜਪਾ ਦੇ ਰਾਸ਼ਟਰੀ ਬੁਲਾਰੇ ਆਰਪੀ ਸਿੰਘ ਨੇ ਜਾਂਚ ਦੀ ਕੀਤੀ ਮੰਗ

ਨਵੀਂ ਦਿੱਲੀ, 28 ਅਗਸਤ (ਆਵਾਜ਼ਿ ਕੌਮ ਬਿਊਰੋ)- ਪਾਕਿਸਤਾਨ ਦੇ ਬਲੋਚਿਸਤਾਨ ਵਿੱਚ ਇੱਕ ਇਤਿਹਾਸਕ ਗੁਰਦੁਆਰਾ ਸਾਹਿਬ ਨੂੰ ਢਾਹ ਦਿੱਤਾ ਗਿਆ ਹੈ। ਹੁਣ ਇਸ ਜਗ੍ਹਾ 'ਤੇ ਇੱਕ ਮਾਲ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਬਲੋਚਿਸਤਾਨ ਸਿੱਖ ਸਭਾ ਅਨੁਸਾਰ,



ਇਹ ਪਾਕਿਸਤਾਨ ਵਿੱਚ ਸਿੱਖ ਧਾਰਮਿਕ ਵਿਰਾਸਤ ਦੇ ਵਿਨਾਸ਼ ਅਤੇ ਉਸ ਨੂੰ ਹੌਲੀ-ਹੌਲੀ ਮਿਟਾਏ ਜਾਣ ਦੀ ਇੱਕ ਚਿੰਤਾਜਨਕ ਉਦਾਹਰਨ ਹੈ। ਪਾਕਿਸਤਾਨ ਦੇ ਸਿੱਖ ਭਾਈਚਾਰੇ ਤੋਂ ਮਿਲੀ ਜਾਣਕਾਰੀ ਅਨੁਸਾਰ ਬਲੋਚਿਸਤਾਨ ਵਿੱਚ ਕਦੇ 12 ਗੁਰਦੁਆਰਾ ਸਾਹਿਬ ਹੁੰਦੇ ਸਨ। ਹੁਣ ਇਨ੍ਹਾਂ ਵਿੱਚੋਂ ਸਿਰਫ਼ 2 ਹੀ ਬਚੇ ਹਨ। ਉੱਥੇ ਹੀ ਪੂਰੇ ਪਾਕਿਸਤਾਨ ਵਿੱਚ ਵੀ ਇਤਿਹਾਸਕ ਸਿੱਖ ਧਾਰਮਿਕ ਅਸਥਾਨਾਂ ਦੀ ਗਿਣਤੀ ਲਗਾਤਾਰ ਘੱਟ ਰਹੀ ਹੈ। ਸਿੱਖ ਭਾਈਚਾਰੇ ਦਾ ਕਹਿਣਾ ਹੈ ਕਿ ਗੁਰਦੁਆਰਾ ਸਾਹਿਬ ਸਿਰਫ਼ ਇੱਕ ਇਮਾਰਤ ਜਾਂ ਜ਼ਮੀਨ ਦਾ ਟੁਕੜਾ ਨਹੀਂ, ਸਗੋਂ ਸਿੱਖ ਧਰਮ ਅਤੇ ਇਤਿਹਾਸ ਨਾਲ ਜੁੜੀ ਮਹੱਤਵਪੂਰਨ ਧਾਰਮਿਕ ਵਿਰਾਸਤ ਹਨ। ਆਰਪੀ ਸਿੰਘ ਨੇ ਮੰਗ ਕੀਤੀ ਕਿ ਗੁਰਦੁਆਰਾ ਸਾਹਿਬ ਦੀ ਜ਼ਮੀਨ 'ਤੇ ਹੋ ਰਹੇ ਕਿਸੇ ਵੀ ਵਪਾਰਕ ਨਿਰਮਾਣ ਨੂੰ ਤੁਰੰਤ ਰੋਕਿਆ ਜਾਵੇ। ਇਸ ਦੇ ਨਾਲ ਹੀ ਇਤਿਹਾਸਕ ਗੁਰਦੁਆਰਾ ਕੰਪਲੈਕਸ ਦਾ ਮੁੜ ਨਿਰਮਾਣ, ਸੰਭਾਲ ਅਤੇ ਪੁਨਰਸਥਾਪਨਾ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਬਲੋਚਿਸਤਾਨ ਸਮੇਤ ਪੂਰੇ ਪਾਕਿਸਤਾਨ ਵਿੱਚ ਬਚੇ ਹੋਏ ਸਾਰੇ ਗੁਰਦੁਆਰਿਆਂ ਅਤੇ ਸਿੱਖ ਧਾਰਮਿਕ ਜਾਇਦਾਦਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਵੀ ਮੰਗ ਕੀਤੀ। ਆਰਪੀ ਸਿੰਘ ਨੇ ਕਿਹਾ ਕਿ ਗੁਰਦੁਆਰਾ ਢਾਹੁਣ ਅਤੇ ਉਸ ਤੋਂ ਬਾਅਦ ਉੱਥੇ ਵਪਾਰਕ ਨਿਰਮਾਣ ਕਰਵਾਉਣ ਲਈ ਜ਼ਿੰਮੇਵਾਰ ਲੋਕਾਂ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਭਾਰਤ ਸਰਕਾਰ ਪਹਿਲਾਂ ਹੀ ਫਾਰੂਕਾਬਾਦ ਸਥਿਤ 125 ਸਾਲ ਪੁਰਾਣੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਨੂੰ ਹਾਲ ਹੀ ਵਿੱਚ ਢਾਹੇ ਜਾਣ ਦੀ ਸਖ਼ਤ ਨਿੰਦਾ ਕਰ ਚੁੱਕੀ ਹੈ। ਸਰਕਾਰ ਨੇ ਇਸ ਨੂੰ "ਬਹੁਤ ਹੀ ਨਿੰਦਣਯੋਗ ਅਤੇ ਨਿਸ਼ਾਨਾ ਬਣਾ ਕੇ ਕੀਤੀ ਗਈ ਤੋੜਫੋੜ" ਕਰਾਰ ਦਿੰਦਿਆਂ ਗੁਰਦੁਆਰੇ ਦੀ ਮੁੜ ਬਹਾਲੀ ਦੀ ਮੰਗ ਕੀਤੀ ਹੈ। ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਤੁਰੰਤ ਨੋਟਿਸ ਲੈਣ ਦੀ ਅਪੀਲ ਕੀਤੀ ਗਈ ਹੈ। ਐਕਸ 'ਤੇ ਪੋਸਟ ਕਰਦਿਆਂ ਆਰਪੀ ਸਿੰਘ ਨੇ ਕਿਹਾ ਕਿ ਪਾਕਿਸਤਾਨ ਵਿੱਚ ਸਿੱਖ ਧਾਰਮਿਕ ਵਿਰਾਸਤ ਦੇ ਕਥਿਤ ਵਿਨਾਸ਼ ਦੇ ਮਾਮਲੇ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਖ਼ਤ ਅਤੇ ਸਪੱਸ਼ਟ ਬਿਆਨ ਜਾਰੀ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇ ਅੱਜ ਇਤਿਹਾਸਕ ਗੁਰਦੁਆਰਿਆਂ ਨੂੰ ਢਾਹ ਦਿੱਤਾ ਜਾਵੇ ਅਤੇ ਕੱਲ੍ਹ ਉਸੇ ਥਾਂ 'ਤੇ ਮਾਲ ਖੜ੍ਹੇ ਕਰ ਦਿੱਤੇ ਜਾਣ, ਤਾਂ ਦੁਨੀਆ ਮੂਕ ਦਰਸ਼ਕ ਬਣ ਕੇ ਨਹੀਂ ਰਹਿ ਸਕਦੀ।

## ਰੱਖੜੀ 'ਤੇ ਮਹਿਲਾਵਾਂ ਦੇ ਮੋਬਾਈਲਾਂ 'ਤੇ ਮੁੜ ਹੋਈ ਟੂੰ-ਟੂੰ, ਸੀਐਮ ਮਾਨ ਨੇ ਖਾਤਿਆਂ 'ਚ ਪੈਸੇ ਭੇਜੇ



ਬਾਬਾ ਬਕਾਲਾ, 28 ਅਗਸਤ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਦੇ ਬਾਬਾ ਬਕਾਲਾ ਵਿੱਚ ਰੱਖੜੀ ਦੇ ਤਿਉਹਾਰ ਮੌਕੇ ਸੀਐਮ ਭਗਵੰਤ ਮਾਨ ਨੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਤੀਜੀ ਕਿਸ਼ਤ ਦੀ ਰਾਸ਼ੀ ਔਰਤਾਂ ਦੇ ਖਾਤਿਆਂ ਵਿੱਚ ਟਰਾਂਸਫਰ ਕੀਤੀ। ਇਸ ਤਹਿਤ ਸ਼ੁੱਕਰਵਾਰ ਨੂੰ 5.30 ਲੱਖ ਔਰਤਾਂ ਨੂੰ 3000 ਰੁਪਏ (ਜਨਰਲ) ਅਤੇ 4500 ਰੁਪਏ ਦਿੱਤੇ ਗਏ। ਕੁੱਲ 5 ਲੱਖ 30 ਹਜ਼ਾਰ 303 ਖਾਤਿਆਂ ਵਿੱਚ ਪੈਸੇ ਪਾਏ ਗਏ। ਯੋਜਨਾ ਤਹਿਤ ਹੁਣ ਤੱਕ 70 ਲੱਖ 92 ਹਜ਼ਾਰ ਔਰਤਾਂ ਰਜਿਸਟਰਡ ਹਨ। ਇਨ੍ਹਾਂ ਦੇ ਖਾਤਿਆਂ ਵਿੱਚ 181 ਕਰੋੜ ਰੁਪਏ ਪਾਏ ਗਏ ਹਨ। ਇਸ ਤੋਂ ਪਹਿਲਾਂ 1 ਜੁਲਾਈ ਨੂੰ ਪਹਿਲੀ ਅਤੇ 1 ਅਗਸਤ ਨੂੰ ਦੂਜੀ ਕਿਸ਼ਤ ਜਾਰੀ ਕੀਤੀ ਗਈ ਸੀ। ਇਸ ਯੋਜਨਾ ਦੇ ਤਹਿਤ ਜਨਰਲ ਵਰਗ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਮਿਲਦੇ ਹਨ, ਜਦੋਂ ਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਮਿਲਦੇ ਹਨ। ਸਰਕਾਰ ਦਾ ਕਹਿਣਾ ਹੈ ਕਿ ਇਸ ਯੋਜਨਾ ਦਾ ਉਦੇਸ਼ ਔਰਤਾਂ ਨੂੰ ਵਿੱਤੀ ਤੌਰ 'ਤੇ ਸਸ਼ਕਤ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਛੋਟੇ ਅਤੇ ਵੱਡੇ ਖਰਚਿਆਂ ਲਈ ਆਤਮਨਿਰਭਰ ਬਣਾਉਣਾ ਹੈ। ਰੱਖੜ ਪੁੰਨਿਆ ਦੇ ਮੌਕੇ 'ਤੇ ਆਯੋਜਿਤ ਰਾਜ ਪੱਧਰੀ ਸਮਾਗਮ ਦੌਰਾਨ, ਮੁੱਖ ਮੰਤਰੀ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਯੋਜਨਾ ਸੰਬੰਧੀ ਭਵਿੱਖ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਵੀ ਸਾਂਝੀ ਕਰ ਸਕਦੇ ਹਨ।




### ਪੰਜਾਬ 'ਚ ਅਕਾਲੀ-ਭਾਜਪਾ ਦਾ ਗਠਜੋੜ ਤੈਅ

## ਸੀਟ ਸ਼ੇਅਰਿੰਗ ਨੂੰ ਲੈ ਕੇ ਸੁਖਬੀਰ ਦੀ ਭਾਜਪਾ ਇੰਚਾਰਜ ਦੇ ਨਾਲ ਹੋਈ ਮੀਟਿੰਗ

ਚੰਡੀਗੜ੍ਹ, 28 ਅਗਸਤ (ਆਵਾਜ਼ਿ ਕੌਮ ਬਿਊਰੋ)-ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਅਤੇ ਅਕਾਲੀ ਦਲ ਵਿਚਾਲੇ ਗਠਜੋੜ ਤੈਅ ਹੋ ਗਿਆ ਹੈ। ਅਗਲੇ ਮਹੀਨੇ ਯਾਨੀ ਸਤੰਬਰ ਵਿੱਚ ਇਸ ਦਾ ਐਲਾਨ ਹੋ ਸਕਦਾ ਹੈ। ਫਿਲਹਾਲ ਸੀਟਾਂ ਦੀ ਵੰਡ ਨੂੰ ਲੈ ਕੇ ਚਰਚਾ ਚੱਲ ਰਹੀ ਹੈ। ਭਾਜਪਾ ਇਸ ਵਾਰ ਅਕਾਲੀ ਦਲ ਨਾਲੋਂ ਵੱਧ ਸੀਟਾਂ 'ਤੇ ਚੋਣ ਲੜਨਾ ਚਾਹੁੰਦੀ ਹੈ, ਜਿਸ ਕਾਰਨ ਸੀਟ ਸ਼ੇਅਰਿੰਗ ਨੂੰ ਅੰਤਿਮ ਰੂਪ ਦੇਣਾ ਅਜੇ ਬਾਕੀ ਹੈ। ਭਾਜਪਾ ਨਾਲ ਜੁੜੇ ਸੂਤਰਾਂ ਮੁਤਾਬਕ ਇਸ ਗਠਜੋੜ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਖੁਦ ਸਿੱਧੇ ਤੌਰ 'ਤੇ ਸ਼ਾਮਲ ਹਨ। ਗਠਜੋੜ ਨੂੰ ਲੈ ਕੇ ਹੋ ਰਹੀ ਹਲਚਲ ਬਾਰੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਦੇ ਨਾਲ-ਨਾਲ ਪੀਐਮ ਮੋਦੀ ਨੂੰ ਵੀ ਲਗਾਤਾਰ ਅਪਡੇਟ ਦਿੱਤੇ ਜਾ ਰਹੇ ਹਨ। ਇਸੇ ਦੌਰਾਨ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਭਾਜਪਾ ਦੇ ਪੰਜਾਬ ਚੋਣ ਇੰਚਾਰਜ ਅਤੇ ਕੇਂਦਰੀ ਮੰਤਰੀ ਸੀ.ਆਰ. ਪਾਟਿਲ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਦੋਵਾਂ ਆਗੂਆਂ ਵਿਚਾਲੇ ਗਠਜੋੜ ਦੇ ਰੋਡਮੈਪ 'ਤੇ ਚਰਚਾ ਹੋਈ। ਇਸ ਤੋਂ ਪਹਿਲਾਂ ਭਾਜਪਾ ਪ੍ਰਧਾਨ ਨਿਤਿਨ ਨਵੀਨ ਨੇ ਪੰਜਾਬ ਨੂੰ ਲੈ ਕੇ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਮੀਟਿੰਗ ਕੀਤੀ। ਇਸ ਵਿੱਚ ਪੰਜਾਬ ਦੇ ਸੰਗਠਨ ਇੰਚਾਰਜ ਡਾ. ਸਤੀਸ਼ ਪੂਨੀਆ ਵੀ ਸ਼ਾਮਲ ਹੋਏ। ਇਸ ਦੌਰਾਨ ਸੰਗਠਨ ਮਹਾਮੰਤਰੀ ਬੀ.ਐਲ. ਸੰਤੋਸ਼ ਨੇ ਪੰਜਾਬ ਦੌਰੇ ਦੀ ਰਿਪੋਰਟ ਵੀ ਉਨ੍ਹਾਂ ਦੇ ਸਾਹਮਣੇ ਰੱਖੀ। ਕਿਸਾਨ ਅੰਦੋਲਨ ਦੌਰਾਨ ਕਰੀਬ ਢਾਈ ਦਹਾਕੇ ਪੁਰਾਣਾ ਗਠਜੋੜ ਟੁੱਟਣ ਤੋਂ ਬਾਅਦ ਹੁਣ ਦੋਵੇਂ ਪਾਰਟੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੁੜ ਇਕੱਠੇ ਆਉਣ ਦੀ ਤਿਆਰੀ ਕਰ ਰਹੀਆਂ ਹਨ। ਇਸ ਤੋਂ ਪਹਿਲਾਂ ਪੀਐਮ ਨਰਿੰਦਰ ਮੋਦੀ ਨੇ ਹਾਲ ਹੀ ਵਿੱਚ ਸੀ.ਆਰ. ਪਾਟਿਲ ਅਤੇ ਰਵਨੀਤ ਬਿੱਟੂ ਨਾਲ ਪੰਜਾਬ ਨੂੰ ਲੈ ਕੇ ਮੀਟਿੰਗ ਕੀਤੀ ਸੀ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ – 20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ – 1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


ਪਵਿੱਤਰ ਆਤਮਾ, ਪਰਉਪਕਾਰੀ ਮਹਾਂਪੁਰਖ
ਸੰਤ ਬਾਬਾ ਅਜਾਇਬ ਸਿੰਘ ਜੀ
ਬੋਪਾਰਾਏ ਕਲਾਂ
(ਸੰਤ ਬਾਬਾ ਸੁੰਦਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ , ਦਮਦਮੀ ਟਕਸਾਲ ਦੇ ੧੨ਵੇਂ ਮੁਖੀ ) ਮਹਾਂਪੁਰਖਾਂ ਦੇ ਵਿਦਿਆਰਥੀ ਅਤੇ ਗੜ੍ਹਵਈ ਸਿੰਘ ( ਬਾਬਾ ਅਜਾਇਬ ਸਿੰਘ ਜੀ) ਦੇ
ਬਰਸੀ ਜੋੜ ਸਮਾਗਮ
28 ਅਗਸਤ ਤੋਂ ਆਰੰਭ ਹੋਵੇਗਾ
5, 6, 7 ਸਤੰਬਰ – 22 ਭਾਦਰੋਂ ਨੂੰ ਸੰਪੂਰਨ ਹੋਵੇਗਾ
ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜਥੇ, ਢਾਡੀ-ਕਵੀਸ਼ਰ ਜਥੇ, ਕਥਾਵਾਚਕ, ਪ੍ਰਚਾਰਕ ਅਤੇ ਮਹਾਨ ਪਵਿੱਤਰ ਰੂਹਾਂ ਸੰਗਤਾਂ ਨੂੰ ਗੁਰੂ ਨਾਲ ਜੋੜ ਕੇ ਨਿਹਾਲ ਕਰਨਗੇ।
8 ਸਤੰਬਰ ਨੂੰ
ਖੰਡੇ ਬਾਟੇ ਦੀ ਪਾਹੁਲ ਤਿਆਰ ਹੋਵੇਗੀ
ਅੰਮ੍ਰਿਤ ਅਭਿਲਾਖੀਆਂ ਨੇ ਗੁਰੂ ਵਾਲੇ ਬਣ ਕੇ ਜ਼ਰੂਰ ਲਾਹੇ ਲੈਣੇ ਜੀ
ਅਸਥਾਨ
ਪੰਥ ਦੇ ਵਾਲੀ, ਅੰਮ੍ਰਿਤ ਕੇ ਦਾਤੇ, ਸਾਹਿਬ-ਏ-ਕਮਾਲ
ਸਤਿਗੁਰੂ ਸੱਚੇ ਪਾਤਸ਼ਾਹ ਜੀ ਮਹਾਰਾਜ
ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਅਸਥਾਨ
ਗੁਰਦੁਆਰਾ ਗੁਰੂਸਰ ਪੰਜੂਆਣਾ ਸਾਹਿਬ
ਪਾਤਸ਼ਾਹੀ ਦਸਵੀਂ, ਲੰਮਾ ਨਗਰ
ਬੇਨਤੀ ਕਰਤਾ =
ਸੰਤ ਬਾਬਾ ਬਲਬੀਰ ਸਿੰਘ ਜੀ ਲੰਮਾ ਜੱਟਪੁਰਾ
ਸਮੂਹ ਸੰਗਤਾਂ ਨੂੰ ਹੁੰਮ-ਹੁੰਮਾ ਕੇ ਪਹੁੰਚਣ ਦੀ ਬੇਨਤੀ ਹੈ ਜੀ।


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖ਼ਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਸਲਾਨਾ ਜੋੜ ਮੇਲਾ ਰੱਖੜ ਪੁੰਨਿਆ ਬਾਬਾ ਬਕਾਲਾ ਸਾਹਿਬ ਜੀ,
ਜਨਮ ਦਿਹਾੜਾ : ਪਿਆਰੇ ਭਾਈ ਦਇਆ ਸਿੰਘ ਸਾਹਿਬ ਜੀ ,
ਪਹਿਲਾ ਪ੍ਰਕਾਸ਼ : ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ
ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 29 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਹਰ ਐਤਵਾਰ 30 ਅਗਸਤ 2026 ਚੌਪੈਹਿਰਾ ਸਾਹਿਬ ਦੀ ਅਰੰਭਤਾ 6:30 ਹੋਵੇਗੀ ਸਮੇਤ ਸੁਖਮਨੀ ਸਾਹਿਬ ਜੀ ਦੇ ਭੋਗ 10:00 ਵਜੇ ਪੈਣਗੇ ਉਪਰੰਤ 12:30 ਵਜੇ ਤੱਕ ਖੁੱਲੇ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਸੱਜਣ ਕੁਮਾਰ ਦੇ ਭੋਗ 'ਤੇ ਸਿਆਸੀ ਘਮਾਸਾਨ, ਹਾਜ਼ਰੀ ਤੋਂ 'ਰੋਲ ਮਾਡਲ' ਤੱਕ ਵਿਵਾਦ

## 1984 ਦੇ ਸਿੱਖ ਕਤਲੇਆਮ ਨਾਲ ਜੁੜੇ ਸੱਜਣ ਕੁਮਾਰ ਦੇ ਭੋਗ 'ਚ ਸਿਆਸੀ ਆਗੂਆਂ ਦੀ ਸ਼ਮੂਲੀਅਤ 'ਤੇ ਉੱਠੇ ਸਵਾਲ; ਕਥਿਤ 'ਰੋਲ ਮਾਡਲ' ਟਿੱਪਣੀ ਨੇ ਛੇੜਿਆ ਨਵਾਂ ਵਿਵਾਦ


ਚੰਡੀਗੜ੍ਹ:, 28 ਅਗਸਤ (ਆਵਾਜ਼ਿ ਕੌਮ ਬਿਊਰੋ)– 1984 ਦੇ ਸਿੱਖ ਕਤਲੇਆਮ ਨਾਲ ਜੁੜੇ ਮਾਮਲਿਆਂ ਕਾਰਨ ਲੰਮੇ ਸਮੇਂ ਤੋਂ ਵਿਵਾਦਾਂ ਵਿੱਚ ਰਹੇ ਸਾਬਕਾ ਕਾਂਗਰਸੀ ਆਗੂ ਸੱਜਣ ਕੁਮਾਰ ਦੇ ਭੋਗ ਨੂੰ ਲੈ ਕੇ ਪੰਜਾਬ ਦੀ ਸਿਆਸਤ ਵਿੱਚ ਘਮਾਸਾਨ ਮਚ ਗਿਆ ਹੈ। ਭੋਗ ਸਮਾਗਮ ਵਿੱਚ ਸਿਆਸੀ ਆਗੂਆਂ ਦੀ ਹਾਜ਼ਰੀ ਤੋਂ ਲੈ ਕੇ ਸੱਜਣ ਕੁਮਾਰ ਬਾਰੇ ਕੀਤੀ ਗਈ ਕਥਿਤ 'ਰੋਲ ਮਾਡਲ' ਵਾਲੀ ਟਿੱਪਣੀ ਤੱਕ ਮਾਮਲਾ ਸਿਆਸੀ ਤਕਰਾਰ ਦਾ ਕੇਂਦਰ ਬਣ ਗਿਆ ਹੈ। ਸੱਜਣ ਕੁਮਾਰ ਦਾ ਨਾਮ 1984 ਦੇ ਸਿੱਖ ਕਤਲੇਆਮ ਨਾਲ ਜੁੜੇ ਚਰਚਿਤ ਮਾਮਲਿਆਂ ਵਿੱਚ ਰਿਹਾ ਹੈ। ਉਨ੍ਹਾਂ ਖ਼ਿਲਾਫ਼ ਲੰਬੀ ਕਾਨੂੰਨੀ ਲੜਾਈ ਚੱਲੀ ਅਤੇ ਇੱਕ ਮਾਮਲੇ ਵਿੱਚ ਅਦਾਲਤ ਵੱਲੋਂ ਉਨ੍ਹਾਂ ਨੂੰ ਦੋਸ਼ੀ ਠਹਿਰਾਇਆ ਗਿਆ। ਇਸ ਪਿਛੋਕੜ ਵਿੱਚ ਉਨ੍ਹਾਂ ਦੀ ਮੌਤ ਤੋਂ ਬਾਅਦ ਹੋਏ ਭੋਗ ਸਮਾਗਮ ਨੂੰ ਲੈ ਕੇ ਸਿੱਖ ਭਾਈਚਾਰੇ ਅਤੇ 1984 ਦੇ ਕਤਲੇਆਮ ਤੋਂ ਪ੍ਰਭਾਵਿਤ ਪਰਿਵਾਰਾਂ ਦੀਆਂ ਭਾਵਨਾਵਾਂ ਮੁੜ ਚਰਚਾ ਵਿੱਚ ਆ ਗਈਆਂ ਹਨ।

**ਭੋਗ 'ਚ ਸਿਆਸੀ ਹਾਜ਼ਰੀ ਨੇ ਚੁੱਕੇ ਸਵਾਲ**

ਸੱਜਣ ਕੁਮਾਰ ਦੇ ਭੋਗ ਵਿੱਚ ਕੁਝ ਸਿਆਸੀ ਆਗੂਆਂ ਦੇ ਪਹੁੰਚਣ ਤੋਂ ਬਾਅਦ ਇਸ ਨੂੰ ਲੈ ਕੇ ਸਿਆਸੀ ਧਿਰਾਂ ਨੇ ਸਵਾਲ ਉਠਾਉਣੇ ਸ਼ੁਰੂ ਕਰ ਦਿੱਤੇ। ਵਿਰੋਧੀ ਧਿਰਾਂ ਦਾ ਤਰਕ ਹੈ ਕਿ 1984 ਦੇ ਸਿੱਖ ਕਤਲੇਆਮ ਨਾਲ ਜੁੜੇ ਮਾਮਲੇ ਵਿੱਚ ਦੋਸ਼ੀ ਠਹਿਰਾਏ ਗਏ ਵਿਅਕਤੀ ਦੇ ਭੋਗ ਵਿੱਚ ਸਿਆਸੀ ਆਗੂਆਂ ਦੀ ਸ਼ਮੂਲੀਅਤ ਨੂੰ ਆਮ ਘਟਨਾ ਵਜੋਂ ਨਹੀਂ ਦੇਖਿਆ ਜਾ ਸਕਦਾ। ਮਾਮਲੇ ਨੂੰ ਲੈ ਕੇ ਕਾਂਗਰਸ ਤੋਂ ਆਪਣਾ ਰੁਖ ਸਪੱਸ਼ਟ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਖ਼ਾਸ ਤੌਰ 'ਤੇ ਇਹ ਸਵਾਲ ਉੱਠ ਰਿਹਾ ਹੈ ਕਿ ਪਾਰਟੀ 1984 ਦੇ ਸਿੱਖ ਕਤਲੇਆਮ ਅਤੇ ਇਸ ਨਾਲ ਪ੍ਰਭਾਵਿਤ ਪਰਿਵਾਰਾਂ ਦੇ ਮੁੱਦੇ ਨੂੰ ਕਿਸ ਨਜ਼ਰੀਏ ਨਾਲ ਦੇਖਦੀ ਹੈ।

**'ਰੋਲ ਮਾਡਲ' ਟਿੱਪਣੀ ਨਾਲ ਭੜਕਿਆ ਮਾਮਲਾ**

ਵਿਵਾਦ ਨੂੰ ਹੋਰ ਤੂਲ ਉਸ ਵੇਲੇ ਮਿਲੀ ਜਦੋਂ ਕਾਂਗਰਸ ਦੇ ਸੰਸਦ ਮੈਂਬਰ ਦੀਪੇਂਦਰ ਸਿੰਘ ਹੁੱਡਾ ਨਾਲ ਜੋੜੀ ਗਈ ਇੱਕ ਟਿੱਪਣੀ ਵਿੱਚ ਸੱਜਣ ਕੁਮਾਰ ਨੂੰ 'ਰੋਲ ਮਾਡਲ' ਦੱਸੇ ਜਾਣ ਦੀ ਗੱਲ ਸਾਹਮਣੇ ਆਈ। ਇਸ ਕਥਿਤ ਟਿੱਪਣੀ ਨੇ ਸਿਆਸੀ ਮਾਹੌਲ ਗਰਮਾ ਦਿੱਤਾ। ਸਿੱਖ ਜਥੇਬੰਦੀਆਂ ਅਤੇ ਵੱਖ-ਵੱਖ ਸਿਆਸੀ ਧਿਰਾਂ ਵੱਲੋਂ ਇਸ 'ਤੇ ਇਤਰਾਜ਼ ਜਤਾਇਆ ਗਿਆ। ਵਿਰੋਧ ਕਰਨ ਵਾਲਿਆਂ ਦਾ ਕਹਿਣਾ ਹੈ ਕਿ 1984 ਦੇ ਸਿੱਖ ਕਤਲੇਆਮ ਨਾਲ ਜੁੜੇ ਮਾਮਲੇ ਵਿੱਚ ਦੋਸ਼ੀ ਠਹਿਰਾਏ ਗਏ ਵਿਅਕਤੀ ਨੂੰ 'ਰੋਲ ਮਾਡਲ' ਵਜੋਂ ਪੇਸ਼ ਕਰਨਾ ਪੀੜਤ ਪਰਿਵਾਰਾਂ ਦੀਆਂ ਭਾਵਨਾਵਾਂ ਨਾਲ ਜੁੜਿਆ ਬੇਹੱਦ ਗੰਭੀਰ ਮਾਮਲਾ ਹੈ। ਇਸ ਮਾਮਲੇ ਨੂੰ ਲੈ ਕੇ ਦਿੱਲੀ ਵਿੱਚ ਵੀ ਵਿਰੋਧ ਪ੍ਰਦਰਸ਼ਨ ਹੋਇਆ ਅਤੇ ਕਾਂਗਰਸ ਤੋਂ ਸਪੱਸ਼ਟੀਕਰਨ ਅਤੇ ਮੁਆਫ਼ੀ ਦੀ ਮੰਗ ਕੀਤੀ ਗਈ।



**ਪੰਜਾਬ ਕਾਂਗਰਸ ਨੇ ਬਣਾਈ ਦੂਰੀ**

ਵਿਵਾਦ ਵਧਣ ਤੋਂ ਬਾਅਦ ਪੰਜਾਬ ਕਾਂਗਰਸ ਵੱਲੋਂ ਹੁੱਡਾ ਦੀ ਕਥਿਤ ਟਿੱਪਣੀ ਤੋਂ ਦੂਰੀ ਬਣਾਈ ਗਈ। ਪਾਰਟੀ ਵੱਲੋਂ ਇਹ ਸਪੱਸ਼ਟ ਕਰਨ ਦੀ ਕੋਸ਼ਿਸ਼ ਕੀਤੀ ਗਈ ਕਿ ਕਿਸੇ ਆਗੂ ਵੱਲੋਂ ਕੀਤੀ ਨਿੱਜੀ ਟਿੱਪਣੀ ਨੂੰ ਪਾਰਟੀ ਦੀ ਅਧਿਕਾਰਤ ਸੋਚ ਨਹੀਂ ਮੰਨਿਆ ਜਾ ਸਕਦਾ। ਪਾਰਟੀ ਵੱਲੋਂ 1984 ਦੇ ਸਿੱਖ ਕਤਲੇਆਮ ਵਿੱਚ ਮਾਰੇ ਗਏ ਲੋਕਾਂ ਅਤੇ ਪ੍ਰਭਾਵਿਤ ਪਰਿਵਾਰਾਂ ਪ੍ਰਤੀ ਹਮਦਰਦੀ ਦਾ ਪ੍ਰਗਟਾਵਾ ਵੀ ਕੀਤਾ ਗਿਆ। ਦੂਜੇ ਪਾਸੇ ਦੀਪੇਂਦਰ ਹੁੱਡਾ ਵੱਲੋਂ ਵੀ ਆਪਣੀ ਕਥਿਤ ਟਿੱਪਣੀ ਬਾਰੇ ਸਪੱਸ਼ਟੀਕਰਨ ਦਿੱਤਾ ਗਿਆ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਗੱਲ ਨੂੰ ਗਲਤ ਸੰਦਰਭ ਵਿੱਚ ਪੇਸ਼ ਕੀਤਾ ਗਿਆ ਅਤੇ ਉਹ 1984 ਦੇ ਸਿੱਖ ਕਤਲੇਆਮ ਜਾਂ ਸੱਜਣ ਕੁਮਾਰ ਨਾਲ ਜੁੜੇ ਦੋਸ਼ਾਂ ਦਾ ਸਮਰਥਨ ਨਹੀਂ ਕਰਦੇ।

**ਪੀੜਤ ਪਰਿਵਾਰਾਂ ਦੀਆਂ ਭਾਵਨਾਵਾਂ ਮੁੜ ਕੇਂਦਰ ਵਿੱਚ**

ਇਸ ਪੂਰੇ ਵਿਵਾਦ ਦਾ ਸਭ ਤੋਂ ਸੰਵੇਦਨਸ਼ੀਲ ਪੱਖ 1984 ਦੇ ਸਿੱਖ ਕਤਲੇਆਮ ਤੋਂ ਪ੍ਰਭਾਵਿਤ ਪਰਿਵਾਰ ਹਨ। ਕਤਲੇਆਮ ਦੀਆਂ ਘਟਨਾਵਾਂ ਨਾਲ ਜੁੜੇ ਪਰਿਵਾਰ ਲੰਮੇ ਸਮੇਂ ਤੋਂ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਕਰਦੇ ਆ ਰਹੇ ਹਨ। ਅਜਿਹੇ ਵਿੱਚ ਸੱਜਣ ਕੁਮਾਰ ਬਾਰੇ ਕਿਸੇ ਵੀ ਤਰ੍ਹਾਂ ਦੀ ਪ੍ਰਸ਼ੰਸਾਤਮਕ ਟਿੱਪਣੀ ਨੂੰ ਲੈ ਕੇ ਸਿੱਖ ਜਥੇਬੰਦੀਆਂ ਵੱਲੋਂ ਸਖ਼ਤ ਪ੍ਰਤੀਕਿਰਿਆ ਸਾਹਮਣੇ ਆਉਣਾ ਸੁਭਾਵਿਕ ਮੰਨਿਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਕਿਹਾ ਜਾ ਰਿਹਾ ਹੈ ਕਿ ਕਤਲੇਆਮ ਦੀਆਂ ਯਾਦਾਂ ਅਜੇ ਵੀ ਪੀੜਤ ਪਰਿਵਾਰਾਂ ਦੇ ਮਨਾਂ ਵਿੱਚ ਤਾਜ਼ਾ ਹਨ ਅਤੇ ਇਸ ਮੁੱਦੇ ਨੂੰ ਸਿਆਸੀ ਨਜ਼ਰੀਏ ਨਾਲ ਨਹੀਂ, ਸਗੋਂ ਪੀੜਤਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖ ਕੇ ਦੇਖਿਆ ਜਾਣਾ ਚਾਹੀਦਾ ਹੈ।

**ਪੰਜਾਬ ਯੂਨੀਵਰਸਿਟੀ ਤੱਕ ਪਹੁੰਚਿਆ ਵਿਵਾਦ**

ਮਾਮਲਾ ਸਿਆਸੀ ਮੰਚਾਂ ਤੱਕ ਹੀ ਸੀਮਿਤ ਨਹੀਂ ਰਿਹਾ। ਪੰਜਾਬ ਯੂਨੀਵਰਸਿਟੀ ਵਿੱਚ ਵੀ ਵਿਦਿਆਰਥੀ ਜਥੇਬੰਦੀਆਂ ਵੱਲੋਂ ਸੱਜਣ ਕੁਮਾਰ ਦੀ ਕਥਿਤ ਪ੍ਰਸ਼ੰਸਾ ਦੇ ਵਿਰੋਧ ਵਿੱਚ ਪ੍ਰਦਰਸ਼ਨ ਕੀਤਾ ਗਿਆ। ਵਿਦਿਆਰਥੀਆਂ ਵੱਲੋਂ 1984 ਦੇ ਸਿੱਖ ਕਤਲੇਆਮ ਦਾ ਜ਼ਿਕਰ ਕਰਦਿਆਂ ਕਿਹਾ ਗਿਆ ਕਿ ਅਜਿਹੇ ਮਾਮਲਿਆਂ ਵਿੱਚ ਇਤਿਹਾਸਕ ਤੱਥਾਂ ਅਤੇ ਪੀੜਤਾਂ ਦੀਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

**ਸਿਆਸੀ ਪਾਰਟੀਆਂ ਆਹਮੋ-ਸਾਹਮਣੇ**

ਸੱਜਣ ਕੁਮਾਰ ਦੇ ਭੋਗ ਤੋਂ ਸ਼ੁਰੂ ਹੋਇਆ ਵਿਵਾਦ ਹੁਣ ਕਾਂਗਰਸ ਅਤੇ ਵਿਰੋਧੀ ਧਿਰਾਂ ਵਿਚਾਲੇ ਤਿੱਖੀ ਸਿਆਸੀ ਬਹਿਸ ਦਾ ਰੂਪ ਧਾਰ ਚੁੱਕਾ ਹੈ। ਵਿਰੋਧੀ ਧਿਰਾਂ ਕਾਂਗਰਸ ਨੂੰ ਘੇਰਦਿਆਂ ਪੁੱਛ ਰਹੀਆਂ ਹਨ ਕਿ 1984 ਦੇ ਸਿੱਖ ਕਤਲੇਆਮ ਨਾਲ ਜੁੜੇ ਮਾਮਲੇ ਵਿੱਚ ਦੋਸ਼ੀ ਠਹਿਰਾਏ ਗਏ ਵਿਅਕਤੀ ਬਾਰੇ ਪ੍ਰਸ਼ੰਸਾਤਮਕ ਭਾਸ਼ਾ ਕਿਵੇਂ ਵਰਤੀ ਜਾ ਸਕਦੀ ਹੈ। ਉੱਧਰ ਕਾਂਗਰਸ ਵੱਲੋਂ ਅਜਿਹੀਆਂ ਟਿੱਪਣੀਆਂ ਨੂੰ ਨਿੱਜੀ ਵਿਚਾਰ ਦੱਸ ਕੇ ਪਾਰਟੀ ਦੀ ਅਧਿਕਾਰਤ ਸੋਚ ਤੋਂ ਵੱਖ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

**1984 ਦਾ ਸਿੱਖ ਕਤਲੇਆਮ ਮੁੜ ਸਿਆਸੀ ਚਰਚਾ ਦੇ ਕੇਂਦਰ ਵਿੱਚ**

ਸੱਜਣ ਕੁਮਾਰ ਦੇ ਭੋਗ ਨੂੰ ਲੈ ਕੇ ਛਿੜਿਆ ਵਿਵਾਦ ਇੱਕ ਵਾਰ ਫਿਰ 1984 ਦੇ ਸਿੱਖ ਕਤਲੇਆਮ ਨੂੰ ਸਿਆਸੀ ਚਰਚਾ ਦੇ ਕੇਂਦਰ ਵਿੱਚ ਲੈ ਆਇਆ ਹੈ। ਸਿਆਸੀ ਹਾਜ਼ਰੀ, ਕਥਿਤ ਪ੍ਰਸ਼ੰਸਾਤਮਕ ਟਿੱਪਣੀਆਂ ਅਤੇ ਪਾਰਟੀਆਂ ਦੇ ਸਪੱਸ਼ਟੀਕਰਨਾਂ ਨੇ ਮਾਮਲੇ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ। ਹੁਣ ਵੱਡਾ ਸਵਾਲ ਇਹ ਹੈ ਕਿ ਸਿਆਸੀ ਧਿਰਾਂ ਇਸ ਮਾਮਲੇ 'ਤੇ ਅੱਗੇ ਕੀ ਰੁਖ ਅਪਣਾਉਂਦੀਆਂ ਹਨ ਅਤੇ ਕੀ 1984 ਦੇ ਸਿੱਖ ਕਤਲੇਆਮ ਤੋਂ ਪ੍ਰਭਾਵਿਤ ਪਰਿਵਾਰਾਂ ਦੀਆਂ ਭਾਵਨਾਵਾਂ ਨੂੰ ਇਸ ਪੂਰੀ ਬਹਿਸ ਵਿੱਚ ਕੇਂਦਰ ਵਿੱਚ ਰੱਖਿਆ ਜਾਂਦਾ ਹੈ। ਫਿਲਹਾਲ ਸੱਜਣ ਕੁਮਾਰ ਦੇ ਭੋਗ ਤੋਂ ਉੱਠਿਆ ਇਹ ਵਿਵਾਦ ਪੰਜਾਬ ਦੀ ਸਿਆਸਤ ਵਿੱਚ ਨਵੀਂ ਤਕਰਾਰ ਦਾ ਕਾਰਨ ਬਣਿਆ ਹੋਇਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਮੁੱਦੇ 'ਤੇ ਹੋਰ ਸਿਆਸੀ ਪ੍ਰਤੀਕਿਰਿਆਵਾਂ ਸਾਹਮਣੇ ਆਉਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਰਾੜਾ ਸਾਹਿਬ (ਜਰਗ) ਵਿਖੇ ਸੰਤ ਬਾਬਾ ਈਸ਼ਰ ਸਿੰਘ ਜੀ ਦੀ ਯਾਦ ਵਿੱਚ ਗੁਰਮਤਿ ਸਮਾਗਮ









ਗੁਰਦੁਆਰਾ ਰਾੜਾ ਸਾਹਿਬ ਜਰਗ ਵਿਖੇ ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਾਬਾ ਈਸ਼ਰ ਸਿੰਘ ਜੀ ਦੀ ਯਾਦ ਵਿੱਚ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀਆਂ ਲਗਵਾ ਕੇ ਗੁਰੂ ਜਸ ਸਰਵਣ ਕੀਤਾ। ਇਸ ਮੌਕੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਤੇ ਪੰਥਕ ਅਕਾਲੀ ਲਹਿਰ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਨੇ ਸੰਗਤਾਂ ਨੂੰ ਸੰਤ ਬਾਬਾ ਈਸ਼ਰ ਸਿੰਘ ਦੁਆਰਾ ਕੀਤੀ ਸਾਧਨਾ ਅਤੇ ਉਹਨਾਂ ਦੁਆਰਾ ਖਾਲਸਾ ਧਰਮ ਲਈ ਕੀਤੇ ਹੋਏ ਪ੍ਰਚਾਰ ਨੂੰ ਮੁੱਖ ਰੱਖਦਿਆਂ ਵੱਧ ਤੋਂ ਵੱਧ ਲਾਹਾ ਲੈ ਕੇ ਅੰਮ੍ਰਿਤਧਾਰੀ ਹੋ ਕੇ ਆਪਣੇ ਜੀਵਨ ਬਤੀਤ ਕਰਨ ਦੀ ਅਪੀਲ ਕੀਤੀ। ਆਪਣੇ ਆਪ ਨੂੰ ਗੁਰੂ ਸਾਹਿਬ ਜੀ ਦੇ ਨਾਲ ਜੋੜ ਕੇ ਕੌਮ ਦੇ ਨਾਲ ਵਫਾ ਕਰੋ ਕਿਉਂਕਿ ਅੱਜ ਜੋ ਸਾਡੀ ਅਧੋਗਤੀ ਹੋ ਰਹੀ ਹੈ, ਨਾ ਸਾਡੀ ਧਰਮ ਸੰਸਦ ਰਹੀ, ਨਾ ਅਕਾਲ ਤਖਤ ਰਿਹਾ ਨਾ ਸਿਧਾਂਤ ਰਹੇ, ਨਾ ਹੀ ਗੁਰੂ ਦੀ ਗੋਲਕ ਅਤੇ ਜਾਇਦਾਦਾਂ ਰਹੀਆਂ। ਇਹ ਜੋ ਸਾਰਾ ਨੁਕਸਾਨ ਹੋ ਰਿਹਾ ਹੈ, ਉਹ ਔਰੰਗਜ਼ੇਬ ਦੀ ਨੀਤੀ ਕਰਕੇ ਹੋ ਰਿਹਾ ਹੈ ਕਿਉਂਕਿ ਔਰੰਗਜ਼ੇਬ ਦੀ ਨੀਤੀ ਸੱਚੀ ਪਾਤਸ਼ਾਹੀ ਦੀ ਪ੍ਰਤੀਕ ਅਕਾਲ ਤਖ਼ਤ ਸਾਹਿਬ ਜੀ ਦੀ ਨੀਤੀ 'ਤੇ ਭਾਰੂ ਹੋ ਚੁੱਕੀ ਹੈ। ਸਾਡੀਆਂ ਅੱਖਾਂ ਸਾਹਮਣੇ ਗੁਰੂ ਘਰ ਬਰਬਾਦ ਹੋ ਰਹੇ ਹਨ, ਇਸ ਨੂੰ ਥਾਂ ਸਿਰ 'ਤੇ ਲਿਆਉਣ ਲਈ ਪੰਥਕ ਅਕਾਲੀ ਲਹਿਰ ਦਾ ਸਾਥ ਦਿਓ। ਸਿੰਘ ਸਾਹਿਬ ਨੇ ਸੰਗਤ ਨੂੰ ਅਪੀਲ ਕੀਤੀ ਕਿ ਹਰੇਕ ਸਿੱਖ ਭਾਵੇਂ ਉਹ ਕਿਸੇ ਵੀ ਰਾਜਨੀਤਿਕ ਪਾਰਟੀ ਵਿੱਚ ਵਿਚਰ ਰਿਹਾ ਹੈ ਪਰ ਅਸੀਂ ਗੁਰੂ ਦਾ ਘਰ ਪਹਿਲਾਂ ਬਚਾਉਣਾ ਹੈ, ਜਿਹੜੇ ਘਰ ਲਈ, ਜਿਹੜੇ ਸਿਧਾਂਤ ਲਈ ਗੁਰੂ ਸਾਹਿਬ ਜੀ ਦੇ ਬੱਚਿਆਂ ਨੇ ਸ਼ਹਾਦਤਾਂ ਦਿੱਤੀਆਂ, ਸਾਡੀ ਆਤਮਾ ਨੂੰ ਪਰਮਾਤਮਾ ਦੇ ਨਾਲ ਮਿਲਾਉਣ ਲਈ ਵਿਚੋਲਗੀ ਦੇ ਗਏ। ਇਸ ਲਈ ਇਸ ਨੂੰ ਮੁੱਖ ਰੱਖਦਿਆਂ ਜੋ ਧਾਰਮਿਕ ਵੋਟ ਹੈ, ਧਾਰਮਿਕ ਤਾਕਤ ਹੈ ਉਹ ਪੰਥਕ ਅਕਾਲੀ ਲਹਿਰ ਨੂੰ ਦਿਓ। ਉਹਨਾਂ ਵਾਅਦਾ ਕੀਤਾ ਕਿ ਅਸੀਂ ਨਾ ਗੁਰੂ ਘਰ ਵਿੱਚ ਰਾਜਨੀਤੀ ਕਰਾਂਗੇ ਤੇ ਨਾ ਹੀ ਕਿਸੇ ਨੂੰ ਕਰਨ ਦੇਵਾਂਗੇ। ਨਿਰੋਲ ਗੁਰੂ ਘਰ ਦੀ ਸੇਵਾ ਕਰਾਂਗੇ। ਗਰੀਬ ਅਤੇ ਲੋੜਵੰਦ ਬੱਚਿਆਂ ਨੂੰ ਸਿਹਤ ਅਤੇ ਸਿੱਖਿਆ, ਯਾਤਰੂਆਂ ਨੂੰ ਸਹੂਲਤਾਂ ਅਤੇ ਗੁਰੂ ਦੀਆਂ ਜਾਇਦਾਦਾਂ ਅਕਾਲ ਤਖਤ ਰਾਹੀਂ ਵਾਪਸ ਲਿਆਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ...





# ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵਿਖੇ ਵਿਭਾਗਾਂ ਵੱਲੋਂ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਸੈਸ਼ਨਾਂ ਦਾ ਆਯੋਜਨ

ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ ਬੀ.ਕਾਮ ਅਤੇ ਬੀ.ਬੀ.ਏ. ਕੋਰਸਾਂ ਅਤੇ ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ ਬੀ.ਐੱਸ.ਸੀ. ਕੋਰਸ ਵਿੱਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਵੱਖ-ਵੱਖ ਓਰੀਐਂਟੇਸ਼ਨ ਸੈਸ਼ਨਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਸੈਸ਼ਨਾਂ ਦਾ ਮੁੱਖ ਉਦੇਸ਼ ਨਵੇਂ ਵਿਦਿਆਰਥੀਆਂ ਨਾਲ ਜਾਣ-ਪਛਾਣ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬੀ ਯੂਨੀਵਰਸਿਟੀ ਵੱਲੋਂ ਤਲਵੰਡੀ ਸਾਬੋ ਕੈਂਪਸ ਨੂੰ ਚਲਾਉਣ ਦੇ ਉਦੇਸ਼ ਅਤੇ ਇੱਥੇ ਚੱਲ ਰਹੇ ਵੱਖ-ਵੱਖ ਕੋਰਸਾਂ ਸਬੰਧੀ ਜਾਣਕਾਰੀ ਦੇਣਾ ਸੀ। ਇਨ੍ਹਾਂ ਸੈਸ਼ਨਾਂ ਦੌਰਾਨ ਵਿਦਿਆਰਥੀਆਂ ਅਤੇ ਫੈਕਲਟੀ ਦਰਮਿਆਨ ਸੰਵਾਦ ਹੋਇਆ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਭਾਗ, ਵੱਖ-ਵੱਖ ਵਿਭਾਗੀ ਕਮੇਟੀਆਂ ਅਤੇ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ। ਬਿਜ਼ਨਸ ਸਟੱਡੀਜ਼ ਵਿਭਾਗ ਦੇ ਸੈਸ਼ਨ ਦਾ ਸੰਚਾਲਨ ਡਾ. ਆਨੰਦ ਬਾਂਸਲ ਅਤੇ ਡਾ. ਅਮਨਦੀਪ ਕੌਰ ਦੀ ਅਕਾਦਮਿਕ ਕਮੇਟੀ ਵੱਲੋਂ ਕੀਤਾ ਗਿਆ। ਵਿਭਾਗ ਦੀ ਮੁਖੀ ਡਾ. ਨਰਿੰਦਰ ਕੌਰ ਨੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਆਪਣੇ ਸੰਬੋਧਨ ਵਿੱਚ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਜੀਵਨ ਵਿੱਚ ਅਨੁਸ਼ਾਸਨ ਅਤੇ ਸਮੇਂ ਦੀ ਸੁਚੱਜੀ ਵਰਤੋਂ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸੇ ਤਰ੍ਹਾਂ ਯਾਦਵਿੰਦਰਾ ਸਾਇੰਸਜ਼ ਵਿਭਾਗ ਦੇ ਸਮੂਹ ਅਧਿਆਪਕਾਂ ਨੇ ਵਿਭਾਗ ਦੀ ਮੁਖੀ ਡਾ. ਪ੍ਰੀਤੀ ਬਾਂਸਲ ਦੀ ਅਗਵਾਈ ਹੇਠ ਬੀ.ਐੱਸ.ਸੀ. ਕੋਰਸ ਵਿੱਚ ਦਾਖਲ ਹੋਏ ਵਿਦਿਆਰਥੀਆਂ ਦਾ ਸਵਾਗਤ ਕੀਤਾ। ਇਸ ਉਪਰੰਤ ਵਿਦਿਆਰਥੀਆਂ ਨੂੰ ਕੈਂਪਸ ਦਾ ਦੌਰਾ ਕਰਵਾਉਂਦਿਆਂ ਹੋਰਨਾਂ ਵਿਭਾਗਾਂ ਅਤੇ ਕੈਂਪਸ ਵਿੱਚ ਉਪਲਬਧ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ।ਜੇ ਤੁਸੀਂ ਚਾਹੋ ਤਾਂ ਮੈਂ ਇਸਨੂੰ ਅਖ਼ਬਾਰ ਵਿੱਚ ਛਪਣ ਵਾਲੀ ਹੋਰ ਪ੍ਰਭਾਵਸ਼ਾਲੀ ਖ਼ਬਰ ਦੇ ਰੂਪ ਵਿੱਚ ਵੀ ਤਿਆਰ ਕਰ ਸਕਦਾ ਹਾਂ।

# ਆਮ ਆਦਮੀ ਪਾਰਟੀ ਦੀ ਰੱਖੜ ਪੁੰਨਿਆ ਵਿੱਚ ਬਹੁਤ ਭਾਰੀ ਇੱਕਠ: ਬਲਜੀਤ ਸਿੰਘ ਸਰਾਂ

ਚੌਕ ਮਹਿਤਾ, 28 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਆਮ ਆਦਮੀ ਪਾਰਟੀ ਰੱਖੜ ਪੁੰਨਿਆ ਰਈਆ ਵਿਚ ਰੈਲੀ ਵਿੱਚ ਬੇਮਿਸਾਲ ਹੁੰਗਾਰਾ ਮਿਲਿਆ ਹੈ। ਪੰਜਾਬ ਦੇ ਕੁਨੇ ਕੁਨੇ ਤੋਂ ਸੰਗਤਾ ਨੇ ਸਭ ਤੋਂ ਪਹਿਲਾਂ ਨੌਵੀ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਪਵਿੱਤਰ ਦਰਸ਼ਨ ਦੀਦਾਰੇ ਕੀਤੇ।ਉਪਰੰਤ ਰਈਆ ਦਾਣਾ ਮੰਡੀ ਬੇਮਿਸਾਲ ਸੰਗਤਾਂ ਦਾ ਇਕੱਠ ਦੇਖਣ ਨੂੰ ਮਿਲਿਆ। ਇਹ ਵਿਚਾਰ ਸ, ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਨੇ ਦੱਸਿਆ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਦਾ ਨੀਂਹ ਪੱਥਰ ਰੱਖਿਆ ਗਿਆ। ਫਿਰ ਲੋਕਾਂ ਨੇ ਮਨ ਬਣਾਇਆ ਆਮ ਆਦਮੀ ਪਾਰਟੀ ਦੀ ਸਰਕਾਰ ਦੁਬਾਰਾ ਆਵੇਗੀ। ਇਸ ਮੌਕੇ ਤੇ ਆਮ ਆਦਮੀ ਦੇ ਸੀਨੀਅਰ ਲੀਡਰ ਸ, ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਤੋਂ ਇਲਾਵਾ ਸਰਪੰਚ ਬਲਰਾਜ ਸਿੰਘ ਸਰਾਂ, ਲਵਪ੍ਰੀਤ ਸਿੰਘ ਸਰਾਂ, ਪ੍ਰਧਾਨ ਮਨਜੀਤ ਸਿੰਘ ਸਰਾਂ, ਗੁਰਮੁੱਖ ਸਿੰਘ ਸਰਾਂ, ਤਰਲੋਕ ਸਿੰਘ ਸਰਾਂ, ਪਿਸਤੌਲ ਸਿੰਘ ਸਰਾਂ, ਕੁਲਦੀਪ ਸਿੰਘ ਸਰਾਂ, ਮਨਦੀਪ ਸਿੰਘ ਸਰਾਂ, ਹਰਕੀਰਤ ਸਿੰਘ ਭੁੱਲਰ, ਜਗੀਰ ਸਿੰਘ ਸਰਾਂ, ਹੀਰਾ ਸਿੰਘ ਸਰਾਂ,ਮੰਗਲ ਸਿੰਘ ਸਰਾਂ, ਆਦਿ ਆਗੂ ਹਾਜਰ ਸਨ।



# ਤਲਵੰਡੀ ਸਾਬੋ ਦੇ ਸਿਵਲ ਹਸਪਤਾਲ ਵਿਖੇ ਡਾ. ਰਵੀ ਕਾਂਤ ਗੁਪਤਾ ਵੱਲੋਂ ਮਨਾਇਆ ਰੱਖੜੀ ਦਾ ਤਿਉਹਾਰ

ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)- ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਨੂੰ ਸਮਰਪਿਤ ਰੱਖੜੀ ਦਾ ਤਿਉਹਾਰ ਬੜੇ ਪਿਆਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਸਮੂਹ ਸਟਾਫ਼ ਨਾਲ ਮਿਲ ਕੇ ਰੱਖੜੀ ਦਾ ਤਿਉਹਾਰ ਮਨਾਇਆ। ਇਸ ਦੌਰਾਨ ਨਰਸਿੰਗ ਸਟਾਫ਼ ਵਿੱਚੋਂ ਸਿਸਟਰ ਸ਼ਰਨਦੀਪ ਕੌਰ, ਸਿਸਟਰ ਕਰਮਜੀਤ ਕੌਰ, ਸਿਸਟਰ ਸੁਰਿੰਦਰ ਕੌਰ ਅਤੇ ਦਰਜਾ ਚਾਰ ਕਰਮਚਾਰੀ ਸੁਖਬੀਰ ਕੌਰ ਵੱਲੋਂ ਡਾ. ਰਵੀ ਕਾਂਤ ਗੁਪਤਾ ਦੇ ਰੱਖੜੀ ਬੰਨ੍ਹੀ ਗਈ। ਰੱਖੜੀ ਬੰਨ੍ਹਣ ਮੌਕੇ ਹਸਪਤਾਲ ਦਾ ਮਾਹੌਲ ਭੈਣ-ਭਰਾ ਦੇ ਪਿਆਰ ਅਤੇ ਆਪਸੀ ਸਾਂਝ ਨਾਲ ਭਰ ਗਿਆ। ਇਸ ਮੌਕੇ ਡਾ. ਰਵੀ ਕਾਂਤ ਗੁਪਤਾ ਵੱਲੋਂ ਸਮੂਹ ਸਟਾਫ਼ ਨੂੰ ਮਿਠਾਈ ਵੀ ਵੰਡੀ ਗਈ ਅਤੇ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਰੱਖੜੀ ਦਾ ਤਿਉਹਾਰ ਭੈਣ-ਭਰਾ ਦੇ ਪਵਿੱਤਰ ਪਿਆਰ, ਵਿਸ਼ਵਾਸ ਅਤੇ ਸਤਿਕਾਰ ਦਾ ਪ੍ਰਤੀਕ ਹੈ। ਅਜਿਹੇ ਤਿਉਹਾਰ ਸਾਨੂੰ ਆਪਸੀ ਭਾਈਚਾਰਕ ਸਾਂਝ ਅਤੇ ਪਿਆਰ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਦਿੰਦੇ ਹਨ। ਉਨ੍ਹਾਂ ਕਿਹਾ ਕਿ ਹਸਪਤਾਲ ਦੇ ਸਮੂਹ ਸਟਾਫ਼ ਵੱਲੋਂ ਮਿਲਜੁਲ ਕੇ ਮਨਾਏ ਜਾਂਦੇ ਅਜਿਹੇ ਤਿਉਹਾਰ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕਰਦੇ ਹਨ। ਉਨ੍ਹਾਂ ਰੱਖੜੀ ਦੇ ਪਵਿੱਤਰ ਤਿਉਹਾਰ ਦੀਆਂ ਸਮੂਹ ਸਟਾਫ਼ ਮੈਂਬਰਾਂ ਅਤੇ ਇਲਾਕਾ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਹਰ ਭੈਣ-ਭਰਾ ਦੇ ਰਿਸ਼ਤੇ ਵਿੱਚ ਪਿਆਰ, ਸਤਿਕਾਰ ਅਤੇ ਵਿਸ਼ਵਾਸ ਹਮੇਸ਼ਾ ਬਣਿਆ ਰਹੇ।



# ਜਵੱਦੀ ਟਕਸਾਲ ਦੇ ਪਵਿੱਤਰ ਅਸਥਾਨ ਵਿਖੇ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਦਾ ਉਚੇਚਾ ਸਨਮਾਨ





ਲੁਧਿਆਣਾ, 28 ਅਗਸਤ (ਆਵਾਜ਼ਿ ਕੌਮ ਬਿਊਰੋ)- ਗੁਰਮਤਿ ਸੰਗੀਤ ਨੂੰ ਬੁਲੰਦੀਆਂ ਤੱਕ ਪਹੁੰਚਾਉਣ ਵਾਲੇ ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ ਸੰਤ ਬਾਬਾ ਸੁੱਚਾ ਸਿੰਘ ਜੀ ਜਵੱਦੀ ਸਾਹਿਬ ਵਾਲਿਆਂ ਦੇ ਪਵਿੱਤਰ ਅਸਥਾਨ ਵਿਖੇ ਕਰਵਾਏ ਗਏ ਗੁਰਮਤਿ ਸਮਾਗਮਾਂ ਦੇ ਅੰਤਿਮ ਦਿਨ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਸਰਦਾਰ ਭਗਵਾਨ ਸਿੰਘ ਜੌਹਲ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਵੱਦੀ ਟਕਸਾਲ ਦੇ ਸੰਸਥਾਪਕਾਂ ਦੀ ਮਹਾਨ ਪਰੰਪਰਾ ਅਤੇ ਗੁਰਮਤਿ ਸੰਗੀਤ ਦੇ ਪ੍ਰਚਾਰ-ਪ੍ਰਸਾਰ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਰਾਗੀ ਜਥਿਆਂ ਅਤੇ ਕੀਰਤਨੀਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ, ਜਿਸ ਨੂੰ ਹਾਜ਼ਰ ਸੰਗਤ ਨੇ ਮੰਤਰ-ਮੁਗਧ ਹੋ ਕੇ ਸਰਵਣ ਕੀਤਾ। ਪਵਿੱਤਰ ਕੀਰਤਨ ਦੀਆਂ ਰੱਬੀ ਸੁਰਾਂ ਨਾਲ ਸਮੁੱਚਾ ਮਾਹੌਲ ਗੁਰਮਤਿ ਰੰਗ ਵਿੱਚ ਰੰਗਿਆ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੇ ਕਿਹਾ ਕਿ ਸੰਤ ਬਾਬਾ ਸੁੱਚਾ ਸਿੰਘ ਜੀ ਜਵੱਦੀ ਸਾਹਿਬ ਵਾਲਿਆਂ ਨੇ ਗੁਰਮਤਿ ਸੰਗੀਤ ਨੂੰ ਉੱਚੀਆਂ ਬੁਲੰਦੀਆਂ ਤੱਕ ਪਹੁੰਚਾਉਣ ਲਈ ਜੋ ਇਤਿਹਾਸਕ ਕਾਰਜ ਕੀਤਾ, ਉਹ ਸਿੱਖ ਕੌਮ ਦੀ ਅਮੀਰ ਵਿਰਾਸਤ ਦਾ ਅਨਮੋਲ ਹਿੱਸਾ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਕੀਰਤਨ ਕਰਨ ਵਾਲੀਆਂ ਰੱਬੀ ਰੂਹਾਂ ਨੂੰ ਗੁਰਮਤਿ ਸੰਗੀਤ ਦੀ ਸਹੀ ਪਰੰਪਰਾ ਨਾਲ ਜੋੜ ਕੇ ਇਸ ਮਹਾਨ ਵਿਰਾਸਤ ਨੂੰ ਸੰਭਾਲਣ ਦਾ ਕਾਰਜ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਅੱਜ ਸੰਤ ਗਿਆਨੀ ਅਮੀਰ ਸਿੰਘ ਜੀ ਵੱਲੋਂ ਸੰਤ ਬਾਬਾ ਸੁੱਚਾ ਸਿੰਘ ਜੀ ਜਵੱਦੀ ਸਾਹਿਬ ਵਾਲਿਆਂ ਦੀ ਪਾਵਨ ਸੋਚ ਅਤੇ ਸੇਵਾ-ਪਰੰਪਰਾ 'ਤੇ ਚੱਲਦਿਆਂ ਗੁਰਮਤਿ ਸੰਗੀਤ ਅਤੇ ਸਿੱਖ ਪੰਥ ਦੀ ਅਮੀਰ ਵਿਰਾਸਤ ਨੂੰ ਸੰਭਾਲਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਸੰਤ ਗਿਆਨੀ ਅਮੀਰ ਸਿੰਘ ਜੀ ਨੇ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਸਰਦਾਰ ਭਗਵਾਨ ਸਿੰਘ ਜੌਹਲ ਦੀਆਂ ਪੰਥ ਪ੍ਰਤੀ ਸੇਵਾਵਾਂ ਅਤੇ ਗੁਰਮਤਿ ਪ੍ਰਚਾਰ ਦੇ ਖੇਤਰ ਵਿੱਚ ਪਾਏ ਯੋਗਦਾਨ ਨੂੰ ਮਾਨਤਾ ਦਿੰਦਿਆਂ ਉਨ੍ਹਾਂ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ। ਭਗਵਾਨ ਸਿੰਘ ਜੌਹਲ ਨੇ ਇਸ ਸਨਮਾਨ ਲਈ ਸੰਤ ਗਿਆਨੀ ਅਮੀਰ ਸਿੰਘ ਜੀ ਅਤੇ ਸਮੁੱਚੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਇਸ ਨੂੰ ਗੁਰੂ ਸਾਹਿਬ ਦੀ ਬਖ਼ਿਸ਼ਸ਼ ਕਰਾਰ ਦਿੱਤਾ।

# ਪ੍ਰਧਾਨ ਮੰਤਰੀ ਦੇ ਪ੍ਰੋਗਰਾਮ "ਖੇਲ ਸੰਵਾਦ" ਵਿੱਚ ਭਾਗੀਦਾਰੀ ਨਾਲ ਸਮਾਪਤ ਹੋਇਆ ਗੁਰੂ ਕਾਸ਼ੀ ਯੂਨੀਵਰਸਿਟੀ ਦਾ ਤਿੰਨ ਰੋਜ਼ਾ ਬੂਟ ਕੈਂਪ



ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੇ ਯੁਵਾ ਅਤੇ ਖੇਡ ਮੰਤਰਾਲੇ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟਰ ਵਿਦਿਆਰਥੀ ਭਲਾਈ ਦੀ ਰਹਿਨੁਮਾਈ ਹੇਠ ਰਾਸ਼ਟਰੀ ਕੌਮੀ ਸੇਵਾ ਯੋਜਨਾ ਵਿਭਾਗ ਵੱਲੋਂ ਤਿੰਨ ਰੋਜ਼ਾ ਬੂਟ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਕੀਤਾ ਜਦਕਿ ਪ੍ਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਮੁੱਖ ਬੁਲਾਰੇ ਵਜੋ ਸ਼ਿਰਕਤ ਕੀਤੀ। ਪਹਿਲੇ ਦਿਨ ਡਾ. ਸੰਜੀਵ ਪਾਠਕ, ਧੀਰਜ ਗੋਇਲ ਤੇ ਵੀਨਾ ਪਾਠਕ ਸਰੋਤ ਵਿਅਕਤੀ ਵਜੋ ਸ਼ਾਮਿਲ ਹੋਏ। ਬੂਟ ਕੈਂਪ ਦੀ ਕਰਵਾਈ ਮੈਡਮ ਮੀਸ਼ਾ ਜ਼ਿਲ੍ਹਾ ਯੁਵਾ ਅਫ਼ਸਰ ਅਤੇ ਐਨ.ਐਸ.ਐਸ ਕੁਆਰਡੀਨੇਟਰ ਨਰਿੰਦਰ ਕੌਰ ਦੀ ਦੇਖ ਰੇਖ ਹੇਠ ਸੁਚਾਰੂ ਰੂਪ ਵਿੱਚ ਚਲਾਈ ਗਈ। ਕੈਂਪ ਵਿੱਚ 'ਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਵਿਸ਼ਾ ਮਾਹਿਰਾ ਨੇ ਆਪਣੇ ਵਿਚਾਰ ਸਾਂਝੇ ਕੀਤੇ। ਪਹਿਲੇ ਦਿਨ ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਸਿੰਘ ਨੇ ਵਿਦਿਆਰਥੀਆਂ ਨੂੰ ਆਪਣੇ ਨਿਸ਼ਚਿਤ ਟੀਚੇ ਹਾਸਿਲ ਕਰਨ ਲਈ ਤਨਦੇਹੀ ਤੇ ਇਮਾਨਦਾਰੀ ਨਾਲ ਯਤਨ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਤੰਦਰੁਸਤ ਸਮਾਜ ਦੇ ਨਿਰਮਾਣ ਵਿੱਚ ਨੌਜਵਾਨ ਵਰਗ ਦਾ ਯੋਗਦਾਨ ਅਤਿ ਮਹੱਤਵਪੂਰਨ ਹੈ। ਮੁੱਖ ਬਲਾਰੇ ਵਜੋਂ ਪ੍ਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਨੌਜਵਾਨਾਂ ਨੂੰ ਸਮਾਜ ਵਿੱਚ ਨਸ਼ਾ, ਅਨਪੜ੍ਹਤਾ ਤੇ ਦਾਜ ਵਰਗੀਆਂ ਕੁਰੀਤੀਆਂ ਖਤਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨ ਆਪਣੇ ਨਵੇਂ ਵਿਚਾਰਾਂ ਤੇ ਜੋਸ਼ ਸਦਕਾ ਭਾਰਤ ਨੂੰ ਤਰੱਕੀ ਦੇ ਸਿਖਰਾਂ 'ਤੇ ਲੈ ਕੇ ਜਾ ਸਕਦੇ ਹਨ। ਕੈਂਪ ਤੇ ਦੂਜੇ ਦਿਨ ਡਾਇਰੈਕਟਰ ਖੇਡਾਂ ਡਾ. ਬਲਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਖੇਡਾਂ ਦੇ ਮਹੱਤਵ ਅਤੇ ਵਿਅਕਤੀਤਵ ਨਿਰਮਾਣ ਵਿੱਚ ਖੇਡਾਂ ਦੇ ਯੋਗਦਾਨ ਬਾਰੇ ਚਾਨਣਾ ਪਾਇਆ। ਡਾਇਰੈਕਟਰ ਵਿਦਿਆਰਥੀ ਭਲਾਈ, ਸਰਦੂਲ ਸਿੰਘ ਸਿੱਧੂ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਸਮੇਂ ਦੀ ਕਦਰ ਕਰਨ ਵਾਸਤੇ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਨੌਜਵਾਨਾਂ ਤੋਂ ਬਹੁਤ ਉਮੀਦਾਂ ਹਨ, ਕਿਉਂਕਿ ਨੌਜਵਾਨ ਦੇਸ਼ ਦਾ ਭਵਿੱਖ ਹਨ, ਜਿਸ ਲਈ ਨੌਜਵਾਨਾਂ ਨੂੰ ਨਵੀਆ ਉਸਾਰੂ ਪਿਰਤਾਂ ਪਾਉਣੀਆਂ ਚਾਹੀਦੀਆਂ ਹਨ। ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਯੁਵਾ ਅਫਸਰ ਤੇ ਐਨ.ਐੱਸ.ਐੱਸ ਕੋਆਰਡੀਨੇਟਰ ਨੇ ਦੱਸਿਆ ਕਿ ਕੈਂਪ ਦੇ ਤੀਜੇ ਦਿਨ ਲਗਭਗ 150 ਵਲੰਟੀਅਰਾਂ ਅਤੇ ਵਿਦਿਆਰਥੀਆਂ ਨੇ ਪ੍ਰਧਾਨ ਮੰਤਰੀ ਵੱਲੋਂ ਕੀਤੇ ਗਏ ਪ੍ਰੋਗਰਾਮ "ਖੇਲ ਸੰਵਾਦ ਖੇਲ ਕੀ ਬਾਤ ਮੋਦੀ ਕੇ ਸਾਥ" ਵਿੱਚ ਹਿੱਸਾ ਲਿਆ। ਵਿਦਿਆਰਥੀਆਂ ਨੇ ਸਮਾਜ ਨੂੰ ਨਸ਼ਾ ਮੁਕਤ ਕਰਨ ਅਤੇ ਖੇਡਾਂ ਵਿੱਚ ਹਿੱਸਾ ਲੈਣ ਦਾ ਪ੍ਰਣ ਲਿਆ। ਸਮਾਰੋਹ ਦੇ ਤੀਜੇ ਦਿਨ 'ਵਰਸਿਟੀ ਵਲੋਂ ਮਨਾਏ ਗਏ ਖੇਡ ਦਿਵਸ ਤੇ ਅੰਤਰ-ਯੂਨੀਵਰਸਿਟੀ ਮੈਡਲ ਜੇਤੂ ਤਿੰਨ ਗੱਤਕਾ ਖਿਡਾਰਣਾ ਖੁਸ਼ਪ੍ਰੀਤ ਕੌਰ, ਅਮਨਪ੍ਰੀਤ ਕੌਰ ਤੇ ਮਨਜੋਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਸਫਲਤਾ ਪੂਰਵਕ ਸੰਪੰਨ ਹੋਏ ਕੈਂਪ ਤੇ 'ਵਰਸਿਟੀ ਪ੍ਰਬੰਧਕਾਂ, ਅਧਿਕਾਰੀਆਂ ਨੇ ਐਨ.ਐੱਸ.ਐੱਸ ਕੁਆਰਡੀਨੇਟਰ ਅਤੇ ਸਮੂਹ ਵਲੰਟੀਅਰਾਂ ਨੂੰ ਵਧਾਈ ਦਿੱਤੀ।

# ਭਾਰਤ ਅੰਦਰ ਸਿੱਖਾਂ ਨਾਲ ਹੋ ਰਿਹਾ ਗੁਲਾਮਾਂ ਵਾਲਾ ਸਲੂਕ, ਬੰਦੀ ਸਿੰਘਾਂ ਦੀ ਰਿਹਾਈ ਲਈ 29 ਅਗਸਤ ਦੇ 'ਅਰਦਾਸ ਦਿਵਸ' 'ਚ ਵੱਧ-ਚੜ੍ਹ ਕੇ ਸ਼ਾਮਲ ਹੋਵੇ ਸੰਗਤ: ਭਾਈ ਗੁਰਕੀਰਤ ਸਿੰਘ



ਨਵੀਂ ਦਿੱਲੀ 28 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਦੇਸ਼ ਦੀ ਆਜ਼ਾਦੀ ਲਈ 92 ਫ਼ੀਸਦੀ ਤੋਂ ਵੱਧ ਕੁਰਬਾਨੀਆਂ ਦੇਣ ਵਾਲੀ ਮਹਾਨ ਸਿੱਖ ਕੌਮ ਨਾਲ ਆਜ਼ਾਦੀ ਦੇ ਸਮੇਂ ਤੋਂ ਹੀ ਭਾਰਤ ਸਰਕਾਰ ਵੱਲੋਂ ਲਗਾਤਾਰ ਸਿਆਸੀ, ਪ੍ਰਸ਼ਾਸਨਿਕ ਅਤੇ ਮਾਨਸਿਕ ਜ਼ੁਲਮ ਢਾਹਿਆ ਜਾ ਰਿਹਾ ਹੈ। ਅੱਜ ਹਿੰਦੁਸਤਾਨ ਅੰਦਰ ਸਿੱਖਾਂ ਨੂੰ ਤੀਜੇ ਦਰਜੇ ਦੇ ਸ਼ਹਿਰੀ ਸਮਝ ਕੇ ਉਨ੍ਹਾਂ ਦੇ ਬੁਨਿਆਦੀ ਮਨੁੱਖੀ ਅਧਿਕਾਰਾਂ ਨੂੰ ਬੇਰਹਿਮੀ ਨਾਲ ਕੁਚਲਿਆ ਜਾ ਰਿਹਾ ਹੈ। ਇਨ੍ਹਾਂ ਤਿੱਖੇ ਵਿਚਾਰਾਂ ਦਾ ਪ੍ਰਗਟਾਵਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਕੀਰਤ ਸਿੰਘ ਨੇ ਕੀਤਾ। ਭਾਈ ਗੁਰਕੀਰਤ ਸਿੰਘ ਨੇ ਸਰਕਾਰ ਦੇ ਤਾਜ਼ਾ ਰਵੱਈਏ 'ਤੇ ਗਹਿਰੀ ਚਿੰਤਾ ਅਤੇ ਰੋਸ ਪ੍ਰਗਟ ਕਰਦਿਆਂ ਖੁਲਾਸਾ ਕੀਤਾ ਕਿ ਸਿੱਖਾਂ ਦੀ ਸਿਰਮੌਰ ਸੰਸਥਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਵੱਲੋਂ ਬੰਦੀ ਸਿੰਘਾਂ ਦੇ ਗੰਭੀਰ ਮਾਮਲੇ 'ਤੇ ਗੱਲਬਾਤ ਕਰਨ ਲਈ ਲਿਖੇ ਗਏ ਪੱਤਰਾਂ ਦਾ ਜਵਾਬ ਦੇਣਾ ਤਾਂ ਦੂਰ, ਕੇਂਦਰ ਸਰਕਾਰ ਨੇ ਮੁਲਾਕਾਤ ਲਈ ਸਮਾਂ ਤੱਕ ਨਹੀਂ ਦਿੱਤਾ। ਸਰਕਾਰ ਦੀ ਇਹ ਬੇਰੁਖ਼ੀ ਅਤੇ ਹੰਕਾਰ ਸਿੱਧੇ ਤੌਰ 'ਤੇ ਉਸ ਦੀ ਸਿੱਖ ਵਿਰੋਧੀ ਸੋਚ ਅਤੇ ਨਫ਼ਰਤ ਨੂੰ ਜ਼ਾਹਿਰ ਕਰਦਾ ਹੈ। ਉਨ੍ਹਾਂ ਭਾਰਤ ਸਰਕਾਰ ਦੇ ਦੋਹਰੇ ਕਾਨੂੰਨ 'ਤੇ ਵਰ੍ਹਦਿਆਂ ਕਿਹਾ ਕਿ ਇੱਕੋ ਮੁਲਕ ਅੰਦਰ ਸਿੱਖਾਂ ਲਈ ਵੱਖਰਾ ਅਤੇ ਬਾਕੀਆਂ ਲਈ ਵੱਖਰਾ ਕਾਨੂੰਨ ਚੱਲ ਰਿਹਾ ਹੈ। ਅਦਾਲਤਾਂ ਵੱਲੋਂ ਨਿਰਧਾਰਿਤ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਲੰਮੇ ਸਮੇਂ ਤੋਂ ਗੈਰ-ਕਾਨੂੰਨੀ ਤਰੀਕੇ ਨਾਲ ਜੇਲ੍ਹਾਂ ਵਿੱਚ ਸੜਨ ਲਈ ਮਜਬੂਰ ਕੀਤਾ ਜਾ ਰਿਹਾ ਹੈ, ਜੋ ਕਿ ਸ਼ਰੇਆਮ ਨਿਆਂ ਦਾ ਕਤਲ ਹੈ। ਦੂਜੇ ਪਾਸੇ, ਸਰਕਾਰ ਦੀ ਸਰਪ੍ਰਸਤੀ ਹੇਠ ਬਲਾਤਕਾਰੀਆਂ ਅਤੇ ਸੰਗੀਨ ਅਪਰਾਧਾਂ ਦੇ ਦੋਸ਼ੀਆਂ ਨੂੰ ਵਾਰ-ਵਾਰ ਪੈਰੋਲਾਂ ਅਤੇ ਫਰਲੋਆਂ ਦੇ ਕੇ ਵੀਆਈਪੀ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਭਾਈ ਗੁਰਕੀਰਤ ਸਿੰਘ ਨੇ ਇਤਿਹਾਸਕ ਜ਼ੁਲਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਦੇ ਸਿੱਖਾਂ ਨੂੰ ਜਨਮਜਾਤ ਅਪਰਾਧੀ ('ਜ਼ਰਾਇਮ ਪੇਸ਼ਾ') ਕਰਾਰ ਦਿੱਤਾ ਗਿਆ ਅਤੇ ਕਦੇ ਜੂਨ 1984 ਤੇ ਨਵੰਬਰ 1984 ਵਰਗੇ ਖ਼ੂਨੀ ਘੱਲੂਘਾਰੇ ਵਰਤਾ ਕੇ ਸਿੱਖ ਨਸਲਕੁਸ਼ੀ ਕੀਤੀ ਗਈ। ਸਰਕਾਰ ਦਾ ਇਹ ਜ਼ੁਲਮ ਅੱਜ ਵੀ ਜਾਰੀ ਹੈ। ਆਪਣੇ ਹੱਕਾਂ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼ਾਂਤਮਈ ਰੋਸ ਮੁਜ਼ਾਹਰੇ ਕਰਨ ਵਾਲੇ ਸਿੱਖਾਂ 'ਤੇ ਲਾਠੀਚਾਰਜ ਕਰਨਾ, ਅੱਥਰੂ ਗੈਸ ਦੇ ਗੋਲੇ ਸੁੱਟਣਾ ਅਤੇ ਪਾਣੀ ਦੀਆਂ ਬੋਛਾਰਾਂ ਮਾਰਨਾ ਭਾਰਤੀ ਲੋਕਤੰਤਰ ਦੇ ਮੂੰਹ 'ਤੇ ਵੱਡਾ ਧੱਬਾ ਹੈ। ਤਾਕਤ ਦੇ ਜ਼ੋਰ 'ਤੇ ਆਵਾਜ਼ ਦਬਾਉਣ ਦੀ ਇਹ ਨੀਤੀ ਸਿੱਧ ਕਰਦੀ ਹੈ ਕਿ ਸਰਕਾਰ ਸਿੱਖਾਂ ਨਾਲ ਨਾਗਰਿਕਾਂ ਵਾਲਾ ਨਹੀਂ, ਸਗੋਂ ਗੁਲਾਮਾਂ ਵਾਲਾ ਸਲੂਕ ਕਰ ਰਹੀ ਹੈ। ਇਸ ਬੇਇਨਸਾਫ਼ੀ ਅਤੇ ਸਰਕਾਰੀ ਹਠਧਰਮੀ ਦੇ ਖ਼ਿਲਾਫ਼ ਆਵਾਜ਼ ਬੁਲੰਦ ਕਰਦਿਆਂ ਭਾਈ ਗੁਰਕੀਰਤ ਸਿੰਘ ਨੇ ਸਮੁੱਚੀ ਗੁਰੂ-ਨਾਨਕ ਨਾਮ ਲੇਵਾ ਸੰਗਤ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਐਸ.ਜੀ.ਪੀ.ਸੀ. ਵੱਲੋਂ 29 ਅਗਸਤ ਨੂੰ ਮਨਾਏ ਜਾ ਰਹੇ 'ਅਰਦਾਸ ਦਿਵਸ' ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇ। ਸਿੱਖ ਸੰਗਤਾਂ ਹੁੰਮ-ਹੁਮਾ ਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਇਕੱਠੀਆਂ ਹੋਣ ਅਤੇ ਬੰਦੀ ਸਿੰਘਾਂ ਦੀ ਜਲਦ ਬੰਦ-ਖ਼ਲਾਸੀ (ਰਿਹਾਈ) ਲਈ ਅਰਦਾਸ ਦਾ ਹਿੱਸਾ ਬਣ ਕੇ ਕੇਂਦਰ ਸਰਕਾਰ ਦੇ ਬੋਲੇ ਕੰਨਾਂ ਤੱਕ ਕੌਮੀ ਏਕਤਾ ਦੀ ਆਵਾਜ਼ ਪਹੁੰਚਾਉਣ।

## ਇੱਕ ਨਜ਼ਰ . . .



## ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ (ਮਹਿਤਾ) ਦਾ ਰਲੇਵਾਂ ਸ਼ਲਾਘਾਯੋਗ ਕਦਮ-ਜਥੇਦਾਰ ਹਰਜਿੰਦਰ ਸਿੰਘ ਧਾਮੀ

### ਖਾਲਸਾ ਤੇ ਫੌਟ ਪੰਥ ਅਤੇ ਨੌਜਵਾਨ ਸ਼ਕਤੀ ਨੂੰ ਇਕੱਠਿਆ ਕਰਨ ਚ ਅਹਿਮ ਭੂਮਿਕਾ ਨਿਭਾਉਣਗੇ ਪ੍ਰਧਾਨ ਧਾਮੀ

ਜੰਡਿਆਲਾ ਗੁਰੂ 28 ਅਗਸਤ (ਕੁਲਵੰਤ ਸਿੰਘ ਵਿਰਦੀ )ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ (ਮਹਿਤਾ) ਦਾ ਰਲੇਵਾਂ ਨੌਜਵਾਨਾਂ ਦੀ ਸ਼ਕਤੀ ਨੂੰ ਮਜ਼ਬੂਤ ਕਰੇਗਾ। ਜਦੋ

ਆਵਾਜ਼ਿ ਕੌਮ AWAZE QAUM International Newspaper & WEB TV

ਨੌਜਵਾਨ ਇਕਜੁੱਟ ਹੋ ਕੇ ਇੱਕ ਸ਼ਕਤੀ ਬਣਕੇ ਚੱਲਣਗੇ ਤਾਂ ਕੋਈ ਵੀ ਤਾਕਤ ਕੌਮ ਨੂੰ ਝੁਕਾ ਨਹੀਂ ਸਕਦੀ।ਪੰਥਕ ਤੇ ਰਾਜਨੀਤਕ ਮਸਲਿਆਂ ਲਈ ਮਜ਼ਬੂਤ ਅਵਾਜ ਬੁਲੰਦ ਹੋਵੇਗੀ,ਧੜਿਆਂ ਵਿੱਚ ਵੰਡੀ ਪੰਥਕ ਸ਼ਕਤੀ ਲਈ ਇਕਜੁੱਟ ਹੋਣ ਦਾ ਮੁੱਢ ਬੱਝਿਆ ਹੈ ਇਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਜਵੱਦੀ ਟਕਸਾਲ ਵਿਖੇ ਚੱਲ ਰਹੇ ਗੁਰਮਤਿ ਸਮਾਗਮਾਂ ਵਿੱਚ ਸ਼ਿਰਕਤ ਕਰਨ ਮੌਕੇ ਕੀਤਾ। ਧਾਮੀ ਜੀ ਨੇ ਕਿਹਾ ਕਿ ਅੱਜ ਪੰਥ ਨੂੰ ਦਰਪੇਸ਼ ਚੁਣੌਤੀਆਂ ਬਹੁਤ ਵੱਡੀਆਂ ਹਨ।ਬੰਦੀ ਸਿੰਘਾਂ ਦੀ ਰਿਹਾਈ,ਨਸ਼ੇ,ਬੇਰੁਜ਼ਗਾਰੀ,ਵਿਦੇਸ਼ਾ ਵੱਲ ਜਾਣ ਵਾਲੀ ਨੌਜਵਾਨਾ ਦੀ ਭੀੜ ਆਦਿ ਮੁੱਦੇ ਹਨ ਅਜਿਹੇ ਸਮੇ ਨੌਜਵਾਨਾਂ ਸ਼ਕਤੀ ਦਾ ਵੰਡਿਆ ਰਹਿਣਾ ਕੌਮ ਨੂੰ ਕਮਜ਼ੋਰ ਕਰਦਾ ਹੈ। ਓਨਾ ਕਿਹਾ ਕਿ ਏਕਤਾ ਇੱਥੇ ਤੱਕ ਹੀ ਸੀਮਤ ਨਹੀ ਰਹਿਣੀ ਚਾਹੀਦੀ ਸਗੋਂ ਇਸ ਨੂੰ ਵਿਆਪਕ ਪੰਥਕ ਏਕਤਾ ਦਾ ਆਧਾਰ ਬਣਾਇਆ ਜਾਣਾ ਚਾਹੀਦਾ ਹੈ।ਸਰਦਾਰ ਮਹੇਸ਼ਿੰਦਰ ਸਿੰਘ ਨੇ ਕਿਹਾ ਕਿ ਵਿਚਾਰਾ ਦੇ ਮਤਭੇਦ ਲੋਕਤਾਂਤ੍ਰਿਕ ਢੰਗ ਨਾਲ ਵਿਚਾਰੇ ਜਾ ਸਕਦੇ ਹਨ ਪਰ ਪੰਥਕ ਹਿੱਤਾਂ ਨਾਲ ਸਬੰਧਤ ਸਾਂਝੇ ਮੁੱਦਿਆਂ ਤੇ ਸਾਰਿਆਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ।ਭਾਈ ਚਾਵਲਾ ਨੇ ਕਿਹਾ ਕਿ ਦੋਵਾਂ ਫੈਡਰੇਸ਼ਨਾਂ ਦੀ ਏਕਤਾ ਆਉਣ ਵਾਲੇ ਸਮੇਂ ਵਿੱਚ ਹੋਰ ਪੰਥਕ ਜਥੇਬੰਦੀਆਂ ਨੂੰ ਵੀ ਇੱਕ ਸਾਂਝੇ ਮੰਚ ਤੇ ਆਉਣ ਲਈ ਪ੍ਰੇਰਿਤ ਕਰੇਗੀ ਅਤੇ ਧੜਿਆਂ ਵਿੱਚ ਵੰਡੀ ਹੋਈ ਪੰਥਕ ਸ਼ਕਤੀ ਨੂੰ ਇਕਜੁੱਟ ਕਰਨ ਲਈ ਨਵਾਂ ਰਾਹ ਖੋਲ੍ਹੇਗੀ। ਇਸ ਮੌਕੇ ਭਾਈ ਬਲਜੀਤ ਸਿੰਘ ਬੀਤਾ, ਗੁਰਮੁਖ ਸਿੰਘ ਮੋਹਨਭੰਡਾਰੀ,ਲਵਪ੍ਰੀਤ ਸਿੰਘ,ਗੁਰਬੀਰ ਸਿੰਘ,ਸੰਦੀਪ ਸਿੰਘ,ਹਰਮਨਜੋਤ ਸਿੰਘ , ਕੁਲਬੀਰ ਸਿੰਘ ਵਿੱਕੀ ,ਆਦਿ ਆਗੂ ਹਾਜ਼ਰ ਸਨ

## ਡੇਰਾ ਪ੍ਰੇਮੀਆਂ ਵੱਲੋਂ ਸਿੱਖਾਂ ਨਾਲ ਧੱਕਾ: ਨਹਿਰੀ ਮੋਘਾ ਪੁੱਟਣ ਦੀ ਕਥਿਤ ਕੋਸ਼ਿਸ਼, ਸਿੱਖ ਆਗੂਆਂ ਨੇ ਦਿੱਤੀ ਸਖ਼ਤ ਚਿਤਾਵਨੀ

### ਆਮ ਆਦਮੀ ਪਾਰਟੀ ਦੇ ਕੁਝ ਵਿਧਾਇਕਾਂ ’ਤੇ ਲੱਗੇ ਡੇਰਾ ਪ੍ਰੇਮੀਆਂ ਦੀ ਕਥਿਤ ਹਮਾਇਤ ਦੇ ਦੋਸ਼

ਨਵੀਂ ਦਿੱਲੀ, 28 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡ ਮਾਹੂਆਣਾ ਬੋਦਲਾ ਵਿੱਚ ਨਹਿਰੀ ਮੋਘੇ ਨੂੰ ਲੈ ਕੇ ਚੱਲ ਰਹੇ ਵਿਵਾਦ ਵਿੱਚ ਡੇਰਾ ਸਿਰਸਾ ਪ੍ਰੇਮੀਆਂ ਵੱਲੋਂ ਸਿੱਖ ਕਿਸਾਨ ਨਾਲ ਕਥਿਤ



ਧੱਕੇਸ਼ਾਹੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਦਲ ਖ਼ਾਲਸਾ ਦੇ ਸੀਨੀਅਰ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਸਮੇਤ ਵੱਖ-ਵੱਖ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਦੋਸ਼ ਲਾਇਆ ਕਿ ਸਿਆਸੀ ਅਤੇ ਪੁਲਿਸ ਪ੍ਰਸ਼ਾਸਨ ਦੀ ਕਥਿਤ ਸ਼ਿਹ ਹੇਠ ਮੋਘਾ ਜ਼ਬਰਦਸਤੀ ਤਬਦੀਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਆਗੂਆਂ ਅਨੁਸਾਰ ਨਹਿਰ ਭਾਗਸਰ ਮਾਈਨਰ ਦਾ ਮੋਘਾ ਨੰਬਰ 86350 ਆਰ ਪਿਛਲੇ ਕਰੀਬ 35 ਸਾਲਾਂ ਤੋਂ ਲਗਭਗ 332 ਏਕੜ ਰਕਬੇ ਦੀ ਸਿੰਚਾਈ ਕਰ ਰਿਹਾ ਹੈ। ਦੋਸ਼ ਹੈ ਕਿ ਡੇਰਾ ਪ੍ਰੇਮੀ ਇਸ ਮੋਘੇ ਨੂੰ ਪੁੱਟ ਕੇ ਕਰੀਬ ਚਾਰ ਏਕੜ ਅੱਗੇ ਲਿਜਾਣਾ ਚਾਹੁੰਦੇ ਹਨ, ਜਿਸ ਨਾਲ ਮੌਜੂਦਾ ਰਕਬੇ ਦੀ ਸਿੰਚਾਈ ਪ੍ਰਭਾਵਿਤ ਹੋਵੇਗੀ।ਪੀੜਤ ਧਿਰ ਵੱਲੋਂ ਨਹਿਰੀ ਵਿਭਾਗ ਦੀ ਕਥਿਤ ਇਕਤਰਫ਼ਾ ਕਾਰਵਾਈ ਖ਼ਿਲਾਫ਼ ਅਪੀਲ ਵੀ ਕੀਤੀ ਗਈ ਹੈ ਅਤੇ ਮਾਮਲਾ ਅਦਾਲਤ ਵਿੱਚ ਵਿਚਾਰ ਅਧੀਨ ਦੱਸਿਆ ਗਿਆ ਹੈ।ਸਿੱਖ ਆਗੂਆਂ ਨੇ ਕਿਹਾ ਕਿ ਜਦੋਂ ਮਾਮਲਾ ਅਦਾਲਤ ਵਿੱਚ ਹੈ ਤਾਂ ਕਿਸੇ ਵੀ ਧਿਰ ਨੂੰ ਪੁਲਿਸ ਜਾਂ ਸਿਆਸੀ ਸਹਾਰੇ ਨਾਲ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਆਮ ਆਦਮੀ ਪਾਰਟੀ ਦੇ ਕੁਝ ਵਿਧਾਇਕਾਂ ’ਤੇ ਵੀ ਡੇਰਾ ਪ੍ਰੇਮੀਆਂ ਦੀ ਕਥਿਤ ਹਮਾਇਤ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਜੇਕਰ ਸੱਤਾਧਾਰੀ ਧਿਰ ਨੇ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਤੋਂ ਸਬਕ ਨਾ ਸਿੱਖਿਆ ਤਾਂ ਇਸ ਦੇ ਗੰਭੀਰ ਸਿਆਸੀ ਨਤੀਜੇ ਨਿਕਲ ਸਕਦੇ ਹਨ।ਭਾਈ ਬਲਜਿੰਦਰ ਸਿੰਘ ਸਰਦੂਲਗੜ੍ਹ, ਭਾਈ ਸੁਰਿੰਦਰ ਸਿੰਘ ਨਥਾਣਾ, ਭਾਈ ਜਗਸੀਰ ਸਿੰਘ ਜੰਡਾਵਾਲਾ, ਭਾਈ ਧਰਮ ਸਿੰਘ ਖ਼ਾਲਸਾ, ਬਾਬਾ ਸਤਨਾਮ ਸਿੰਘ ਦਿਆਲਪੁਰਾ, ਭਾਈ ਸਵਰਨ ਸਿੰਘ ਕੋਟਧਰਮੂ, ਲਖਬੀਰ ਸਿੰਘ ਲੱਖਾ ਸਿਧਾਣਾ, ਭਾਈ ਗੁਰਵਿੰਦਰ ਸਿੰਘ ਬਠਿੰਡਾ ਸਮੇਤ ਹੋਰਨਾਂ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਅਦਾਲਤੀ ਮਾਮਲੇ ਦੇ ਬਾਵਜੂਦ ਜੇਕਰ ਮੋਘਾ ਪੁੱਟਣ ਜਾਂ ਸਿੱਖ ਕਿਸਾਨ ਨਾਲ ਜ਼ਬਰਦਸਤੀ ਕਰਨ ਦੀ ਕੋਸ਼ਿਸ਼ ਹੋਈ ਤਾਂ ਇਸ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਪ੍ਰਸ਼ਾਸਨ ਨੂੰ ਨਿਰਪੱਖ ਕਾਰਵਾਈ ਕਰਨ ਅਤੇ ਕਿਸੇ ਵੀ ਸਿਆਸੀ ਦਬਾਅ ਹੇਠ ਆਉਣ ਤੋਂ ਗੁਰੇਜ਼ ਕਰਨ ਦੀ ਮੰਗ ਕੀਤੀ।

## ਹਠੂਰ ਦੇ ਆਈਡੀਅਲ ਕੌਨਵੈਂਟ ਸਕੂਲ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ

ਹਠੂਰ/ਜਗਰਾਉਂ (ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਆਈਡੀਅਲ ਕੌਨਵੈਂਟ ਸਕੂਲ ਵਿਖੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਦੀ ਦੇਖ ਰੇਖ ਹੇਠ ਰੱਖੜੀ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ, ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਵਿਦਿਆਰਥੀਆਂ ਦੇ ਰੱਖੜੀਆਂ ਬੰਨੀਆਂ ਗਈਆਂ, ਤੇ ਬਹੁਤ ਸਾਰੀਆਂ ਵਿਦਿਆਰਥਣਾਂ ਵੱਲੋਂ ਰੱਖੜੀਆਂ ਹੱਥੀ ਤਿਆਰ ਵੀ ਕੀਤੀਆਂ ਗਈਆਂ, ਜਿੰਨ੍ਹਾਂ ਦੀ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਸਮੇਤ ਸਮੁੱਚੇ ਸਕੂਲ ਸਟਾਫ ਨੇ ਪ੍ਰਸੰਸਾ ਕੀਤੀ, ਅਤੇ ਭੈਣਾਂ ਭਰਾਵਾਂ ਦੇ ਪਿਆਰ ਅਤੇ ਸਾਂਝ ਦੇ ਪ੍ਰਤੀਕ ਰੱਖੜੀ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ, ਇਸ ਮੌਕੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਸਾਡੇ ਸਕੂਲ ਵਿੱਚ ਜਿੱਥੇ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਿਲ ਕਰਵਾਉਣ ਲਈ ਸਮੁੱਚਾ ਸਕੂਲ ਸਟਾਫ ਲਗਾਤਾਰ ਸਖ਼ਤ ਮਿਹਨਤ ਕਰ ਰਿਹਾ ਹੈ। ਉੱਥੇ ਸਾਡੇ ਸਕੂਲ ਦੇ ਹੋਣਹਾਰ ਬੱਚੇ ਖੇਡਾਂ ਵਿੱਚ ਵੀ ਮੋਹਰੀ ਰਹਿੰਦੇ ਹਨ। ਇਸ ਮੌਕੇ ਮੈਡਮ ਸੁਖਦੀਪ ਕੌਰ, ਅਮਨਜੋਤ ਕੌਰ, ਹਰਵਿੰਦਰ ਕੌਰ, ਗੁਰਪ੍ਰੀਤ ਕੌਰ, ਚਰਨਜੀਤ ਕੌਰ, ਸਨਦੀਪ ਕੌਰ ਅਰਸ਼ਦੀਪ ਕੌਰ, ਅਮਨਦੀਪ ਕੌਰ, ਪ੍ਰਭਜੋਤ ਕੌਰ, ਮਧੂ ਮਿੱਤਲ, ਵਰਿੰਦਰ ਕੌਰ, ਡੀ.ਪੀ ਅਵਤਾਰ ਸਿੰਘ, ਆਰਟਿਸਟ ਗੁਰਮੀਤ ਹਠੂਰ, ਅਤੇ ਗੁਰਵਿੰਦਰ ਕੌਰ ਸਮੇਤ ਸਕੂਲ ਦੇ ਬੱਚੇ ਹਾਜਰ ਸਨ।

## ਨਮਸਤੇ ਨਾ ਬੁਲਾਉਣ ਤੋਂ ਖਫਾ ਕੌਂਸਲਰ ਨੇ ਵਿਦਿਆਰਥਣ ਦਾ ਨਿਵਾਸ ਪ੍ਰਮਾਣ ਪੱਤਰ ਕਰਵਾਇਆ ਖਾਰਿਜ, ਵੀਡੀਓ ਵਾਇਰਲ



ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)- ਉਪ ਮੰਡਲ ਤਲਵੰਡੀ ਸਾਬੋ ਦੀ ਵਪਾਰਕ ਨਗਰੀ ਰਾਮਾਂ ਮੰਡੀ ਦੀ ਸ਼ੋਸਲ ਮੀਡੀਆ ਤੇ ਵਾਇਰਲ ਹੋਈ ਇੱਕ ਵੀਡੀਓ ਉਦੋਂ ਚਰਚਾ ਦਾ ਵਿਸ਼ਾ ਬਣ ਗਈ ਜਦੋਂ ਸਾਹਮਣੇ ਆਇਆ ਕਿ ਸਾਸਰੀਕਾਲ (ਨਮਸਤੇ) ਨਾ ਬੁਲਾਉਣ, ਸਤਿਕਾਰ ਨਾ ਦੇਣ ਤੋਂ ਖਫਾ ਨਗਰ ਦੇ ਇੱਕ ਵਾਰਡ ਦੇ ਕੌਂਸਲਰ ਨੇ ਇੱਕ ਵਿਦੀ ਆਰਥਣ ਦਾ ਨਿਵਾਸ ਪ੍ਰਮਾਣ ਪੱਤਰ (ਰੈਜੀਡੈਂਸ ਸਰਟੀਫਿਕੇਟ) ਹੀ ਖਾਰਿਜ ਕਰਵਾ ਦਿੱਤਾ ਜਿਸ ਕਾਰਣ ਵਿਦਿਆਰਥਣ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।ਦੱਸਣਯੋਗ ਹੈਕਿ ਅੱਜ ਸ਼ੋਸਲ ਮੀਡੀਆ ਪਲੇਟਫਾਰਮਾਂ ਤੇ ਇੱਕ ਵਾਇਰਲ ਵੀਡੀਓ ’ਚ ਇੱਕ ਲੜਕੀ ਰਾਮਾਂ ਮੰਡੀ ਦੇ ਇੱਕ ਕੌਂਸਲਰ ਨਾਲ ਬਹਿਸ ਕਰਦੀ ਦਿਖਾਈ ਦਿੱਤੀ ਕਿ ਉਸਦਾ ਰੈਜੀਡੈਂਸ ਸਰਟੀਫਿਕੇਟ ਕਿਉਂ ਖਾਰਿਜ ਕਰਵਾਇਆ ਗਿਆ ਤਾਂ ਅੱਗੋਂ ਕੌਂਸਲਰ ਸਾਹਿਬ ਕਹਿੰਦੇ ਨੇ ਕਿ ਤੂੰ ਮੈਨੂੰ ਕਦੇ ਨਮਸਤੇ ਨਹੀ ਬੁਲਾਈ। ਵੀਡੀਓ ਵਾਇਰਲ ਤੋਂ ਬਾਅਦ ਜਦੋਂ ਪੱਤਰਕਾਰਾਂ ਦੀ ਟੀਮ ਪੀੜਿਤ ਲੜਕੀ ਦੇ ਰਾਮਾਂ ਮੰਡੀ ਦੇ ਵਾਰਡ ਨੰ:8 ਵਿਚਲੇ ਘਰ ਚ ਪੁੱਜੀ ਤਾਂ ਲੜਕੀ ਜਿਸਨੇ ਆਪਣਾ ਨਾਂ ਉਰਵਸ਼ੀ ਦੱਸਿਆ ਨੇ ਗੱਲਬਾਤ ਦੌਰਾਨ ਕਿਹਾ ਕਿ 11 ਜੁਲਾਈ 2026 ਨੂੰ ਉਸਨੇ ਆਪਣਾ ਰੈਜੀਡੈਂਸ ਸਰਟੀਫਿਕੇਟ ਸੇਵਾ ਕੇਂਦਰ ਚ ਬਿਨੈ ਕੀਤਾ ਸੀ ਕਿਉਂਕਿ ਡਾਕਖਾਨੇ ’ਚ ਖਾਤਾ ਖੁਲਵਾਉਣਾ ਸੀ ਜਿਸ ਵਿੱਚ ਉਸਦੇ ਵਜ਼ੀਫੇ ਦੀ ਰਾਸ਼ੀ ਆਉਣੀ ਸੀ। ਕਈ ਦਿਨ ਸੇਵਾ ਕੇਂਦਰ ਦੇ ਚੱਕਰ ਲਗਾਉਣ ਤੋਂ ਬਾਅਦ ਹੁਣ ਉਸਨੂੰ ਪਤਾ ਲੱਗਾ ਕਿ ਉਸਦਾ ਉਕਤ ਸਰਟੀਫਿਕੇਟ ਵਾਰਡ ਦੇ ਕੌਂਸਲਰ ਵੱਲੋਂ ਇਤਰਾਜ਼ ਲਾਉਣ ਉਪਰੰਤ ਖਾਰਿਜ ਕਰ ਦਿੱਤਾ ਗਿਐ। ਉਕਤ ਵਿਦਿਆਰਥਣ ਮੁਤਾਬਿਕ ਜਦੋਂ ਉਸਨੇ ਸਬੰਧਿਤ ਕੌਂਸਲਰ ਰਮੇਸ਼ ਕੁਮਾਰ ਨੂੰ ਪੁੱਛਿਆ ਕਿ ਉਹ ਉਨਾਂ ਦੇ ਗੁਆਂਢ ਚ ਰਹਿੰਦੇ ਹਨ ਤਾਂ ਉਨਾਂ ਦਾ ਸਰਟੀਫਿਕੇਟ ਖਾਰਿਜ ਕਿਉਂ ਕਰ ਦਿੱਤਾ ਤਾਂ ਕੌਂਸਲਰ ਨੇ ਕਿਹਾ ਕਿ ਤੁਹਾਨੂੰ ਬੋਲਣ ਦੀ ਅਕਲ ਨਹੀ, ਤੂੰ ਮੈਨੂੰ ਕਦੇ ਨਮਸਤੇ ਨਹੀ ਬੁਲਾਈ ਇਸ ਕਰਕੇ ਤੁਹਾਡੇ ਨਾਲ ਇਸ ਤਰ੍ਹਾਂ ਹੋਇਐ। ਲੜਕੀ ਨੇ ਦਾਅਵਾ ਕੀਤਾ ਕਿ ਕੌਂਸਲਰ ਨੇ ਉਸਨੂੰ ਇਹ ਵੀ ਕਿਹਾ ਕਿ ਤੁਸੀਂ ਮੈਨੂੰ ਵੋਟਾਂ ਵੀ ਨਹੀ ਪਾਈਆਂ ਜਦੋਂਕਿ ਮੇਰੀ ਅਜੇ ਤੱਕ ਵੋਟ ਹੀ ਨਹੀ ਬਣੀ।ਪੀੜਿਤ ਲੜਕੀ ਅਨੁਸਾਰ ਹੁਣ ਉਸਨੇ ਕਿਸੇ ਹੋਰ ਵਾਰਡ ਦੇ ਕੌਂਸਲਰ ਤੋਂ ਪ੍ਰਮਾਣਿਤ ਕਰਵਾ ਕੇ ਸਰਟੀਫਿਕੇਟ ਦੁਬਾਰਾ ਬਿਨੈ ਕੀਤਾ ਹੈ ਜਦੋਂਕਿ ਉਸਦੀ 28 ਹਜ਼ਾਰ ਰੁਪਏ ਦੇ ਵਜ਼ੀਫੇ ਤੇ ਸੰਕਟ ਮੰਡਰਾ ਰਿਹੈ।ਉੱਧਰ ਉਕਤ ਵਿਦੀ ਆਰਥਣ ਦੀ ਮਾਤਾ ਲਕਸ਼ਮੀ ਦੇਵੀ ਨੇ ਕਿਹਾ ਕਿ ਇੱਕ ਪਾਸੇ ਸਰਕਾਰ ‘ਬੇਟੀ ਬਚਾਉ,ਬੇਟੀ ਪੜਾਉ’ ਦੇ ਨਾਅਰੇ ਦਿੰਦੀ ਹੈ ਦੂਜੇ ਪਾਸੇ ਪੜਨ ਵਾਲੀਆਂ ਗਰੀਬ ਲੜਕੀਆਂ ਨੂੰ ਇਸ ਤਰ੍ਹਾਂ ਖੱਜਲ ਕੀਤਾ ਜਾ ਰਿਹੈ।ਪਰਿਵਾਰ ਨੇ ਹਲਕਾ ਵਿਧਾਇਕਾ ਅਤੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਅਜਿਹੇ ਆਗੂਆਂ ਖਿਲਾਫ ਕਾਰਵਾਈ ਕੀਤੀ ਜਾਵੇ ਜੋ ਅਹੁਦੇ ਦਾ ਦੁਰਉਪਯੋਗ ਕਰਦੇ ਹਨ। ਉੱਧਰ ਸੰਪਰਕ ਕਰਨ ਤੇ ‘ਆਪ’ ਕੌਂਸਲਰ ਰਮੇਸ਼ ਕੁਮਾਰ ਨੇ ਕਿਹਾ ਕਿ ਨਿਯਮਾਂ ਮੁਤਾਬਿਕ ਉਸਨੇ ਸਰਟੀਫਿਕੇਟ ਦੀ ਜਾਂਚ ਪੜਤਾਲ ਲਈ ਸਬੰਧਿਤ ਧਿਰ ਨੂੰ ਫੋਨ ਕੀਤਾ ਪਰ ਉਨਾਂ ਦਾ ਜਵਾਬ ਨਾ ਮਿਲਣ ਤੇ ਉਸਨੂੰ ਖਾਰਿਜ ਕਰਵਾਇਆ ਗਿਐ ਬਾਕੀ ਸਭ ਦੋਸ਼ ਝੂਠੇ ਹਨ,ਨਾਲ ਹੀ ਕੌਂਸਲਰ ਨੇ ਇਹ ਜ਼ਰੂਰ ਮੰਨਿਆ ਕਿ ਉਕਤ ਪਰਿਵਾਰ ਉਸਨੂੰ ਬਣਦਾ ਸਤਿਕਾਰ ਨਹੀ ਦਿੰਦਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਗਤਾਂ ਨੂੰ ਗੁਰਇਤਿਹਾਸ ਤੇ ਕਥਾ ਕੀਰਤਨ ਸੁਣਾ ਕੇ ਗੁਰਬਾਣੀ ਨਾਲ ਜੋੜਿਆ




ਫ਼ਿਰੋਜ਼ਪੁਰ, 26 ਅਗਸਤ (ਮਨੋਹਰ ਲਾਲ) : ਇੰਗਲੈਂਡ ਦੀ ਧਰਤੀ ਤੇ ਸਥਿਤ ਬਾਬੇ ਕੇ ਫਾਰਮ (ਜੋ ਕਿ 35 ਏਕੜ ਵਿੱਚ ਫੈਲਿਆ ਹੋਇਆ ਹੈ ਅਤੇ ਜਿੱਥੇ ਸੰਤ ਬਾਬਾ ਨਾਹਰ ਸਿੰਘ ਜੀ ਨੇ ਇਸ ਜੰਗਲ ਵਿੱਚ ਮੰਗਲ ਕੀਤਾ ਸੀ) ਅਤੇ 35 ਸਾਲ ਇੱਥੇ ਭਗਤੀ ਕੀਤੀ, ਵਿਖੇ ਹਰ ਸਾਲ ਵਾਂਗ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਮਨਾਈ ਜਾਂਦੀ ਹੈ। ਇਸ ਵਾਰ 9 ਦਿਨਾਂ 83ਵੀਂ ਬਰਸੀ ਸਮਾਗਮ ਜੋ ਕਿ 22 ਅਗਸਤ ਤੋਂ 30 ਅਗਸਤ ਤੱਕ ਚੱਲ ਰਿਹਾ ਹੈ ਵਿਚ ਨੇ ਅੱਜ ਕਥਾ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂ ਜਸ ਸੁਣਾ ਕੇ ਨਿਹਾਲ ਕੀਤਾ। ਬਰਸੀ ਸਮਾਗਮ ਬਾਬੇ ਕੇ ਫਾਰਮ ਸਟ੍ਰੈਟਫੋਰਡ ਅਪਾਨ ਐਵਨ ਵਾਰਵਿਨਸ਼ਾਇਰ ਸੀ।ਵੀ 37 ਡੀ।ਪੀ।ਕਿਉ ਵਿਖੇ ਮਨਾਇਆ ਜਾ ਰਿਹਾ ਹੈ, ਜਿਥੇ ਦੇਸ਼—ਵਿਦੇਸ਼ ਤੋਂ ਹਰ ਸਾਲ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰੀ ਭਰਦੀਆਂ ਹਨ।ਇਸ ਮੌਕੇ ਤੇ ਸੰਤ ਮਹਾਪੁਰਸ਼ਾਂ ਅਤੇ ਰਾਗੀ ਢਾਡੀ ਜੱਥਿਆਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਦਲ ਪੰਥ ਬੁੱਢਾ ਦਲ, ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲੇ, ਸੰਤ ਜਗਜੀਤ ਸਿੰਘ ਲੋਪੋ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਰਬਜੀਤ ਸਿੰਘ ਸੰਪੂਰਾਂ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਸਰਬਜੀਤ ਸਿੰਘ ਲਾਡੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਮਹਿੰਦਰ ਸਿੰਘ, ਭਾਈ ਅਮਰਜੀਤ ਸਿੰਘ ਨਾਨਕਸਰ ਠਾਠ ਈਸ਼ਰ ਦਰਬਾਰ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਸਮੇਤ ਅਨੇਕਾਂ ਧਾਰਮਿਕ ਸ਼ਖਸੀਅਤਾਂ ਨੇ ਸ਼ਮੂਲੀਅਤ ਕੀਤੀ। ਸਮਾਗਮਾਂ ਦੌਰਾਨ ਭਾਈ ਜਸ਼ਨਪ੍ਰੀਤ ਸਿੰਘ ਅਤੇ ਭਾਈ ਨਿਰਮਲ ਸਿੰਘ ਹਜ਼ੂਰੀ ਰਬਾਬੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਨੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਬਾਬੇ ਕੇ ਫਾਰਮ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਰਿੰਦਰ ਸਿੰਘ ਧੰਜਲ, ਧਰਮ ਸਿੰਘ ਘਟੌੜਾ, ਗੁਰਮੀਤ ਸਿੰਘ ਜੰਡੂ ਅਤੇ ਜਥੇਦਾਰ ਜਸਵੰਤ ਸਿੰਘ ਸੈਭੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਮੌਕੇ ਸੰਗਤਾਂ ਦੀ ਸੁਵਿਧਾ ਲਈ ਹਰ ਰੋਜ਼ ਦਿਨ ਵਿੱਚ ਤਿੰਨ ਵਾਰ ਬਰਮਿੰਘਮ ਤੋਂ ਬੱਸਾਂ ਬਾਬੇ ਕੇ ਫਾਰਮ ਲਈ ਚਲਾਈਆਂ ਗਈਆਂ ਹਨ।ਇਸ ਮੌਕੇ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜਸਵੰਤ ਸਿੰਘ ਸੈਭੀ, ਸਰਵਨ ਸਿੰਘ ਸੈਭੀ, ਧਰਮ ਸਿੰਘ ਘਟੌੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਰਿੰਦਰ ਸਿੰਘ ਧੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਬਲਦੇਵ ਸਿੰਘ ਮਲਸੀਆ, ਅਵਤਾਰ ਸਿੰਘ ਚੰਡੀ, ਜਗਤਾਰ ਸਿੰਘ ਘਟੌੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ ਸੱਗੂ, ਸਤ ਪ੍ਰਕਾਸ਼, ਹਰਜਿੰਦਰ ਸਿੰਘ ਸੈਭੀ ਅਤੇ ਰਾਜਾ ਨੇ ਸੰਗਤਾਂ ਅਤੇ ਮਹਾਪੁਰਸ਼ਾਂ ਦੀ ਹੱਥੀਂ ਸੇਵਾ ਕੀਤੀ।ਲੰਗਰ ਦੀ ਸੇਵਾ ਵਿੱਚ ਬੀਬੀ ਨਰਿੰਦਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਜਸਬੀਰ ਕੌਰ, ਬੀਬੀ ਨਰੰਜਨ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਦਿਨ—ਰਾਤ ਸੇਵਾ ਕਰ ਰਹੀਆਂ ਹਨ। ਇਥੇ ਗੁਰੂ ਕਾ ਲੰਗਰ, ਚਾਹ ਕੌਫੀ, ਪੀਜ਼ਾ, ਬਰਗਰ, ਨੂਡਲਜ਼, ਟਿੱਕੀ, ਸਮੋਸੇ ਆਦਿ ਵੱਖ—ਵੱਖ ਪ੍ਰਕਾਰ ਦੇ ਲੰਗਰਾਂ ਦੇ ਸਟਾਲ ਲਗਾ ਕੇ ਸੰਗਤਾਂ ਨੂੰ ਵਰਤਾਏ ਜਾ ਰਹੇ ਹਨ। ਉਪਰੋਕਤ ਆਗੂਆਂ ਨੇ ਇੰਗਲੈਂਡ ਨਿਵਾਸੀਆਂ ਅਤੇ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਬਰਸੀ ਸਮਾਗਮਾਂ ਵਿੱਚ ਭਾਰੀ ਗਿਣਤੀ ਚ ਪਹੁੰਚ ਕੇ ਮਹਾਪੁਰਸ਼ਾਂ ਦੇ ਆਸ਼ੀਰਵਾਦ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ):— ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਮੰਗ ਤੇ ਅੱਜ ਪ੍ਰਧਾਨ ਮੁੱਖ ਵਣ ਪਾਲ ਪੰਜਾਬ ਨਾਲ ਐਸੋਸੀਏਸ਼ਨ ਦੀ ਮੀਟਿੰਗ ਵਣ ਭਵਣ ਮੋਹਾਲੀ ਵਿਖੇ ਹੋਈ। ਵਿਭਾਗ ਵੱਲੋਂ ਪ੍ਰਧਾਨ ਮੁੱਖ ਵਣ ਪਾਲ ਪੰਜਾਬ ਸ਼੍ਰੀ ਧਰਮਿੰਦਰ ਸ਼ਰਮਾ ਸਮੇਤ ਉੱਚ ਅਧਿਕਾਰੀ ਅਤੇ ਕਰਮਚਾਰੀ ਮੀਟਿੰਗ ਵਿੱਚ ਹਾਜ਼ਰ ਸਨ।ਐਸੋਸੀਏਸ਼ਨ ਦੇ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਰਣਧੀਰ ਸਿੰਘ ਚੱਕਲ ਚੇਅਰਮੈਨ, ਸਤਪਾਲ ਸਿੰਘ, ਦਰਸ਼ਨ ਸਿੰਘ ਜਲੰਧਰ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਭਜਨ ਸਿੰਘ ਸੰਗਰੂਰ, ਮਨਜੀਤ ਸਿੰਘ ਖਰੜ, ਮਲਕੀਤ ਸਿੰਘ ਸ੍ਰੀ ਅਨੰਦਪੁਰ ਸਾਹਿਬ, ਪਵਨ ਕੁਮਾਰ ਪੁਰੀ ਪਟਿਆਲਾ, ਜੰਗ ਸਿੰਘ, ਹੁਸਨ ਚੰਦ ਵਣ ਰੇਂਜ ਅਫ਼ਸਰ, ਭੁਪਿੰਦਰ ਸਿੰਘ, ਬਲਜਿੰਦਰ ਸਿੰਘ, ਪ੍ਰੇਮ ਕੁਮਾਰ ਸ਼ਰਮਾ ਆਦਿ ਨੇ ਮੀਟਿੰਗ ਵਿੱਚ ਹਿਸਾ ਲਿਆ।ਮੀਟਿੰਗ ਵਿੱਚ ਵਣ ਪੈਨਸ਼ਨਰਜ ਦੇ ਬਣਦੇ ਹੱਕ ਸਮੇਂ ਸਿਰ ਦੇਣ, ਬਣਦੀ ਪ੍ਰਮੋਸ਼ਨ, ਏ.ਸੀ.ਪੀ ਦਾ ਲਾਭ, ਸੇਨਿਓਰਟੀ ਸੂਚੀ ਵਿੱਚ ਨਾਮ ਦਰਜ਼ ਕਰਨ, ਮੈਡੀਕਲ ਬਿਲਾਂ ਦੀ ਸਮੇਂ ਸਿਰ ਅਦਾਇਗੀ, ਡੀ ਏ ਅਤੇ ਲੀਵ ਇੰਕੈਸ਼ਮੇਂਟ ਦਾ ਬਕਾਇਆ ਚਲਦਿਆਂ ਅਪੀਲਾਂ ਅਤੇ ਕੇਸਾਂ ਵਿੱਚ ਸਮੇਂ ਸਿਰ ਰਿਕਾਰਡ ਦੇਣ ਅਤੇ ਸਮਾਂਬੱਧ ਨਿਪਟਾਰਾ, ਵਣ ਸ਼ਹੀਦਾਂ ਦੇ ਨਾਮ ਪਾਰਕ, ਗੇਟ ਅਤੇ ਨਰਸਰੀਆਂ ਸਥਾਪਤ ਕਰਨ ਅਤੇ ਫਾਜ਼ਿਲਕਾ ਜ਼ਿਲ੍ਹੇ ਦੇ ਕਸਬੇ ਮਹਿਰਾਜਪੁਰ ਤਹਿਸੀਲ ਅਬੋਹਰ ਵਿਖੇ 11 ਸਤੰਬਰ ਨੂੰ ਮਨਾਏ ਜਾ ਰਹੇ ਵਣ ਸ਼ਹੀਦੀ ਦਿਵਸ ਮੌਕੇ ਸ਼ਹੀਦ ਮਾਤਾ ਅੰਮ੍ਰਿਤਾਦੇਵੀ ਪਾਰਕ ਦੀ ਸਾਂਭ ਸੰਭਾਲ ਲਈ ਟਰੱਸਟ ਬਣਾਉਣ ਅਤੇ ਵਿਸ਼ੇਸ਼ ਫੰਡ ਦੇਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਪ੍ਰਧਾਨ ਮੁੱਖ ਵਣ ਪਾਲ ਪੰਜਾਬ ਵੱਲੋਂ ਐਸੋਸੀਏਸ਼ਨ ਦੇ ਮੰਗ ਪੱਤਰ ਤੇ ਕਾਰਵਾਈ ਲਈ ਵਣ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਕਮੇਟੀ ਬਣਾ ਕੇ ਜ਼ਲਦੀ ਤੋਂ ਜ਼ਲਦੀ ਸਾਰੇ ਮਸਲਿਆਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ। ਐਸੋਸੀਏਸ਼ਨ ਵੱਲੋਂ ਪੰਜਾਬ ਵਿੱਚ ਸ਼ਹੀਦ ਹੋਏ ਛੇ ਵਣ ਮੁਲਾਜਮਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕਰਨ ਦੀ ਮੰਗ ਤੇ ਵੀ ਵਿਭਾਗ ਦੇ ਮੁੱਖੀ ਵੱਲੋਂ ਗੰਭੀਰਤਾ ਨਾਲ ਹਾਮੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ...




## ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਕਰਨਗੇ ਬਠਿੰਡਾ ਵਿਖੇ 5 ਸਤੰਬਰ ਨੂੰ 'ਖੇਡਾਂ ਵਤਨ ਪੰਜਾਬ ਦੀਆਂ-2026' ਦਾ ਆਗਾਜ਼

ਬਠਿੰਡਾ, 28 ਅਗਸਤ (ਗੁਰਜੰਟ ਸਿੰਘ ਨਥੇ ਨਥੇਹਾ)- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ 5 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਸਟੇਡੀਅਮ ਬਠਿੰਡਾ ਵਿਖੇ "ਖੇਡਾਂ ਵਤਨ ਪੰਜਾਬ ਦੀਆਂ 2026" ਦਾ ਆਗਾਜ਼ ਕਰਨਗੇ। ਸੂਬੇ 'ਚ ਸਭਿਆਚਾਰ ਨੂੰ ਮੁੜ ਸੁਰਜੀਤ ਕਰਨ ਵਾਲੀ ਖੇਡਾਂ ਵਤਨ ਪੰਜਾਬ ਦੀਆਂ ਚ 16 ਤੋਂ ਘੱਟ ਅਤੇ 60 ਸਾਲ ਤੋਂ ਵੱਧ ਉਮਰ ਦੇ ਖਿਡਾਰੀ ਭਾਗ ਲੈ ਰਹੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਨੇ ਖੇਡਾਂ ਦੇ ਪ੍ਰਬੰਧਾਂ ਅਤੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸੱਦੀ ਵਿਸ਼ੇਸ਼ ਮੀਟਿੰਗ ਦੌਰਾਨ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਖੇਡਾਂ ਵਤਨ ਪੰਜਾਬ ਦੀਆਂ 2026 ਚ ਭਾਗ ਲੈਣ ਸਬੰਧੀ ਕਿਊ.ਆਰ ਕੋਡ ਵੀ ਜਾਰੀ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਰ ਜ਼ਿਲ੍ਹਾ ਬਠਿੰਡਾ ਨੂੰ 'ਖੇਡਾਂ ਵਤਨ ਪੰਜਾਬ ਦੀਆਂ-2026' ਦੀ ਮੇਜ਼ਬਾਨੀ ਦਾ ਮਾਣ ਹਾਸਲ ਹੋਇਆ ਹੈ। ਉਦਘਾਟਨੀ ਸਮਾਗਮ ਨੂੰ ਯਾਦਗਾਰ ਬਣਾਉਣ ਲਈ ਵਿਆਪਕ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਸਮਾਗਮ ਦੌਰਾਨ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ 'ਤੇ ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀ ਵਿਸ਼ੇਸ਼ ਮਾਰਚ ਪਾਸਟ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਖੇਡ ਜਗਤ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਖਿਡਾਰੀਆਂ ਦੀ ਸ਼ਮੂਲੀਅਤ ਵੀ ਖਿੱਚ ਦਾ ਕੇਂਦਰ ਰਹੇਗੀ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਾਇਕ ਗੁਰਦਾਸ ਮਾਨ ਅਤੇ ਗਾਇਕ ਕੁਲਵਿੰਦਰ ਬਿੱਲਾ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਸ੍ਰੀ ਧੀਮਾਨ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਦਘਾਟਨੀ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ ਅਤੇ ਖਿਡਾਰੀਆਂ ਤੇ ਦਰਸ਼ਕਾਂ ਦੀ ਸਹੂਲਤ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇ। ਨਗਰ ਨਿਗਮ ਬਠਿੰਡਾ ਨੂੰ ਹਿਦਾਇਤ ਕੀਤੀ ਗਈ ਕਿ ਸਟੇਡੀਅਮ ਅਤੇ ਉਸੇ ਦੇ ਆਸ ਪਾਸ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ, ਸਹਾਇਕ ਕਮਿਸ਼ਨਰ ਸ੍ਰੀ ਗੁਰਜਿੰਦਰ ਸਿੰਘ, ਉਪ ਮੰਡਲ ਮੈਜਿਸਟ੍ਰੇਟ ਉਪ ਮੰਡਲ ਮੈਜਿਸਟ੍ਰੇਟ ਫੂਲ ਸ. ਬਲਕਰਨ ਸਿੰਘ ਮਾਹਲ, ਐਸ ਪੀ ਹੈਡਕੁਆਰਟਰ ਸ਼੍ਰੀ ਜਗਦੀਸ਼ ਬਿਸ਼ਨੋਈ, ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਰੁਪਿੰਦਰ ਸਿੰਘ, ਡੀਐੱਸਪੀ ਗੁਰਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ ਵਾਲੇ ਨੇ ਕਰਵਾਈ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਫੁੱਲਾਂ ਨਾਲ ਸਜਾਵਟ

ਚੌਕ ਮਹਿਤਾ,28 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)- ਬਾਬਾ ਬਕਾਲਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਯਾਦ 'ਚ ਸਾਚਾ ਗੁਰੂ ਲਾਧੋ ਰੇ ਦਿਵਸ ਨੂੰ ਸਮਰਪਿਤ ਸੰਸਾਰ ਪ੍ਰਸਿੱਧ ਤਿੰਨ ਰੋਜਾ ਸਾਲਾਨਾ ਜੋੜ ਮੇਲਾ ਰੱਖੜ ਪੁੰਨਿਆਂ 27-28-29 ਅਗਸਤ, ਦਿਨ ਵੀਰ-ਸ਼ੁਕਰ-ਸ਼ਨੀਵਾਰ ਨੂੰ ਸਾਧ ਸੰਗਤ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸੰਤ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ, ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਜੰਡਿਆਲਾ ਗੁਰੂ ਦੀ ਅਗਵਾਈ ਹੇਠ ਸਾਧ ਸੰਗਤ ਵਲੋਂ ਤਪ ਅਸਥਾਨ ਸ੍ਰੀ ਭੋਰਾ ਸਾਹਿਬ, ਦਰਬਾਰ ਸਾਹਿਬ, ਸ਼ੀਸ਼ ਮਹਿਲ, ਸ੍ਰੀ ਮੰਜੀ ਸਾਹਿਬ ਆਦਿ ਅਸਥਾਨਾਂ ਉਪਰ ਖੁਸ਼ਬੂਦਾਰ ਫੁੱਲਾਂ ਨਾਲ ਕੀਤੀ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇੱਥੇ ਸੰਤ ਬਾਬਾ ਬਿਬੇਕ ਸਿੰਘ ਨੇ ਦੱਸਿਆ ਕਿ ਲਗਾਤਾਰ 4-5 ਦਿਨ ਰੋਜਾਨਾ ਤਰੋ ਤਾਜੇ ਫੁੱਲਾਂ ਨਾਲ ਗੁਰਦੁਆਰਾ ਸਾਹਿਬ ਦੀ ਸਜਾਵਟ ਕੀਤੀ ਜਾਵੇਗੀ । ਉਨ੍ਹਾਂ ਕਿਹਾ ਕਿ ਲੱਖਾਂ ਰੁਪਏ ਦੀ ਲਾਗਤ ਨਾਲ ਇਹ ਸੇਵਾਵਾਂ ਹਰ ਸਾਲ ਹੀ ਨਿਭਾਈਆਂ ਜਾਂਦੀਆ ਹਨ । ਉਨ੍ਹਾਂ ਦੱਸਿਆ ਕਿ ਇਨ੍ਹਾਂ ਸੇਵਾਵਾਂ 'ਚ ਯੂਥ ਆਗੂ ਪਲਵਿੰਦਰ ਸਿੰਘ ਪੱਪਾ, ਬਲਜਿੰਦਰ ਸਿੰਘ ਥਿੰਦ, ਹਰਭੁਪਿੰਦਰ ਸਿੰਘ ਮੱਲ੍ਹੀ, ਚੇਅਰਮੈਨ ਸੁੱਖ ਰੰਧਾਵਾ, ਜੋਧਾ ਕੈਟਰਿੰਗ, ਕੰਵਲਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਮਨਿੰਦਰ ਸਿੰਘ ਬੰਡਾਲਾ ਵੀ ਆਰਥਿਕ ਤੌਰ ਤੇ ਸੇਵਾੜਾਂ ਨਿਭਾਅ ਰਹੇ ਹਨ । ਇਸ ਮੌਕੇ ਮੇਨੇਜਰ ਭਾਈ ਨਿਸ਼ਾਨ ਸਿੰਘ ਜੱਫਰਵਾਲ, ਇਸ ਮੌਕੇ ਮੀਤ ਮੈਨੇਜਰ ਭਾਈ ਸ਼ੇਰ ਸਿੰਘ, ਇੰਚਾਰਜ ਸੁਖਵਿੰਦਰ ਸਿੰਘ ਬੁਤਾਲਾ ਤੋਂ ਇਲਾਵਾ ਦਿਲਬਾਗ ਸਿੰਘ ਸ਼ੇਖ ਤਰਨ ਤਾਰਨ, ਅਮਰਜੀਤ ਸਿੰਘ ਅਕਾਊਟੈਂਟ, ਹੈੱਡ ਗ੍ਰੰਥੀ ਗਿ: ਹਰਦੇਵ ਸਿੰਘ, ਜਸਵਿੰਦਰ ਸਿੰਘ ਕਾਲਾ, ਮੰਗਦੀਪ ਸਿੰਘ, ਜਰਮਨਜੀਤ ਸਿੰਘ ਜਲਾਲ ਉਸਮਾ, ਤੇਜਿੰਦਰ ਸਿੰਘ ਬੱਲ ਸਠਿਆਲਾ, ਜਗਤਾਰ ਸਿੰਘ ਬਹਾਦਰਪੁਰ, ਨਿਰਮਲ ਸਿੰਘ ਸਟੋਰ ਕੀਪਰ, ਨਿਰੰਜਣ ਸਿੰਘ, ਜਸਬੀਰ ਸਿੰਘ ਖੱਬੇ ਰਾਜਪੂਤਾਂ ਅਤੇ ਹੋਰ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੇ ਸ਼ਹੀਦੀ ਦਿਹਾੜੇ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਅਤੇ ਖ਼ਾਲਿਸਤਾਨ ਦੇ ਸੰਘਰਸ਼ ਨੂੰ ਪ੍ਰਚੰਡ ਕਰਨ ਦਾ ਜ਼ੋਰਦਾਰ ਹੋਕਾ: ਪੰਥਕ ਜਥੇਬੰਦੀਆਂ ਜਰਮਨੀ




ਨਵੀਂ ਦਿੱਲੀ 28 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਜ਼ੁਲਮ ਦੇ ਰਾਜ ਦਾ ਖ਼ਾਤਮਾ ਕਰਕੇ ਸਿੱਖ ਕੌਮ ਦੀ ਆਨ-ਬਾਨ ਅਤੇ ਸ਼ਾਨ ਨੂੰ ਮੁੜ ਬਹਾਲ ਕਰਨ ਵਾਲੇ ਸਦੀ ਦੇ ਮਹਾਨ ਨਾਇਕ, ਅਮਰ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੇ 31ਵੇਂ ਸ਼ਹੀਦੀ ਦਿਹਾੜੇ ਦੇ ਸਬੰਧ ਵਿੱਚ ਜਰਮਨੀ ਦੇ ਪ੍ਰਮੁੱਖ ਪੰਥਕ ਆਗੂਆਂ ਵੱਲੋਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਅਤੇ ਨੌਜਵਾਨੀ ਨੂੰ 31 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੁੰਮ-ਹੁਮਾ ਕੇ ਪਹੁੰਚਣ ਅਤੇ ਸਿੱਖ ਕੌਮ ਦੇ ਸਰਵਉੱਚ ਨਿਸ਼ਾਨੇ—ਆਜ਼ਾਦ ਖ਼ਾਲਿਸਤਾਨ ਦੀ ਸਥਾਪਤੀ ਦੇ ਸੰਘਰਸ਼ ਵਿੱਚ ਸਰਗਰਮ ਹਿੱਸਾ ਪਾਉਣ ਦਾ ਇੱਕ ਪ੍ਰਚੰਡ ਹੋਕਾ ਦਿੱਤਾ ਗਿਆ ਹੈ। ਜਰਮਨੀ ਦੀਆਂ ਮੁੱਖ ਪੰਥਕ ਜਥੇਬੰਦੀਆਂ ਦੇ ਆਗੂਆਂ—ਜਿਨ੍ਹਾਂ ਵਿੱਚ ਬੱਬਰ ਖ਼ਾਲਸਾ ਜਰਮਨੀ ਦੇ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਦਲ ਖਾਲਸਾ ਇੰਟਰਨੈਸ਼ਨਲ ਜਰਮਨੀ ਦੇ ਪ੍ਰਧਾਨ ਭਾਈ ਹਰਮੀਤ ਸਿੰਘ, ਭਾਈ ਅੰਗਰੇਜ਼ ਸਿੰਘ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਲਖਵਿੰਦਰ ਸਿੰਘ ਮੱਲ੍ਹੀ, ਭਾਈ ਸੁਖਵਿੰਦਰ ਸਿੰਘ ਕਲੋਨ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਦੇ ਪ੍ਰਧਾਨ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਭਾਈ ਰਾਜਵਿੰਦਰ ਸਿੰਘ ਰਾਜੂ ਵੱਲੋਂ ਜਾਰੀ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਗਿਆ ਹੈ ਕਿ ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਸਿੱਖ ਇਤਿਹਾਸ ਦਾ ਉਹ ਸੁਨਹਿਰੀ ਪੰਨਾ ਹੈ, ਜਿਸਨੇ ਪੰਜਾਬ ਦੀ ਧਰਤੀ 'ਤੇ ਸਿੱਖ ਨਸਲਕੁਸ਼ੀ ਕਰਨ ਵਾਲੇ ਸਰਕਾਰੀ ਤੰਤਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦਿੱਤੀਆਂ ਸਨ। ਪੰਥਕ ਆਗੂਆਂ ਨੇ ਆਖਿਆ ਕਿ 1990ਵਿਆਂ ਦੇ ਦੌਰ ਵਿੱਚ ਜਦੋਂ ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਅਤੇ ਪੁਲਿਸ ਮੁਖੀ ਕੇ.ਪੀ.ਐਸ. ਗਿੱਲ ਦੇ ਜ਼ਾਲਮਾਨਾ ਰਾਜ ਹੇਠ ਹਜ਼ਾਰਾਂ ਬੇਗੁਨਾਹ ਸਿੱਖ ਨੌਜਵਾਨਾਂ ਨੂੰ ਝੂਠੇ ਮੁਕਾਬਲਿਆਂ ਵਿੱਚ ਸ਼ਹੀਦ ਕੀਤਾ ਜਾ ਰਿਹਾ ਸੀ, ਧੀਆਂ-ਭੈਣਾਂ ਦੀ ਪੱਤ ਰੋਲ਼ੀ ਜਾ ਰਹੀ ਸੀ ਅਤੇ ਕਾਨੂੰਨ ਦੇ ਸਾਰੇ ਰਾਹ ਬੰਦ ਹੋ ਚੁੱਕੇ ਸਨ, ਤਾਂ ਉਸ ਕਾਲੇ ਦੌਰ ਦਾ ਖ਼ਾਤਮਾ ਕਰਨ ਲਈ ਭਾਈ ਦਿਲਾਵਰ ਸਿੰਘ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ 'ਮਨੁੱਖੀ ਬੰਬ' ਬਣ ਕੇ ਜ਼ਾਲਮ ਨੂੰ ਉਸਦੇ ਕੀਤੇ ਪਾਪਾਂ ਦੀ ਸਜ਼ਾ ਦਿੱਤੀ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 'ਕੌਮੀ ਸ਼ਹੀਦ' ਐਲਾਨੇ ਜਾ ਚੁੱਕੇ ਭਾਈ ਦਿਲਾਵਰ ਸਿੰਘ ਦੀ ਕੁਰਬਾਨੀ ਆਤਮਘਾਤ ਨਹੀਂ, ਸਗੋਂ ਜ਼ੁਲਮ ਦੇ ਨਾਸ ਲਈ ਅਤੇ ਮਜ਼ਲੂਮਾਂ ਦੀ ਰਾਖੀ ਲਈ ਦਿੱਤੀ ਗਈ ਇੱਕ ਮਹਾਨ ਇਨਕਲਾਬੀ ਆਹੂਤੀ ਸੀ, ਜਿਸ 'ਤੇ ਸਮੁੱਚੀ ਕੌਮ ਸਦੀਆਂ ਤੱਕ ਮਾਣ ਕਰਦੀ ਰਹੇਗੀ। ਜਰਮਨੀ ਦੇ ਸਮੂਹ ਪੰਥਕ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸਿੱਖ ਨੌਜਵਾਨੀ ਨੂੰ ਵੰਗਾਰਦਿਆਂ ਕਿਹਾ ਕਿ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ, ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ ਅਤੇ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਵਰਗੇ ਮਹਾਨ ਯੋਧਿਆਂ ਨੇ ਜਿਸ ਨਿਸ਼ਾਨੇ ਲਈ ਆਪਣੀਆਂ ਜਾਨਾਂ ਕੌਮ ਦੇ ਲੇਖੇ ਲਾਈਆਂ, ਉਹ ਨਿਸ਼ਾਨਾ ਕੇਵਲ ਤੇ ਕੇਵਲ 'ਆਜ਼ਾਦ ਸਿੱਖ ਰਾਜ—ਖ਼ਾਲਿਸਤਾਨ' ਦੀ ਸਥਾਪਤੀ ਹੈ। ਉਨ੍ਹਾਂ ਕਿਹਾ ਕਿ ਭਾਰਤੀ ਹਾਕਮਾਂ ਦੇ ਜਬਰ, ਨਸਲਕੁਸ਼ੀ ਅਤੇ ਸਿੱਖੀ ਹਸਤੀ ਨੂੰ ਮਿਟਾਉਣ ਦੀਆਂ ਸਾਜ਼ਿਸ਼ਾਂ ਦਾ ਇੱਕੋ-ਇੱਕ ਪੱਕਾ ਇਲਾਜ ਖ਼ਾਲਿਸਤਾਨ ਹੈ। ਜਿੰਨਾ ਚਿਰ ਸਿੱਖ ਕੌਮ ਆਪਣੀ ਭੂਮੀ 'ਤੇ ਖ਼ੁਦਮੁਖਤਿਆਰ ਨਹੀਂ ਹੁੰਦੀ, ਓਨਾ ਚਿਰ ਸਿੱਖਾਂ ਦੇ ਮਨੁੱਖੀ ਅਧਿਕਾਰ, ਧਰਮ ਅਤੇ ਅਣਖ ਕਦੇ ਵੀ ਸੁਰੱਖਿਅਤ ਨਹੀਂ ਰਹਿ ਸਕਦੇ। ਇਸ ਲਈ ਅੱਜ ਸਮਾਂ ਮੰਗ ਕਰਦਾ ਹੈ ਕਿ ਦੇਸ਼-ਵਿਦੇਸ਼ ਦੀ ਸਮੁੱਚੀ ਸਿੱਖ ਨੌਜਵਾਨੀ ਸਾਰੀਆਂ ਮੱਤਭੇਦਾਂ ਨੂੰ ਭੁਲਾ ਕੇ ਖ਼ਾਲਿਸਤਾਨ ਦੀ ਸਥਾਪਤੀ ਲਈ ਚੱਲ ਰਹੇ ਰਾਜਨੀਤਿਕ, ਕੂਟਨੀਤਿਕ ਅਤੇ ਪ੍ਰਚਾਰਕ ਸੰਘਰਸ਼ ਵਿੱਚ ਤਨ, ਮਨ ਅਤੇ ਧਨ ਨਾਲ ਜੁੜੇ। ਜਰਮਨੀ ਦੀਆਂ ਪੰਥਕ ਜਥੇਬੰਦੀਆਂ ਦੇ ਉਪਰੋਕਤ ਆਗੂਆਂ ਨੇ ਪੰਜਾਬ ਅਤੇ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਰਹਿ ਰਹੇ ਸਿੱਖ ਨੌਜਵਾਨਾਂ, ਮਾਤਾਵਾਂ, ਭੈਣਾਂ ਅਤੇ ਬਜ਼ੁਰਗਾਂ ਨੂੰ ਸੱਦਾ ਦਿੱਤਾ ਹੈ ਕਿ ਮਿਤੀ 31 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ ਵਿਖੇ ਹੋਣ ਵਾਲੇ ਸਾਲਾਨਾ ਸ਼ਹੀਦੀ ਸਮਾਗਮਾਂ ਵਿੱਚ ਵੱਡੀ ਗਿਣਤੀ ਵਿੱਚ ਪਹੁੰਚ ਕੇ ਕੌਮੀ ਸ਼ਹੀਦ ਨੂੰ ਆਪਣਾ ਸਿਜਦਾ ਭੇਟ ਕਰਨ। ਸਰਕਾਰੀ ਤਸ਼ੱਦਦ ਅਤੇ ਜ਼ੁਲਮ ਵਿਰੁੱਧ ਉੱਠਣ ਵਾਲੀ ਇਸ ਆਵਾਜ਼ ਨੂੰ ਬੁਲੰਦ ਰੱਖਣ ਲਈ ਆਪਣੀ ਕੌਮੀ ਹਾਜ਼ਰੀ ਦਰਜ ਕਰਵਾਉਣ। ਅਖੀਰ ਵਿੱਚ ਜਰਮਨੀ ਦੇ ਪੰਥਕ ਆਗੂਆਂ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੋ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀਆਂ ਹਨ, ਉਨ੍ਹਾਂ ਦਾ ਵਜੂਦ ਮਿਟ ਜਾਂਦਾ ਹੈ। ਅੱਜ ਦੇ ਸਮੇਂ ਵਿੱਚ ਜਦੋਂ ਸਿੱਖੀ ਸਿਧਾਂਤਾਂ ਅਤੇ ਪੰਥਕ ਹਸਤੀ 'ਤੇ ਚੌਤਰਫ਼ਾ ਹਮਲੇ ਹੋ ਰਹੇ ਹਨ, ਤਾਂ ਭਾਈ ਦਿਲਾਵਰ ਸਿੰਘ ਵਰਗੇ ਸੂਰਮਿਆਂ ਦੀ ਯਾਦ ਮਨਾਉਣਾ ਅਤੇ ਖ਼ਾਲਿਸਤਾਨ ਦੇ ਲਾਟ ਨੂੰ ਮਘਦਾ ਰੱਖਣਾ ਹੋਰ ਵੀ ਜ਼ਰੂਰੀ ਹੋ ਗਿਆ ਹੈ। ਉਨ੍ਹਾਂ ਸਮੁੱਚੀ ਸਿੱਖ ਨੌਜਵਾਨੀ ਨੂੰ ਅਪੀਲ ਕੀਤੀ ਕਿ ਉਹ ਪੰਥ ਵਿਰੋਧੀ ਤਾਕਤਾਂ ਨੂੰ ਪਛਾੜਨ ਲਈ 31 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਸ਼ਾਨ ਸਾਹਿਬ ਹੇਠ ਇਕੱਤਰ ਹੋ ਕੇ ਆਪਣੀ ਕੌਮੀ ਏਕਤਾ ਅਤੇ ਖ਼ਾਲਿਸਤਾਨ ਦੇ ਸੰਕਲਪ ਦਾ ਸਬੂਤ ਦੇਣ।

ਆਵਾਜ਼ਿ ਕੌਮ AWAZE QAUM International Newspaper & WEB TV

## ਅਮਰੀਕਾ 'ਚ ਸਿੱਖ ਆਗੂਆਂ ਦੇ ਕਤਲ ਦੀਆਂ ਸਾਜ਼ਿਸ਼ਾਂ ਦਾ ਗੰਭੀਰ ਮਾਮਲਾ: ਯੂ.ਐੱਸ. ਪੈਨਲ ਵੱਲੋਂ ਆਰ.ਐੱਸ.ਐੱਸ. ਮੁਖੀ ਮੋਹਨ ਭਾਗਵਤ ਦਾ ਵੀਜ਼ਾ ਰੱਦ ਕਰਨ ਅਤੇ ਸਖ਼ਤ ਪਾਬੰਦੀਆਂ ਦੀ ਮੰਗ

### ਭਾਰਤ ਨੂੰ "ਵਿਸ਼ੇਸ਼ ਚਿੰਤਾ ਵਾਲਾ ਦੇਸ਼" ਐਲਾਨ ਕੇ ਤੁਰੰਤ ਕੀਤਾ ਜਾਵੇ ਬਲੈਕਲਿਸਟ

### ਅਮਰੀਕਾ ਵਿੱਚ ਮੌਜੂਦ ਸਿੱਖ ਜਥੇਬੰਦੀਆਂ ਵੱਲੋਂ ਇਸ ਦੌਰੇ ਦਾ ਹੋਵੇਗਾ ਜ਼ੋਰਦਾਰ ਵਿਰੋਧ




ਨਵੀਂ ਦਿੱਲੀ 28 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਉੱਤਰੀ ਅਮਰੀਕਾ ਦੀ ਧਰਤੀ 'ਤੇ ਸਿੱਖ ਆਗੂਆਂ ਨੂੰ ਨਿਸ਼ਾਨਾ ਬਣਾਉਣ ਅਤੇ ਉਨ੍ਹਾਂ ਦੇ ਕਥਿਤ ਕਤਲ ਦੀਆਂ ਅੰਤਰਰਾਸ਼ਟਰੀ ਸਾਜ਼ਿਸ਼ਾਂ ਦੇ ਮੁੱਦੇ 'ਤੇ ਅਮਰੀਕਾ ਦੇ ਸਰਕਾਰੀ ਪੈਨਲ ਨੇ ਭਾਰਤ ਸਰਕਾਰ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ ਖਿਲਾਫ ਤਿੱਖਾ ਰੁਖ਼ ਅਖਤਿਆਰ ਕਰ ਲਿਆ ਹੈ। ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਬਾਰੇ ਅਮਰੀਕੀ ਕਮਿਸ਼ਨ (ਯੂਐੱਸਸੀਆਈਆਰਐੱਫ) ਨੇ ਆਰ.ਐੱਸ.ਐੱਸ. ਮੁਖੀ ਮੋਹਨ ਭਾਗਵਤ ਦੇ ਮੌਜੂਦਾ ਅਮਰੀਕਾ ਦੌਰੇ 'ਤੇ ਸਖ਼ਤ ਚਿੰਤਾ ਜ਼ਾਹਰ ਕਰਦਿਆਂ ਬਿਨਾਂ ਕਿਸੇ ਦੇਰੀ ਉਨ੍ਹਾਂ ਦਾ ਵੀਜ਼ਾ ਰੱਦ ਕਰਨ ਅਤੇ ਸੰਘ ਦੇ ਮੈਂਬਰਾਂ 'ਤੇ ਸਖ਼ਤ ਪਾਬੰਦੀਆਂ ਲਗਾਉਣ ਦੀ ਮੰਗ ਕੀਤੀ ਹੈ। ਕਮਿਸ਼ਨ ਨੇ ਸਿੱਧਾ ਦੋਸ਼ ਲਾਇਆ ਹੈ ਕਿ ਭਾਰਤ ਸਰਕਾਰ ਨੇ ਆਪਣੀਆਂ ਸਰਹੱਦਾਂ ਤੋਂ ਪਾਰ ਜਾ ਕੇ, ਖਾਸ ਕਰਕੇ ਉੱਤਰੀ ਅਮਰੀਕਾ ਵਿੱਚ, ਸਿੱਖ ਆਗੂਆਂ ਨੂੰ ਨਿਸ਼ਾਨਾ ਬਣਾਉਣ ਲਈ 'ਪਾਰ-ਦੇਸ਼ੀ ਦਮਨ' ਵਰਗੇ ਖ਼ਤਰਨਾਕ ਹੱਥਕੰਡੇ ਅਪਣਾਏ ਹਨ।ਕਮਿਸ਼ਨ ਦੇ ਮੁਖੀ ਆਸਿਫ਼ ਮਹਿਮੂਦ ਨੇ ਚਿਤਾਵਨੀ ਦਿੱਤੀ ਹੈ ਕਿ ਉੱਤਰੀ ਅਮਰੀਕਾ ਵਿੱਚ ਸਿੱਖਾਂ ਦੇ ਕਤਲ ਦੀਆਂ ਕੋਸ਼ਿਸ਼ਾਂ ਭਾਰਤ ਵਿੱਚ ਧਾਰਮਿਕ ਘੱਟ ਗਿਣਤੀਆਂ ਨੂੰ ਦਬਾਉਣ ਦੀ ਨੀਤੀ ਦਾ ਹਿੱਸਾ ਹਨ। ਰਿਪੋਰਟ ਵਿੱਚ ਸਾਫ਼ ਕਿਹਾ ਗਿਆ ਹੈ ਕਿ ਭਾਰਤ ਦੀ ਭਾਜਪਾ ਸਰਕਾਰ ਆਰ.ਐੱਸ.ਐੱਸ. ਦੀ ਕੱਟੜ 'ਹਿੰਦੂਤਵ' ਵਿਚਾਰਧਾਰਾ 'ਤੇ ਚੱਲ ਰਹੀ ਹੈ, ਜਿਸ ਤਹਿਤ ਸਿੱਖਾਂ, ਈਸਾਈਆਂ ਅਤੇ ਮੁਸਲਮਾਨਾਂ ਵਿਰੁੱਧ ਹੁੰਦੀ ਹਿੰਸਾ 'ਤੇ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਂਦੀ। ਕਮਿਸ਼ਨ ਅਨੁਸਾਰ, ਭਾਰਤ ਵਿੱਚ ਬਣਾਏ ਗਏ ਧਰਮ ਪਰਿਵਰਤਨ ਵਿਰੋਧੀ ਕਾਨੂੰਨਾਂ, ਅਸਾਮ ਵਿੱਚ ਐੱਨ.ਆਰ.ਸੀ. ਅਤੇ ਸੀ.ਏ.ਏ. ਵਰਗੀਆਂ ਨੀਤੀਆਂ ਦੀ ਆੜ ਵਿੱਚ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਨ੍ਹਾਂ ਗੰਭੀਰ ਹਾਲਾਤਾਂ ਦੇ ਮੱਦੇਨਜ਼ਰ, ਯੂ.ਐੱਸ. ਪੈਨਲ ਨੇ ਅਮਰੀਕੀ ਵਿਦੇਸ਼ ਵਿਭਾਗ ਨੂੰ ਸਖ਼ਤ ਤਾਕੀਦ ਕੀਤੀ ਹੈ ਕਿ ਭਾਰਤ ਨੂੰ "ਵਿਸ਼ੇਸ਼ ਚਿੰਤਾ ਵਾਲਾ ਦੇਸ਼" ਐਲਾਨ ਕੇ ਤੁਰੰਤ ਬਲੈਕਲਿਸਟ ਕੀਤਾ ਜਾਵੇ। ਦੂਜੇ ਪਾਸੇ, ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਅਮਰੀਕੀ ਕਮਿਸ਼ਨ ਦੇ ਇਨ੍ਹਾਂ ਦੋਸ਼ਾਂ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਇਸ ਨੂੰ "ਭਾਰਤ ਵਿਰੋਧੀ ਪੱਖਪਾਤ" ਦੱਸਿਆ ਹੈ ਅਤੇ ਕਿਹਾ ਹੈ ਕਿ ਅਜਿਹੇ ਸੰਗਠਨਾਂ ਦੀ ਕੋਈ ਭਰੋਸੇਯੋਗਤਾ ਜਾਂ ਅਸਲ ਹੋਂਦ ਨਹੀਂ ਹੈ। ਗੌਰਤਲਬ ਹੈ ਕਿ ਇੱਕ ਪਾਸੇ ਜਿੱਥੇ ਸਿੱਖਾਂ 'ਤੇ ਹੋ ਰਹੇ ਹਮਲਿਆਂ ਕਾਰਨ ਮੋਹਨ ਭਾਗਵਤ ਨੂੰ ਅਮਰੀਕਾ ਵਿੱਚ ਬੈਨ ਕਰਨ ਦੀ ਮੰਗ ਉੱਠ ਰਹੀ ਹੈ, ਉੱਥੇ ਹੀ ਉਹ 29 ਅਗਸਤ ਨੂੰ ਨਿਊਯਾਰਕ ਦੇ ਮੈਡੀਸਨ ਸਕੁਏਅਰ ਗਾਰਡਨ ਵਿੱਚ ਇੱਕ ਸਮਾਗਮ ਨੂੰ ਸੰਬੋਧਨ ਕਰਨ ਜਾ ਰਹੇ ਹਨ। ਅਮਰੀਕਾ ਵਿੱਚ ਮੌਜੂਦ ਸਿੱਖ ਜਥੇਬੰਦੀਆਂ ਵੱਲੋਂ ਇਸ ਦੌਰੇ ਦਾ ਜ਼ੋਰਦਾਰ ਵਿਰੋਧ ਕੀਤੇ ਜਾਣ ਅਤੇ ਅਮਰੀਕੀ ਪ੍ਰਸ਼ਾਸਨ 'ਤੇ ਜਵਾਬਦੇਹੀ ਤੈਅ ਕਰਨ ਲਈ ਦਬਾਅ ਪਾਉਣ ਦੀ ਪੂਰੀ ਤਿਆਰੀ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਸੀਨੀਅਰ ਪੱਤਰਕਾਰ ਨਿਰਮਲ ਸਿੰਘ ਚੌਹਾਨ ਦਾ ਦੇਹਾਂਤ; ਪੱਤਰਕਾਰ ਭਾਈਚਾਰੇ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ



ਚੌਕ ਮਹਿਤਾ, 28 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬੀ ਪੱਤਰਕਾਰ ਸਦਨ ਦੇ ਸੀਨੀਅਰ ਮੈਂਬਰ ਅਤੇ ਰੋਜ਼ਾਨਾ ਅਕਾਲੀ ਪੱਤ੍ਰਕਾ ਦੇ ਗੁ ਨਗਰੀ ਅੰਮ੍ਰਿਤਸਰ ਤੋਂ ਵਿਸ਼ੇਸ ਪ੍ਰਤੀਨਿਧ ਨਿਰਮਲ ਸਿੰਘ ਚੌਹਾਨ ਸੰਖੇਪ ਬਿਮਾਰੀ ਪਿੱਛੋਂ ਅਚਾਨਕ ਸਵਰਗਵਾਸ ਹੋ ਗਏ। ਉਹ ਪਿਛਲੇ ਕੁਝ ਸਮੇਂ ਤੋਂ ਪੂਨੇ (ਮਹਾਰਾਸ਼ਟਰ) ਵਿਖੇ ਆਪਣੇ ਬੇਟੇ ਕੋਲ ਰਹਿ ਰਹੇ ਸਨ, ਜਿੱਥੇ ਉਨ੍ਹਾਂ ਨੇ ਅੰਤਿਮ ਸਾਹ ਲਏ। ?ਉਨ੍ਹਾਂ ਦੇ ਅਕਾਲ ਚਲਾਣੇ 'ਤੇ ਪੰਜਾਬੀ ਪੱਤਰਕਾਰ ਸਦਨ ਅਤੇ ਸਮੁੱਚੇ ਪੱਤਰਕਾਰ ਭਾਈਚਾਰੇ ਵਿੱਚ ਸ਼ੋਕ ਦੀ ਲਹਿਰ ਦੌੜ ਗਈ ਹੈ ਪੰਜਾਬੀ ਪੱਤਰਕਾਰ ਸਦਨ ਦੇ ਚੇਅਰਮੈਨ ਜੋਗਿੰਦਰ ਪਾਲ ਸਿੰਘ ਕੁੰਦਰਾ, ਪ੍ਰਧਾਨ ਜਤਿੰਦਰ ਸਿੰਘ ਥਿੰਦ ਅਤੇ ਜਨਰਲ ਸਕੱਤਰ ਜਸਪਾਲ ਵਿਰਦੀ ਸਮੇਤ ਸਮੂਹ ਅਹੁਦੇਦਾਰਾਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟਉਂਦਿਆਂ ਸਦਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਨਿਰਮਲ ਸਿੰਘ ਚੌਹਾਨ ਵੱਲੋਂ ਪੱਤਰਕਾਰੀ ਦੇ ਖੇਤਰ ਵਿੱਚ ਕੀਤੀਆਂ ਨਿਸ਼ਕਾਮ ਅਤੇ ਨਿਵੇਕਲੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ?ਪੱਤਰਕਾਰ ਭਾਈਚਾਰੇ ਨੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਅਤੇ ਪਿੱਛੇ ਪਰਿਵਾਰ ਨੂੰ ਇਹ ਅਸਹਿ ਘਾਟਾ ਤੇ ਭਾਣਾ ਮੰਨਣ ਦਾ ਬਲ ਬਖਸ਼ਣ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ

## ਇੱਕ ਨਜ਼ਰ...



## ਗਹਿਰੀ ਮੰਡੀ ਦੇ ਚੇਅਰਮੈਨ ਹਰਪਾਲ ਸਿੰਘ ਚੌਹਾਨ ਦੀ ਅਗਵਾਈ ਹੇਠ ਟਾਂਗਰਾ ਮੰਡੀ ਤੋ ਰੈਲੀ ਚ ਸਾਮਲ ਹੋਣ ਲਈ ਵੱਡੇ ਜਥੇ ਸਮੇਤ ਕਾਫਲਾ ਰਵਾਨਾ

ਜੰਡਿਆਲਾ ਗੁਰੂ 28 ਅਗਸਤ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਕੀਤੇ ਵਿਕਾਸ ਕਾਰਜਾਂ ਕਰਕੇ ਉੱਨਾਂ ਦੇ ਸੱਦੇ ਤੇ ਲੋਕ ਭਾਰੀ ਤਾਦਾਦ ਵਿੱਚ ਰੈਲੀ ਵਿੱਚ ਸ਼ਮੂਲੀਅਤ ਕਰਨ ਜਾ ਰਹੇ ਹਨ। ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਹਰਪਾਲ ਸਿੰਘ ਚੌਹਾਨ ਨੇ ਇਲਾਕੇ ਦੇ ਪੰਚਾਂ, ਸਰਪੰਚਾਂ ਅਤੇ ਆਗੂਆਂ ਦੇ ਭਾਰੀ ਇਕੱਠ ਨੂੰ ਟਾਂਗਰਾ ਮੰਡੀ ਤੋਂ ਇੱਕ ਵਿਸ਼ੇਸ਼ ਰੈਲੀ ਕਾਫ਼ਲੇ ਦੇ ਰੂਪ ਵਿੱਚ ਰਵਾਨਾ ਕਰਦਿਆਂ ਕੀਤਾ। ਉੱਨਾਂ ਕਿਹਾ ਕਿ ਸਮਰਥਕਾਂ ਨੇ ਬਾਬਾ ਬਕਾਲਾ ਸਾਹਿਬ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਰੈਲੀ ਵਿੱਚ ਸ਼ਮੂਲੀਅਤ ਕਰਕੇ ਉੱਨਾਂ ਦੇ ਵਿਚਾਰ ਸੁਨਣਗੇ ।ਇਸ ਰਵਾਨਗੀ ਅਤੇ ਸ਼ਮੂਲੀਅਤ ਦੇ ਪ੍ਰਮੁੱਖ ਪਹਿਲੂ ਵਿਸ਼ਾਲ ਕਾਫ਼ਲਾ ਟਾਂਗਰਾ ਮੰਡੀ ਤੋਂ ਸ਼ੁਰੂ ਹੋਏ ਇਸ ਕਾਫ਼ਲੇ ਵਿੱਚ ਵੱਖ-ਵੱਖ ਪਿੰਡਾਂ ਦੇ ਚੁਣੇ ਹੋਏ ਪੰਚ, ਸਰਪੰਚ ਅਤੇ ਸਥਾਨਕ ਮੋਹਤਬਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਸਿਆਸੀ ਅਤੇ ਖੇਤਰੀ ਲਾਮਬੰਦੀ ਚੇਅਰਮੈਨ ਹਰਪਾਲ ਸਿੰਘ ਚੌਹਾਨ ਦੀ ਅਗਵਾਈ ਹੇਠ ਹੋਈ ਇਸ ਲਾਮਬੰਦੀ ਨੇ ਖੇਤਰ ਵਿੱਚ ਪਾਰਟੀ ਸੰਗਠਨ ਅਤੇ ਸਥਾਨਕ ਨੁਮਾਇੰਦਿਆਂ ਦੀ ਮਜ਼ਬੂਤ ਇੱਕਜੁੱਟਤਾ ਨੂੰ ਦਰਸਾਇਆ। ਬਾਬਾ ਬਕਾਲਾ ਸਾਹਿਬ ਸਮਾਗਮ ਵਿੱਚ ਹਾਜ਼ਰੀ ਇਹ ਵਿਸ਼ੇਸ਼ ਰੈਲੀ ਟਾਂਗਰਾ ਤੋਂ ਚੱਲ ਕੇ ਬਾਬਾ ਬਕਾਲਾ ਸਾਹਿਬ ਵਿਖੇ ਮੁੱਖ ਮੰਤਰੀ ਦੀ ਵਿਸ਼ਾਲ ਰੈਲੀ ਦਾ ਹਿੱਸਾ ਬਣੀ, ਜਿੱਥੇ ਖੇਤਰੀ ਮੁਦਿਆਂ ਅਤੇ ਸਰਕਾਰ ਦੀਆਂ ਨੀਤੀਆਂ 'ਤੇ ਚਰਚਾ ਕੀਤੀ ਗਈ।

## ਅਕਾਲੀ ਦਲ ਬਾਦਲ ਵੱਲੋਂ ਕੱਟੀ-ਵੱਢੀ ਵੀਡੀਓ ਰਾਹੀਂ ਪੰਥਕ ਕਾਨਫਰੰਸ ਦੇ ਬਿਆਨ ਨੂੰ ਗਲਤ ਤਰੀਕੇ ਨਾਲ ਪੇਸ਼ ਕਰਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਬਦਨਾਮ ਕਰਨਾ ਅਤੀ ਨਿੰਦਣਯੋਗ: ਭਾਈ ਜੋਧਬੀਰ ਸਿੰਘ ਜੱਲੂਪੁਰ

ਅੰਮ੍ਰਿਤਸਰ 28 ਅਗਸਤ (ਆਵਾਜ਼ਿ ਕੌਮ ਬਿਊਰੋ)- ਅੱਜ ਬਾਬਾ ਬਕਾਲਾ ਸਾਹਿਬ ਵਿਖੇ "ਸਾਚਾ ਗੁਰ ਲਾਧੋ ਰੇ ਦਿਵਸ" ਮੌਕੇ ਹੋਈ ਪੰਥਕ ਕਾਨਫਰੰਸ ਦੌਰਾਨ ਪੰਥਕ ਵਿਦਵਾਨ ਭਾਈ ਬਲਜੀਤ ਸਿੰਘ ਖ਼ਾਲਸਾ ਵੱਲੋਂ ਦਿੱਤੇ ਗਏ ਇਤਿਹਾਸਕ ਹਵਾਲੇ ਦੀ ਕੱਟੀ-ਛਾਂਟੀ ਵੀਡੀਓ ਨੂੰ ਗਲਤ ਸੰਦਰਭ ਵਿੱਚ ਪੇਸ਼ ਕਰਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿਰੁੱਧ ਭੰਬਲਭੂਸਾ ਪੈਦਾ ਕਰਨ ਦੀ ਕੋਸ਼ਿਸ਼ ਦੀ ਸਖ਼ਤ ਨਿਖੇਧੀ ਕਰਦਿਆਂ ਪਾਰਟੀ ਦੇ ਅਰਬ ਅਮੀਰਾਤ ਕੋਆਰਡੀਨੇਟਰ ਭਾਈ ਜੋਧਬੀਰ ਸਿੰਘ ਜੱਲੂਪੁਰ ਨੇ ਕਿਹਾ ਕਿ ਸਿਆਸੀ ਵਿਰੋਧ ਲਈ ਸੱਚ ਨੂੰ



ਤੋੜਨਾ-ਮਰੋੜਨਾ ਕਿਸੇ ਵੀ ਤਰ੍ਹਾਂ ਉਚਿਤ ਨਹੀਂ। ਭਾਈ ਜੱਲੂਪੁਰ ਨੇ ਕਿਹਾ ਕਿ ਭਾਈ ਬਲਜੀਤ ਸਿੰਘ ਖ਼ਾਲਸਾ ਵੱਲੋਂ ਕਾਨਫਰੰਸ ਵਿੱਚ ਕਿਸੇ ਮੌਜੂਦਾ ਸਿਆਸੀ ਘਟਨਾ ਬਾਰੇ ਟਿੱਪਣੀ ਨਹੀਂ ਕੀਤੀ ਗਈ ਸੀ, ਸਗੋਂ ਉਹ 1997 ਦੇ ਦੌਰ ਨਾਲ ਸਬੰਧਤ ਇੱਕ ਪੁਰਾਣਾ ਪੰਥਕ ਅਤੇ ਇਤਿਹਾਸਕ ਪ੍ਰਸੰਗ ਸੰਗਤ ਨਾਲ ਸਾਂਝਾ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ ਪੰਥਕ ਚਿੰਤਕ ਅਤੇ ਲੇਖਕ ਗੁਰਬਚਨ ਸਿੰਘ 'ਦੇਸ ਪੰਜਾਬ' ਵੱਲੋਂ ਉਸ ਸਮੇਂ ਬਾਦਲ ਸਰਕਾਰ ਸਬੰਧੀ ਪ੍ਰਗਟ ਕੀਤੇ ਵਿਚਾਰਾਂ ਦਾ ਹਵਾਲਾ ਦਿੱਤਾ ਸੀ। ਉਨ੍ਹਾਂ ਕਿਹਾ ਕਿ ਪੂਰੇ ਬਿਆਨ ਨੂੰ ਸੁਣਨ ਦੀ ਬਜਾਏ ਉਸ ਦੇ ਇੱਕ ਹਿੱਸੇ ਨੂੰ ਵਿਚਕਾਰੋਂ ਕੱਟ ਕੇ ਸੋਸ਼ਲ ਮੀਡੀਆ 'ਤੇ ਇਸ ਢੰਗ ਨਾਲ ਪ੍ਰਚਾਰਿਆ ਜਾ ਰਿਹਾ ਹੈ ਕਿ ਜਿਵੇਂ ਇਹ ਗੱਲ ਭਾਈ ਬਲਜੀਤ ਸਿੰਘ ਖ਼ਾਲਸਾ ਵੱਲੋਂ ਅੱਜ ਦੀ ਪੰਥਕ ਕਾਨਫਰੰਸ ਦੌਰਾਨ ਆਪਣੇ ਤੌਰ 'ਤੇ ਆਖੀ ਗਈ ਹੋਵੇ। ਇਹ ਪੂਰੇ ਤੱਥਾਂ ਨੂੰ ਲੁਕਾਉਣ ਅਤੇ ਸੰਗਤ ਨੂੰ ਗਲਤ ਧਾਰਨਾ ਦੇਣ ਦੀ ਕੋਸ਼ਿਸ਼ ਹੈ। ਭਾਈ ਜੋਧਬੀਰ ਸਿੰਘ ਜੱਲੂਪੁਰ ਨੇ ਕਿਹਾ ਕਿ ਕਿਸੇ ਵੀ ਬਿਆਨ ਦਾ ਸਹੀ ਅਰਥ ਉਸ ਦੇ ਪੂਰੇ ਸੰਦਰਭ ਨਾਲ ਹੀ ਸਮਝਿਆ ਜਾ ਸਕਦਾ ਹੈ। ਇੱਕ-ਅੱਧ ਵਾਕ ਨੂੰ ਕੱਟ ਕੇ ਉਸ ਨੂੰ ਪੂਰੇ ਬਿਆਨ ਦੀ ਥਾਂ ਪੇਸ਼ ਕਰਨਾ ਪੱਤਰਕਾਰੀ ਅਤੇ ਸਿਆਸੀ ਦੋਵਾਂ ਪੱਖੋਂ ਗੈਰ-ਜ਼ਿੰਮੇਵਾਰਾਨਾ ਰਵੱਈਆ ਹੈ। ਉਨ੍ਹਾਂ ਕਿਹਾ ਕਿ ਜੇ ਕਿਸੇ ਧਿਰ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਗੱਲ ਨਾਲ ਇਤਰਾਜ਼ ਹੈ ਤਾਂ ਉਹ ਪੂਰੀ ਵੀਡੀਓ ਸੰਗਤ ਸਾਹਮਣੇ ਵਿਖਾਉਣ ਦਾ ਹੌਂਸਲਾ ਵਿਖਾਉਣ। ਉਨ੍ਹਾਂ ਕਿਹਾ ਕਿ ਬਾਬਾ ਬਕਾਲਾ ਸਾਹਿਬ ਦੀ ਪਵਿੱਤਰ ਧਰਤੀ ਦਾ ਸਿੱਖ ਇਤਿਹਾਸ ਵਿੱਚ ਵਿਸ਼ੇਸ਼ ਸਥਾਨ ਹੈ ਅਤੇ "ਸਾਚਾ ਗੁਰ ਲਾਧੋ ਰੇ" ਦਾ ਦਿਹਾੜਾ ਸੱਚ ਦੇ ਪ੍ਰਗਟਾਵੇ ਨਾਲ ਜੁੜਿਆ ਹੋਇਆ ਹੈ। ਅਜਿਹੇ ਪਵਿੱਤਰ ਦਿਹਾੜੇ 'ਤੇ ਕਿਸੇ ਇਤਿਹਾਸਕ ਪ੍ਰਸੰਗ ਨੂੰ ਕੱਟ-ਛਾਂਟ ਕੇ ਪੇਸ਼ ਕਰਨਾ ਅਤੇ ਉਸ ਦੇ ਆਧਾਰ 'ਤੇ ਸਿਆਸੀ ਭੰਬਲਭੂਸਾ ਪੈਦਾ ਕਰਨਾ ਬੇਹੱਦ ਅਫ਼ਸੋਸਨਾਕ ਹੈ। ਭਾਈ ਜੱਲੂਪੁਰ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਕਿਸੇ ਵੀ ਆਲੋਚਨਾ ਤੋਂ ਨਹੀਂ ਘਬਰਾਉਂਦਾ, ਪਰ ਝੂਠੇ ਸੰਦਰਭ, ਕੱਟੀਆਂ ਵੀਡੀਓਜ਼ ਅਤੇ ਗੁੰਮਰਾਹਕੁੰਨ ਪ੍ਰਚਾਰ ਦਾ ਜਵਾਬ ਤੱਥਾਂ ਅਤੇ ਪੂਰੇ ਸੱਚ ਨਾਲ ਜ਼ਰੂਰ ਦਿੱਤਾ ਜਾਵੇਗਾ। ਉਨ੍ਹਾਂ ਸੰਗਤ ਅਤੇ ਮੀਡੀਆ ਨੂੰ ਅਪੀਲ ਕੀਤੀ ਕਿ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਅਧੂਰੀਆਂ ਵੀਡੀਓਜ਼ ਦੇ ਆਧਾਰ 'ਤੇ ਕੋਈ ਨਤੀਜਾ ਕੱਢਣ ਦੀ ਬਜਾਏ ਪੂਰਾ ਬਿਆਨ ਅਤੇ ਉਸ ਦਾ ਇਤਿਹਾਸਕ ਸੰਦਰਭ ਜ਼ਰੂਰ ਵੇਖਿਆ ਜਾਵੇ। ਉਨ੍ਹਾਂ ਅੰਤ ਵਿੱਚ ਕਿਹਾ ਕਿ ਵੀਡੀਓ ਦੇ ਕੁਝ ਸਕਿੰਟ ਕੱਟੇ ਜਾ ਸਕਦੇ ਹਨ, ਪਰ ਸੱਚ ਦਾ ਸੰਦਰਭ ਨਹੀਂ ਕੱਟਿਆ ਜਾ ਸਕਦਾ। ਸੰਗਤ ਨੂੰ ਗੁੰਮਰਾਹ ਕਰਨ ਦੀ ਹਰ ਕੋਸ਼ਿਸ਼ ਦਾ ਸੱਚ ਤੱਥਾਂ ਸਮੇਤ ਸੰਗਤ ਦੇ ਸਾਹਮਣੇ ਰੱਖਿਆ ਜਾਵੇਗਾ।

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਬਾਬਾ ਬਕਾਲਾ ਸਾਹਿਬ ਦੀ ਧਰਤੀ ਤੇ ਬੇਮਿਸਾਲ ਇਕੱਠ, ਪੰਜਾਬ 'ਚ ਨਸ਼ਿਆਂ ਬਾਰੇ ਵ੍ਹਾਈਟ ਪੇਪਰ ਜਾਰੀ ਕਰਨ ਦਾ ਲਿਆ ਪਹਿਲਾ ਅਹਿਦ





## ਬਾਪੂ ਤਰਸੇਮ ਸਿੰਘ ਨੇ ਨਸ਼ਿਆਂ ਤੋਂ ਪੀੜਤ ਪਰਿਵਾਰਾਂ ਨੂੰ ਇਨਸਾਫ਼ ਅਤੇ ਨੌਜਵਾਨਾਂ ਦੇ ਮੁੜ ਵਸੇਬੇ ਦਾ ਲਿਆ ਸੰਕਲਪ

ਬਾਬਾ ਬਕਾਲਾ ਸਾਹਿਬ, ਜੰਡਿਆਲਾ ਗੁਰੂ, 28 ਅਗਸਤ ( ਕੁਲਵੰਤ ਸਿੰਘ ਵਿਰਦੀ ): ਅੱਜ ਬਾਬਾ ਬਕਾਲਾ ਸਾਹਿਬ ਦੀ ਇਤਿਹਾਸਕ ਧਰਤੀ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਕਰਵਾਈ ਗਈ "ਸਾਚਾ ਗੁਰ ਲਾਧੋ ਰੇ" ਪੰਥਕ ਕਾਨਫਰੰਸ ਵਿੱਚ ਵਿਸ਼ਾਲ ਅਤੇ ਬੇਮਿਸਾਲ ਇਕੱਠ ਹੋਇਆ। ਇਸ ਮੌਕੇ ਪੰਥ ਅਤੇ ਪੰਜਾਬ ਦੇ ਵੱਖ-ਵੱਖ ਮਸਲਿਆਂ ਦੇ ਨਾਲ-ਨਾਲ ਪੰਜਾਬ ਵਿੱਚ ਫੈਲੇ ਨਸ਼ਿਆਂ ਦੇ ਗੰਭੀਰ ਸੰਕਟ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਕਾਨਫਰੰਸ ਦਾ ਮੁੱਖ ਆਕਰਸ਼ਣ ਭਾਈ ਅੰਮ੍ਰਿਤਪਾਲ ਸਿੰਘ ਜੀ ਵੱਲੋਂ ਪੰਜਾਬੀਆਂ ਨਾਲ ਕੀਤੇ ਅਹਿਦ ਨੂੰ ਬਾਪੂ ਤਰਸੇਮ ਸਿੰਘ ਜੀ ਵੱਲੋਂ ਸੰਗਤ ਦੇ ਵਿਸ਼ਾਲ ਇਕੱਠ ਵਿੱਚ ਪੜ੍ਹ ਕੇ ਸੁਣਾਉਣਾ ਰਿਹਾ। ਅਹਿਦ ਤਹਿਤ ਪੰਜਾਬੀਆਂ ਦੇ ਹੱਥ ਫੈਸਲੇ ਦੀ ਤਾਕਤ ਆਉਣ 'ਤੇ 1997 ਤੋਂ 2027 ਤੱਕ ਦੀਆਂ ਸਰਕਾਰਾਂ ਦੌਰਾਨ ਨਸ਼ਿਆਂ ਦੇ ਪਸਾਰ, ਮੌਤਾਂ, ਸਪਲਾਈ ਚੇਨ, ਸਿਆਸੀ ਸ਼ਮੂਲੀਅਤ ਅਤੇ ਪੁਲਿਸ ਤੇ ਸੁਰੱਖਿਆ ਤੰਤਰ ਦੀ ਕਥਿਤ ਮਿਲੀਭੁਗਤ ਸਬੰਧੀ ਵ੍ਹਾਈਟ ਪੇਪਰ ਜਾਰੀ ਕਰਨ, ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਅਤੇ ਨਸ਼ਿਆਂ ਵਿੱਚ ਫਸੇ ਨੌਜਵਾਨਾਂ ਦੇ ਮੁੜ ਵਸੇਬੇ ਨੂੰ ਯਕੀਨੀ ਬਣਾਉਣ ਦਾ ਸੰਕਲਪ ਲਿਆ ਗਿਆ। ਇਸਦੇ ਨਾਲ ਹੀ ਪਾਰਟੀ ਵੱਲੋਂ ਨਸ਼ਿਆਂ ਖ਼ਿਲਾਫ਼ ਵਿਜ਼ਨ ਡਾਕੂਮੈਂਟ ਵੀ ਪੇਸ਼ ਕੀਤਾ ਗਿਆ। ਕਾਨਫਰੰਸ ਵਿੱਚ ਬਾਪੂ ਤਰਸੇਮ ਸਿੰਘ ਜੀ, ਮਨਪ੍ਰੀਤ ਸਿੰਘ ਇਆਲੀ, ਪਾਰਲੀਮਾਨੀ ਬੋਰਡ ਦੇ ਮੈਂਬਰਾਂ, ਮੁੱਖ ਪੰਜ ਮੈਂਬਰੀ ਕਮੇਟੀ ਦੇ ਮੈਂਬਰਾਂ ਅਤੇ ਸੀਨੀਅਰ ਆਗੂਆਂ ਨੇ ਸ਼ਮੂਲੀਅਤ ਕਰਦਿਆਂ ਪੰਥ-ਪੰਜਾਬ ਦੇ ਮੁੱਦਿਆਂ 'ਤੇ ਖੁੱਲ੍ਹ ਕੇ ਵਿਚਾਰ ਰੱਖੇ। ਬੁਲਾਰਿਆਂ ਨੇ ਪੰਜਾਬ ਦੀ ਜਵਾਨੀ, ਕਿਸਾਨੀ, ਪਾਣੀਆਂ, ਰੁਜ਼ਗਾਰ, ਸੂਬੇ ਦੇ ਹੱਕਾਂ ਅਤੇ ਪੰਥਕ ਮਸਲਿਆਂ ਦੇ ਨਾਲ-ਨਾਲ ਨਸ਼ਿਆਂ ਦੇ ਮੁੱਦੇ ਨੂੰ ਪ੍ਰਮੁੱਖਤਾ ਨਾਲ ਉਠਾਉਂਦਿਆਂ ਰਵਾਇਤੀ ਸਿਆਸੀ ਪਾਰਟੀਆਂ ਨੂੰ ਉਨ੍ਹਾਂ ਦੇ ਪਿਛਲੇ ਕਾਰਜਕਾਲਾਂ ਦੀਆਂ ਨਾਕਾਮੀਆਂ ਅਤੇ ਨਸ਼ਿਆਂ ਦੇ ਪਸਾਰ ਨੂੰ ਰੋਕਣ ਵਿੱਚ ਅਸਫਲ ਰਹਿਣ ਲਈ ਤਿੱਖੇ ਢੰਗ ਨਾਲ ਘੇਰਿਆ। ਆਗੂਆਂ ਨੇ ਕਿਹਾ ਕਿ ਨਸ਼ਿਆਂ ਦੇ ਮੁੱਦੇ 'ਤੇ ਹੁਣ ਸਿਰਫ਼ ਬਿਆਨਬਾਜ਼ੀ ਨਹੀਂ, ਸਗੋਂ ਠੋਸ ਨੀਤੀ, ਪਾਰਦਰਸ਼ਤਾ, ਜਵਾਬਦੇਹੀ ਅਤੇ ਪ੍ਰਭਾਵਸ਼ਾਲੀ ਕਾਰਵਾਈ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਬਾਬਾ ਬਕਾਲਾ ਸਾਹਿਬ ਦੀ ਧਰਤੀ ਤੋਂ ਲਿਆ ਗਿਆ ਇਹ ਅਹਿਦ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਸਿਧਾਂਤਕ ਰਾਜਨੀਤੀ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਵੱਲ ਇੱਕ ਅਹਿਮ ਕਦਮ ਹੈ। ਇਸ ਮੌਕੇ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਸ੍ਰ ਸੁਰਜੀਤ ਸਿੰਘ ਦੌਲਤਪੁਰ, ਸ੍ਰ ਕਾਬਲ ਸਿੰਘ, ਸ੍ਰ ਬਾਬੂ ਸਿੰਘ ਬਰਾੜ, ਭਾਈ ਸੁਖਵਿੰਦਰ ਸਿੰਘ ਅਗਵਾਨ, ਸ੍ਰ ਪ੍ਰਗਟ ਸੰਧੂ, ਭਾਈ ਮਨਦੀਪ ਸਿੰਘ ਸਿੱਧੂ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ੍ਰ ਇਕਬਾਲ ਸਿੰਘ ਝੂੰਦਾ, ਚਾਚਾ ਸੁਖਚੈਨ ਸਿੰਘ, ਮਾਤਾ ਬਲਵਿੰਦਰ ਕੌਰ ਜੀ, ਬੀਬੀ ਹਰਪ੍ਰੀਤ ਕੌਰ, ਬੀਬੀ ਸਤਨਾਮ ਕੌਰ, ਬੀਬੀ ਨਰਿੰਦਰ ਕੌਰ ਕਲਸੀ, ਨਵਜੋਤ ਕੌਰ ਲੰਬੀ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜਸਕਰਨ ਸਿੰਘ ਰਿਆੜ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਦਲੇਰ ਸਿੰਘ ਡੋਡ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਜੋਧਬੀਰ ਸਿੰਘ ਜੱਲੂਪੁਰ, ਸ੍ਰ ਦਰਸ਼ਨ ਸਿੰਘ ਸ਼ਿਵਾਲਿਕ, ਐਡਵੋਕੇਟ ਇਮਾਨ ਸਿੰਘ ਖਾਰਾ, ਸ੍ਰ ਪ੍ਰਿਥੀਪਾਲ ਸਿੰਘ, ਸ੍ਰ ਜਗਰੂਪ ਸਿੰਘ ਖਾਲਸਾ, ਸ੍ਰ ਅਮਨਦੀਪ ਸਿੰਘ ਹਸਨਪੁਰ, ਸ੍ਰੀ ਰੋਹਿਤ ਖੁੱਲਰ, ਭਾਈ ਦਲਜੀਤ ਸਿੰਘ ਜਵੰਦਾ, ਸ੍ਰ ਲਖਵਿੰਦਰ ਸਿੰਘ ਲੋਟ, ਸ੍ਰ ਲਖਬੀਰ ਸਿੰਘ ਕੋਟਲਾ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਸੁਖਬੀਰ ਸਿੰਘ ਚੀਮਾਂ, ਬਾਬਾ ਜਰਮਨਜੀਤ ਸਿੰਘ ਸਰਾਏ, ਸਰਪੰਚ ਹਰਜਿੰਦਰ ਸਿੰਘ ਜੀਰਾ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਪਰਮਜੀਤ ਸਿੰਘ ਅਕਾਲੀ, ਬਾਬਾ ਬਿਬੇਕ ਸਿੰਘ, ਸ੍ਰੀ ਗੰਗਵੀਰ ਸਿੰਘ ਰਾਠੌੜ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸਕੱਤਰ ਸਿੰਘ ਉਸਮਾ, ਭਾਈ ਕੇਵਲ ਸਿੰਘ ਮਹਿਤਾ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਭਾਈ ਰਣਜੋਧ ਸਿੰਘ ਜਲਾਲਉਸਮਾਂ, ਭਾਈ ਇਕਬਾਲ ਸਿੰਘ ਸੰਧੂ, ਭਾਈ ਗੁਰਚਰਨ ਸਿੰਘ ਸੰਘਾ, ਭਾਈ ਤੇਜਿੰਦਰ ਸਿੰਘ ਢਿਲੋਂ, ਭਾਈ ਜਸਵਿੰਦਰ ਸਿੰਘ ਬਾਦਲ, ਭਾਈ ਨਾਥਵਿੰਦਰ ਸਿੰਘ, ਪਰਮਜੀਤ ਸਿੰਘ ਵਣੀਏਕੇ, ਭਾਈ ਬਲਜਿੰਦਰ ਸਿੰਘ ਬਾਜਵਾ, ਭਾਈ ਗੁਰਵਿੰਦਰ ਸਿੰਘ ਝੰਡੇਰ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਬਲਜਿੰਦਰ ਸਿੰਘ ਥਾਂਦੇ, ਭਾਈ ਜਸਕਰਨ ਸਿੰਘ ਲੋਪੋਕੇ, ਹਰਜਿੰਦਰ ਸਿੰਘ ਜੌਹਲ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਬਿਕਰਮਜੀਤ ਸਿੰਘ ਕੋਟਲਾ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਮਹਾਂ ਸਿੰਘ ਰਾਉਕੇ, ਭਾਈ ਕਸ਼ਮੀਰ ਸਿੰਘ ਹਰਗੋਬਿੰਦਪੁਰ, ਭਾਈ ਮਨਵਿੰਦਰ ਸਿੰਘ ਦਕੋਹਾ, ਬਾਬਾ ਰਾਜਾ ਰਾਜ ਸਿੰਘ, ਭਾਈ ਦਰਸ਼ਨ ਸਿੰਘ ਜਗਤਪੁਰਾ, ਭਾਈ ਅਮਨਦੀਪ ਸਿੰਘ ਨਾਰਲੀ, ਭਾਈ ਰਜਿੰਦਰ ਸਿੰਘ ਤਲਵੰਡੀ, ਡਾਕਟਰ ਬਰਿੰਦਰ ਸਿੰਘ, ਭਾਈ ਰੱਬੀ ਕੰਧੋਲਾ, ਸਰਪੰਚ ਬਲਜੀਤ ਸਿੰਘ ਚਾਟੀਵਿੰਡ ਅਤੇ ਭਾਈ ਅਵਤਾਰ ਸਿੰਘ ਤੋਂ ਇਲਾਵਾ ਹਜਾਰਾਂ ਦੀ ਗਿਣਤੀ ਵਿਚ ਸੰਗਤ ਹਾਜਰ ਸੀ।

# ਅੱਜ ਦੇ ਜ਼ਮਾਨੇ ਦੇ 'ਮਸੰਦ' ਲੋਕਾਂ ਨੂੰ ਗੁਮਰਾਹ ਕਰਨ ਲਈ ਧਰਮ ਦੇ ਨਾਂ 'ਤੇ ਰੈਲੀਆਂ ਕਰ ਰਹੇ ਹਨ: ਸੀ.ਐਮ. ਭਗਵੰਤ ਸਿੰਘ ਮਾਨ

ਜੰਡਿਆਲਾ ਗੁਰੂ 28 ਅਗਸਤ ( ਕੁਲਵੰਤ ਸਿੰਘ ਵਿਰਦੀ ) ਬਾਬਾ ਬਕਾਲਾ ਸਾਹਿਬ ਵਿਖੇ ਅੱਜ ਰੱਖੜ ਪੁੰਨਿਆ ਦੇ ਪਵਿੱਤਰ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 5.30 ਲੱਖ ਹੋਰ ਔਰਤਾਂ ਦੇ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੀ 'ਸਨਮਾਨ ਰਾਸ਼ੀ' ਵਜੋਂ 181.50 ਕਰੋੜ ਰੁਪਏ ਤਬਦੀਲ ਕਰਕੇ ਔਰਤਾਂ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦਾ ਪ੍ਰਗਟਾਵਾ



ਕੀਤਾ। ਇਸ ਨਾਲ ਕੁੱਲ ਲਾਭਪਾਤਰੀਆਂ ਦੀ ਗਿਣਤੀ 70.92 ਲੱਖ ਹੋ ਗਈ ਹੈ। ਸਰਕਾਰ ਇਸ ਯੋਜਨਾ ਦੇ ਦਾਇਰੇ ਹੇਠ ਇਕ ਕਰੋੜ ਔਰਤਾਂ ਨੂੰ ਲਿਆਉਣ ਲਈ ਜੰਗੀ ਪੱਧਰ 'ਤੇ ਕੰਮ ਕਰ ਰਹੀ ਹੈ, ਜਿਸ ਵਿੱਚ ਰਜਿਸਟ੍ਰੇਸ਼ਨ 'ਚ ਮਦਦ ਕਰਨ ਵਾਲੀਆਂ 1.38 ਲੱਖ 'ਸਤਿਕਾਰ ਸਖੀਆਂ' ਨੂੰ ਮਾਣ-ਭੱਤੇ ਵਜੋਂ 51 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ ਅਤੇ ਆਂਗਣਵਾੜੀ ਵਰਕਰਾਂ ਨੂੰ ਵੀ 25 ਕਰੋੜ ਰੁਪਏ ਦਿੱਤੇ ਜਾਣਗੇ ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' 'ਤੇ ਲਿਖਿਆ: "ਬਾਬਾ ਬਕਾਲਾ ਸਾਹਿਬ ਤੋਂ ਰੱਖੜ ਪੁੰਨਿਆ ਦੇ ਪਵਿੱਤਰ ਦਿਹਾੜੇ 'ਤੇ ਸਮੂਹ ਪੰਜਾਬੀਆਂ ਨੂੰ ਲੱਖ-ਲੱਖ ਵਧਾਈਆਂ। ਰੱਖੜੀ 'ਤੇ ਭੈਣਾਂ ਨਾਲ ਕੀਤਾ ਵਾਅਦਾ ਪੂਰਾ ਕਰਦਿਆਂ ਅੱਜ 'ਸਤਿਕਾਰ ਯੋਜਨਾ' ਤਹਿਤ 5.30 ਲੱਖ ਔਰਤਾਂ ਦੇ ਖਾਤਿਆਂ 'ਚ 181.50 ਕਰੋੜ ਰੁਪਏ 'ਸ਼ਗਨ' ਵਜੋਂ ਭੇਜੇ ਗਏ ਹਨ। ਹੁਣ ਤੱਕ ਕੁੱਲ 70.92 ਲੱਖ ਮਾਵਾਂ-ਭੈਣਾਂ ਇਸ ਯੋਜਨਾ ਦਾ ਲਾਭ ਲੈ ਚੁੱਕੀਆਂ ਹਨ। 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆਉਣ, ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ, 70,840 ਨੌਜਵਾਨਾਂ ਨੂੰ ਨੌਕਰੀਆਂ ਮਿਲਣ ਅਤੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਵੱਲੋਂ ਨੀਟ ਦੀ ਪ੍ਰੀਖਿਆ ਪਾਸ ਕਰਨ ਨਾਲ ਪੰਜਾਬ ਇੱਕ ਵਾਰ ਫਿਰ ਤਰੱਕੀ ਦੀ ਰਾਹ 'ਤੇ ਮਜ਼ਬੂਤੀ ਨਾਲ ਅੱਗੇ ਵੱਧ ਰਿਹਾ ਹੈ ਅਤੇ ਨੰਬਰ ਇਕ ਸੂਬਾ ਬਣ ਕੇ ਉੱਭਰ ਰਿਹਾ ਹੈ। ਰੱਖੜ ਪੁੰਨਿਆ ਦੇ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ-ਕੱਲ੍ਹ ਦੇ ਕਈ 'ਮਸੰਦ' ਧਰਮ ਦੀ ਆੜ ਵਿੱਚ ਲੋਕਾਂ ਨੂੰ ਗੁੰਮਰਾਹ ਕਰਨ ਲਈ ਇਸ ਮੌਕੇ ਰੈਲੀਆਂ ਕਰ ਰਹੇ ਹਨ। ਇਹ ਗੁਨਾਹਗਾਰ ਲੋਕ ਪੰਜਾਬੀਆਂ ਨੂੰ ਮੂਰਖ ਬਣਾਉਣ ਲਈ ਧਰਮ ਦੀ ਵਰਤੋਂ ਕਰ ਰਹੇ ਹਨ, ਪਰ ਪੰਜਾਬੀ ਉਨ੍ਹਾਂ ਦੀਆਂ ਗੱਲਾਂ 'ਚ ਨਹੀਂ ਆਉਣਗੇ। ਇਹ ਅਜੋਕੇ ਮਸੰਦ ਹਮਲੇ ਤੋਂ ਬਾਅਦ ਆਪਣੇ ਜ਼ਖ਼ਮ ਵਿਖਾ ਕੇ ਲੋਕਾਂ ਤੋਂ ਹਮਦਰਦੀ ਲੈਣ ਦੀ ਕੋਸ਼ਿਸ਼ ਕਰਕੇ ਹੇਠਲੇ ਪੱਧਰ 'ਤੇ ਡਿੱਗ ਰਹੇ ਹਨ।÷ਉਨ੍ਹਾਂ ਕਿਹਾ, "ਸੂਬੇ ਦੇ ਸੂਝਵਾਨ ਲੋਕਾਂ ਨੇ ਉਨ੍ਹਾਂ ਲੀਡਰਾਂ ਨੂੰ ਬਾਹਰ ਦਾ ਰਸਤਾ ਵਿਖਾ ਦਿੱਤਾ ਹੈ ਜੋ ਆਪਣੇ ਸੱਤਾ ਦੇ ਦਿਨਾਂ 'ਚ ਮਹਿਲਾਂ 'ਚ ਰਹਿੰਦੇ ਸਨ ਅਤੇ ਕਦੇ ਆਮ ਲੋਕਾਂ ਦੀ ਪ੍ਰਵਾਹ ਨਹੀਂ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "2021 ਵਿੱਚ ਸਰਕਾਰੀ ਸਕੂਲਾਂ ਦੇ ਸਿਰਫ਼ 80 ਵਿਦਿਆਰਥੀਆਂ ਨੇ 'ਨੀਟ' ਪ੍ਰੀਖਿਆ ਪਾਸ ਕੀਤੀ ਸੀ ਪਰ ਸਾਲ 2026 ਵਿੱਚ ਇਹ ਗਿਣਤੀ 11 ਗੁਣਾ ਵੱਧ ਕੇ 882 ਹੋ ਗਈ ਹੈ। ਉਨ੍ਹਾਂ ਕਿਹਾ ਕਿ ਸਾਡੇ ਸ਼ਾਸਨ ਦਾ ਦੂਜਿਆਂ, ਜਿਨ੍ਹਾਂ ਨੇ ਕਦੇ ਸਕੂਲ ਅਤੇ ਸਿੱਖਿਆ ਖੇਤਰ ਦੀ ਪ੍ਰਵਾਹ ਨਹੀਂ ਕੀਤੀ, ਨਾਲੋਂ ਇਹੀ ਫ਼ਰਕ ਹੈ।÷ਮੁੱਖ ਮੰਤਰੀ ਨੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ 1,587 ਪਿੰਡਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਿਆ ਹੈ, ਜੋ ਪਹਿਲਾਂ ਹਮੇਸ਼ਾ ਇਸ ਤੋਂ ਵਾਂਝੇ ਰਹੇ ਸਨ। ਉਨ੍ਹਾਂ ਕਿਹਾ ਸੂਬੇ ਦੇ ਵਸਨੀਕਾਂ ਦੀ ਸਹੂਲਤ ਲਈ 45,000 ਕਿਲੋਮੀਟਰ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਨ ਕੀਤਾ ਜਾ ਰਿਹਾ ਹੈ।÷ਉਨ੍ਹਾਂ ਕਿਹਾ, "ਇਹ ਬੜੇ ਮਾਣ ਵਾਲੀ ਗੱਲ ਹੈ ਕਿ ਸਾਡੀ ਸਰਕਾਰ ਨੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ 7,200 ਕਰੋੜ ਰੁਪਏ ਖ਼ਰਚ ਕੀਤੇ ਹਨ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਨਹਿਰੀ ਸਿੰਚਾਈ ਅਧੀਨ ਰਕਬਾ 26 ਫ਼ੀਸਦੀ ਤੋਂ ਵਧ ਕੇ 80 ਫ਼ੀਸਦੀ ਹੋ ਗਿਆ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਲਾਭ ਹੋਇਆ ਹੈ। ਲੋਕਾਂ ਨੂੰ ਵਿਆਪਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਸਾਡੀ ਸਰਕਾਰ ਨੇ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਕੀਮ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਪੰਜਾਬ ਦੇ ਹਰੇਕ ਵਸਨੀਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਨਕਦੀ-ਰਹਿਤ ਡਾਕਟਰੀ ਇਲਾਜ ਮੁਹੱਈਆ ਕਰਵਾ ਰਹੀ ਹੈ। ਇਹ ਬਹੁਤ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਪੰਜਾਬ ਅਜਿਹਾ ਵਿਆਪਕ ਸਿਹਤ ਕਵਰੇਜ ਪ੍ਰਦਾਨ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਹੈ, ਜਿਸ ਨੇ ਆਮ ਲੋਕਾਂ ਲਈ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਣ ਦੇ ਨਾਲ-ਨਾਲ ਉਨ੍ਹਾਂ 'ਤੇ ਸਿਹਤ ਸੇਵਾਵਾਂ ਦੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾਇਆ ਹੈ। ਇਸ ਮੌਕੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਮੁੱਚੀ ਪੰਜਾਬ ਸਰਕਾਰ ਦਾ ਇਸ ਰਾਜ ਪੱਧਰੀ ਸਮਾਗਮ ਕਰਵਾਉਣ ਲਈ ਧੰਨਵਾਦ ਕੀਤਾ। ਉਹਨਾਂ ਨੇ ਆਈ ਹੋਈ ਸਮੂਹ ਸੰਗਤ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਡਾ. ਬਲਜੀਤ ਕੌਰ, ਹਰਭਜਨ ਸਿੰਘ ਈ.ਟੀ.ਓ., ਲਾਲ ਚੰਦ ਕਟਾਰੂਚੱਕ, ਗੁਰਮੀਤ ਸਿੰਘ ਖੁੱਡੀਆਂ ਅਤੇ ਹਰਦੀਪ ਸਿੰਘ ਮੁੰਡੀਆਂ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਹੋਰ ਹਾਜ਼ਰ ਸਨ।

## ਇੱਕ ਨਜ਼ਰ . . .

**ਅਕਾਲੀ ਦਲ ਵਾਰਿਸ ਪੰਜਾਬ ਦੇ ਕਦੇ ਵੀ ਆਪਣੀ ਕੌਮ ਨਾਲ** ਧੋਖਾ ਨਹੀਂ ਕਰੇਗਾ। ਅਸੀਂ ਹਮੇਸ਼ਾ ਆਪਣੇ



ਪੰਥ ਅਤੇ ਪੰਜਾਬ ਦੇ ਹੱਕਾਂ ਲਈ ਹਿੱਕ ਡਾਹ ਕੇ ਖੜ੍ਹੇ ਹਾਂ। ਸਾਨੂੰ ਜਾਂ ਸਾਡੇ ਪਰਿਵਾਰਾਂ ਨੂੰ ਭਾਵੇਂ ਹੋਰ ਜੇਲ੍ਹਾਂ ਦਾ ਸਾਹਮਣਾ ਕਰਨਾ ਪਵੇ ਜਾਂ ਕਿਸੇ ਵੀ ਤਰ੍ਹਾਂ ਦੀਆਂ ਮੁਸ਼ਕਲਾਂ ਕਿਉਂ ਨਾ ਝੱਲਣੀਆਂ

ਆਵਾਜ਼ਿ ਕੌਮ AWAZE QAUM International Newspaper & WEB TV

ਪੈਣ, ਅਸੀਂ ਪੰਜਾਬ ਦੇ ਨੌਜਵਾਨਾਂ ਅਤੇ ਪੰਜਾਬ ਦੇ ਹੱਕਾਂ ਲਈ ਆਪਣੀ ਲੜਾਈ ਜਾਰੀ ਰੱਖਾਂਗੇ। ਮੈਂ ਪੰਜਾਬ ਦੇ ਨੌਜਵਾਨਾਂ ਨੂੰ ਵੀ ਅਪੀਲ ਕਰਦਾ ਹਾਂ ਕਿ ਨਸ਼ਿਆਂ ਤੋਂ ਦੂਰ ਰਹੋ, ਅੰਮ੍ਰਿਤ ਛਕੋ ਅਤੇ ਗੁਰੂ ਦੇ ਲੜ ਲੱਗੋ। ਆਪਣੇ ਜੀਵਨ ਨੂੰ ਗੁਰਮਤਿ ਦੇ ਸਿਧਾਂਤਾਂ ਅਨੁਸਾਰ ਢਾਲੋ, ਤਾਂ ਜੋ ਪੰਥ ਅਤੇ ਪੰਜਾਬ ਦੇ ਹੱਕਾਂ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉਠਾਇਆ ਜਾ ਸਕੇ। ਕੌਮ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹੇ। ਮੈਂ ਵੀ ਇੱਥੇ ਚੜ੍ਹਦੀ ਕਲਾ ਵਿੱਚ ਹਾਂ।

ਵਾਹਿਗੁਰੂ ਜੀ ਕਾ ਖ਼ਾਲਸਾ। ਵਾਹਿਗੁਰੂ ਜੀ ਕੀ ਫ਼ਤਿਹ।

**— ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ, ਪ੍ਰਧਾਨ, ਅਕਾਲੀ ਦਲ ਵਾਰਿਸ ਪੰਜਾਬ ਦੇ**

# ਅਮਰੀਕਾ ਨਾਲ ਅਜੇ ਤੱਕ ਕੋਈ ਟਰੇਡ ਡੀਲ ਹੀ ਨਹੀਂ ਹੋਈ ਤਾਂ ਕਿਸਾਨਾਂ ਦੇ ਹਿੱਤਾਂ ਖਿਲਾਫ਼ ਸਮਝੌਤਾ ਕਿਵੇਂ: ਸ਼ਿਵਰਾਜ ਚੌਹਾਨ

ਬਾਬਾ ਬਕਾਲਾ 28 ਅਗਸਤ (ਆਵਾਜ਼ਿ ਕੌਮ ਬਿਊਰੋ)-"ਭਾਰਤ ਦਾ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਤਹਾਨੂੰ ਇਹ ਕਹਿ ਰਿਹਾ ਹੈ ਕਿ ਅਮਰੀਕਾ ਹੋਵੇ ਜਾਂ ਸੰਸਾਰ ਦਾ ਕੋਈ ਹੋਰ ਦੇਸ, ਕਿਸਾਨ ਭਰਾਵੋਂ, ਹਰ ਸਮਝੌਤਾ ਤੁਹਾਡੇ ਹਿੱਤਾਂ ਨੂੰ ਮੁੱਖ ਰੱਖ ਕੇ ਹੋਵੇਗਾ। ਤੁਹਾਡੇ ਹਿੱਤਾਂ ਦੇ ਖਿਲਾਫ਼ ਕੋਈ ਸਮਝੌਤਾ ਨਹੀਂ ਹੋ ਸਕਦਾ।" ਇਹ ਸ਼ਬਦ ਮੱਧ ਪ੍ਰਦੇਸ਼ ਦੇ 4 ਵਾਰ ਮੁੱਖ ਮਤੰਰੀ ਰਹੇ ਅਤੇ ਮੌਜੂਦਾ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੇ ਹਨ। ਉਹ ਬਾਬਾ ਬਕਾਲਾ ਵਿੱਚ ਰੱਖੜ ਪੁੰਨਿਆਂ ਮੌਕੇ ਭਾਰਤੀ ਜਨਤਾ ਪਾਰਟੀ ਦੀ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਅਮਰੀਕਾ ਨਾਲ ਅਜੇ ਤੱਕ ਕੋਈ ਟਰੇਡ ਡੀਲ ਹੀ ਨਹੀਂ ਹੋਈ ਹੈ, ਇਸ ਲਈ ਕਿਸਾਨਾਂ ਦੇ ਹਿੱਤਾਂ ਨਾਲ ਸਮਝੌਤਾ ਹੋਣ ਦਾ ਸਵਾਲ ਹੀ ਕਿਵੇਂ ਪੈਦਾ ਹੋ ਗਿਆ ਹੈ। ਪਰ ਕੁਛ ਧਿਰਾਂ ਕਿਸਾਨ ਹਿੱਤਾਂ ਦੇ ਮਸਲੇ ਉੱਤੇ ਭਰਮ ਫੈਲਾ ਰਹੀਆਂ ਹਨ। ਚੌਹਾਨ ਨੇ ਕਿਹਾ ਕਿ ਯੂਕੇ ਅਤੇ ਯੂਰਪੀਅਨ ਮੁਲਕਾਂ ਨਾਲ ਜਿਹੜੇ ਵਪਾਰਕ ਸਮਝੌਤੇ ਹੋਏ ਹਨ, ਉਨ੍ਹਾਂ ਵਿੱਚ ਕਿਸਾਨਾਂ ਦੇ ਹਿੱਤਾਂ ਦਾ ਪੂਰਾ ਖਿਆਲ ਰੱਖਿਆ ਗਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਈ ਵਾਰ ਸਪੱਸ਼ਟ ਕਰ ਚੁੱਕੇ ਹਨ ਕਿ ਦੇਸ਼ ਪ੍ਰਥਮ ਹੈ, ਕਿਸਾਨੀ ਹਿੱਤ ਸਰਬਉੱਚ ਹਨ ਇਸ



ਆਵਾਜ਼ਿ ਕੌਮ AWAZE QAUM International Newspaper & WEB TV

ਲਈ ਕਿਸਾਨਾਂ ਦੇ ਹਿੱਤਾਂ ਦੇ ਖਿਲਾਫ ਕਿਸੇ ਕੀਮਤ ਉੱਤੇ ਵੀ ਸਮਝੌਤਾ ਨਹੀਂ ਕਰਨਗੇ। ਚੌਹਾਨ ਨੇ ਦੱਸਿਆ ਕਿ ਮੋਦੀ ਸਰਕਾਰ ਦੇ 12 ਸਾਲ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਕਿਸਾਨਾਂ ਦੀ ਕਣਕ ਤੇ ਝੋਨੇ ਦੀ ਐਮ.ਐਸ.ਪੀ. ਤੇ ਖਰੀਦ ਲਈ ਲੱਗਭਗ 8.20 ਲੱਖ ਕਰੋੜ ਰੁਪਏ ਭੇਜੇ ਗਏ। ਕੇਜਰੀਵਾਲ ਨੇ ਮਾਇਨਿੰਗ ਵਿੱਚੋਂ 20 ਹਜ਼ਾਰ ਕਰੋੜ ਦੀ ਗਾਰੰਟੀ ਦਿੱਤੀ ਸੀ ਪਰ ਆਏ ਸਿਰਫ 600 ਕਰੋੜ, 19400 ਕਰੋੜ ਕਿੱਥੇ ਗਿਆ, ਇਹ ਪੈਸਾ ਦਿੱਲੀ ਤੋਂ ਆਏ ਆਦਮੀ ਪਾਰਟੀ ਵਾਲੇ ਲੁੱਟ ਕੇ ਲੈ ਗਏ। ਜਿਵੇਂ ਅਬਦਾਲੀ ਪੰਜਾਬ ਨੂੰ ਲੁੱਟਦਾ ਸੀ ਉਵੇਂ ਹੁਣ ਦਿੱਲੀ ਤੋਂ ਆਏ ਆਪ ਵਾਲੇ ਲੁੱਟ ਰਹੇ ਨੇ ਪਰ ਹੁਣ ਫੈਸਲਾ ਅਸੀਂ ਕਰਨਾ ਵਿਕਾਸ ਵਾਲੀ ਸਰਕਾਰ, ਤਰੱਕੀ ਵਾਲੀ ਸਰਕਾਰ ਚਾਹੀਦੀ ਜਾਂ ਗੱਲਾਂ ਵਾਲੀ ਜਾਂ ਇਸ਼ਿਤਆਰਾਂ ਵਾਲੀ। ਇਕੱਠ ਨੂੰ ਹੋਰਨਾਂ ਤੋਂ ਇਲਾਵਾ ਭਾਜਪਾ ਨੇ ਕੇਂਦਰੀ ਉੱਪ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ, ਸਾਬਕਾ ਕੇਂਦਰੀ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ, ਰਾਜ ਸਭਾ ਮੈਂਬਰ ਬਿਕਰਮਜੀਤ ਸਾਹਨੀ, ਸਾਬਕਾ ਪ੍ਰਧਾਨ ਅਸ਼ਵਨੀ ਸ਼ਰਮਾ, ਵਿਜੇ ਸਾਂਪਲਾ, ਸੋਮ ਪ੍ਰਕਾਸ਼, ਇਕਬਾਲ ਸਿੰਘ ਲਾਲਪੁਰਾ, ਫਤਿਹਜੰਗ ਬਾਜਵਾ, ਅਸ਼ਵਨੀ ਸੇਖੜੀ, ਰਵੀਕਿਰਨ ਸਿੰਘ ਕਾਹਲੋਂ, ਹਰਜਿੰਦਰ ਸਿੰਘ ਠੇਕੇਦਾਰ ਨੇ ਵੀ ਸੰਬੋਧਨ ਕੀਤਾ।

# ਰੱਖੜ ਪੁੰਨਿਆ 'ਤੇ ਬਾਬਾ ਬਕਾਲਾ ਸਾਹਿਬ 'ਚ ਸਿਆਸੀ ਸ਼ਕਤੀ ਪ੍ਰਦਰਸ਼ਨ, 2027 ਲਈ ਵੱਜਿਆ ਚੋਣੀ ਬਿਗਲ

## 'ਆਪ', ਕਾਂਗਰਸ, ਅਕਾਲੀ ਦਲ, ਭਾਜਪਾ ਤੇ ਪੰਥਕ ਧਿਰਾਂ ਵੱਲੋਂ ਕਾਨਫਰੰਸਾਂ; ਇੱਕ-ਦੂਜੇ 'ਤੇ ਤਿੱਖੇ ਸਿਆਸੀ ਹਮਲੇ







ਬਾਬਾ ਬਕਾਲਾ ਸਾਹਿਬ, 28 ਅਗਸਤ (ਆਵਾਜ਼ਿ ਕੌਮ ਬਿਊਰੋ)- ਇਤਿਹਾਸਕ ਨਗਰ ਬਾਬਾ ਬਕਾਲਾ ਸਾਹਿਬ ਵਿਖੇ ਰੱਖੜ ਪੁੰਨਿਆ ਦੇ ਪਵਿੱਤਰ ਦਿਹਾੜੇ ਮੌਕੇ ਧਾਰਮਿਕ ਸਮਾਗਮਾਂ ਦੇ ਨਾਲ-ਨਾਲ ਪੰਜਾਬ ਦੀ ਸਿਆਸਤ ਵੀ ਪੂਰੀ ਤਰ੍ਹਾਂ ਗਰਮਾਈ ਰਹੀ। ਵੱਖ-ਵੱਖ ਸਿਆਸੀ ਪਾਰਟੀਆਂ ਅਤੇ ਪੰਥਕ ਜਥੇਬੰਦੀਆਂ ਵੱਲੋਂ ਕੀਤੀਆਂ ਗਈਆਂ ਕਾਨਫਰੰਸਾਂ ਦੌਰਾਨ ਜਿੱਥੇ ਆਪੋ-ਆਪਣੀ ਸਿਆਸੀ ਤਾਕਤ ਦਾ ਪ੍ਰਦਰਸ਼ਨ ਕੀਤਾ ਗਿਆ, ਉੱਥੇ ਪੰਜਾਬ ਦੇ ਮੌਜੂਦਾ ਹਾਲਾਤ, ਕਿਸਾਨੀ, ਨਸ਼ਿਆਂ, ਕਾਨੂੰਨ-ਵਿਵਸਥਾ, ਪੰਥਕ ਮਸਲਿਆਂ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਤਿੱਖੀ ਬਿਆਨਬਾਜ਼ੀ ਵੀ ਹੋਈ। ਆਮ ਆਦਮੀ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ, ਅਕਾਲੀ ਦਲ ਵਾਰਿਸ ਪੰਜਾਬ ਦੇ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀਆਂ ਕਾਨਫਰੰਸਾਂ ਕਾਰਨ ਬਾਬਾ ਬਕਾਲਾ ਸਾਹਿਬ ਦਿਨ ਭਰ ਸਿਆਸੀ ਸਰਗਰਮੀਆਂ ਦਾ ਕੇਂਦਰ ਬਣਿਆ ਰਿਹਾ। ਆਮ ਆਦਮੀ ਪਾਰਟੀ ਵੱਲੋਂ ਰਈਆ ਦੀ ਦਾਣਾ ਮੰਡੀ ਵਿੱਚ ਰਾਜ ਪੱਧਰੀ ਕਾਨਫਰੰਸ ਕੀਤੀ ਗਈ। ਕਾਨਫਰੰਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਕਈ ਸੀਨੀਅਰ ਆਗੂਆਂ ਨੇ ਸੰਬੋਧਨ ਕੀਤਾ। ਮੁੱਖ ਮੰਤਰੀ ਨੇ ਆਪਣੀ ਸਰਕਾਰ ਵੱਲੋਂ ਸਿੱਖਿਆ, ਸਿਹਤ, ਰੁਜ਼ਗਾਰ ਅਤੇ ਲੋਕ ਭਲਾਈ ਦੇ ਖੇਤਰ ਵਿੱਚ ਕੀਤੇ ਕੰਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਨੌਜਵਾਨਾਂ ਨੂੰ ਵੱਡੀ ਗਿਣਤੀ ਵਿੱਚ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਮੁੱਖ ਮੰਤਰੀ ਨੇ ਵਿਰੋਧੀ ਪਾਰਟੀਆਂ ਖਾਸ ਕਰਕੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਪੰਜਾਬ ਦੇ ਲੋਕ ਪਿਛਲੀਆਂ ਸਰਕਾਰਾਂ ਦੇ ਕੰਮਕਾਜ ਅਤੇ ਮੌਜੂਦਾ ਸਰਕਾਰ ਦੇ ਕੰਮਾਂ ਦੀ ਤੁਲਨਾ ਕਰ ਰਹੇ ਹਨ। ਉਨ੍ਹਾਂ ਬਾਦਲ ਪਰਿਵਾਰ 'ਤੇ ਵੀ ਸਿਆਸੀ ਤੰਜ ਕੱਸੇ ਅਤੇ ਅਕਾਲੀ ਦਲ ਵੱਲੋਂ ਭਾਜਪਾ ਨਾਲ ਮੁੜ ਸਿਆਸੀ ਨੇੜਤਾ ਵਧਾਉਣ ਦੀਆਂ ਚਰਚਾਵਾਂ 'ਤੇ ਹਮਲਾ ਕੀਤਾ। ਮਾਨ ਨੇ ਕਿਸਾਨ ਅੰਦੋਲਨ ਦਾ ਜ਼ਿਕਰ ਕਰਦਿਆਂ ਕੇਂਦਰ ਦੀ ਭਾਜਪਾ ਸਰਕਾਰ 'ਤੇ ਵੀ ਨਿਸ਼ਾਨਾ ਸੇਧਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਹੱਕਾਂ ਅਤੇ ਹਿੱਤਾਂ ਨਾਲ ਸਬੰਧਤ ਮੁੱਦਿਆਂ 'ਤੇ ਕਿਸੇ ਤਰ੍ਹਾਂ ਦਾ ਸਮਝੌਤਾ ਨਹੀਂ ਕਰਨਗੇ। ਇਸ ਮੌਕੇ ਸਰਕਾਰ ਵੱਲੋਂ ਔਰਤਾਂ ਲਈ ਕੀਤੀਆਂ ਗਈਆਂ ਯੋਜਨਾਵਾਂ ਅਤੇ ਹੋਰ ਲੋਕ ਭਲਾਈ ਦੇ ਕੰਮਾਂ ਦਾ ਵੀ ਜ਼ਿਕਰ ਕੀਤਾ ਗਿਆ। ਕਾਂਗਰਸ ਵੱਲੋਂ ਕੀਤੀ ਗਈ ਕਾਨਫਰੰਸ ਵਿੱਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ, ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ, ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਰਾਣਾ ਗੁਰਜੀਤ ਸਿੰਘ ਅਤੇ ਹੋਰ ਸੀਨੀਅਰ ਆਗੂਆਂ ਨੇ ਸ਼ਮੂਲੀਅਤ ਕੀਤੀ। ਕਾਂਗਰਸੀ ਆਗੂਆਂ ਨੇ ਪੰਜਾਬ ਦੀ 'ਆਪ' ਸਰਕਾਰ ਨੂੰ ਨਸ਼ਿਆਂ, ਗੈਂਗਸਟਰਵਾਦ, ਬੇਰੁਜ਼ਗਾਰੀ ਅਤੇ ਕਾਨੂੰਨ-ਵਿਵਸਥਾ ਦੇ ਮੁੱਦੇ 'ਤੇ ਘੇਰਿਆ। ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦੇ ਪੂਰੇ ਨਹੀਂ ਕੀਤੇ ਗਏ ਅਤੇ ਸੂਬੇ ਦੇ ਲੋਕ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ। ਸੁਖਜਿੰਦਰ ਸਿੰਘ ਰੰਧਾਵਾ ਨੇ ਪੰਜਾਬ ਨਾਲ ਸਬੰਧਤ ਕਈ ਮੁੱਦੇ ਉਠਾਉਂਦਿਆਂ ਕਿਹਾ ਕਿ ਕਾਂਗਰਸ ਦੀ ਲੜਾਈ ਕਿਸੇ ਇੱਕ ਵਿਅਕਤੀ ਜਾਂ ਪਾਰਟੀ ਨਾਲ ਨਹੀਂ, ਸਗੋਂ ਪੰਜਾਬ ਦੇ ਭਵਿੱਖ ਲਈ ਹੈ। ਉਨ੍ਹਾਂ ਐੱਸਵਾਈਐੱਲ, ਚੰਡੀਗੜ੍ਹ ਅਤੇ ਬੰਦੀ ਸਿੱਖਾਂ ਸਮੇਤ ਕਈ ਪੰਥਕ ਅਤੇ ਸੂਬਾਈ ਮੁੱਦਿਆਂ ਦਾ ਵੀ ਜ਼ਿਕਰ ਕੀਤਾ। ਕਾਂਗਰਸੀ ਆਗੂਆਂ ਨੇ 2027 ਦੀਆਂ ਚੋਣਾਂ ਵਿੱਚ ਪਾਰਟੀ ਦੀ ਸਰਕਾਰ ਬਣਾਉਣ ਦਾ ਦਾਅਵਾ ਕੀਤਾ।

**ਅਕਾਲੀ ਦਲ ਨੇ ਮਾਨ ਨੂੰ ਮਜੀਠਾ ਤੋਂ ਚੋਣ ਲੜਨ ਦੀ ਚੁਣੌਤੀ ਦਿੱਤੀ**

ਸ਼੍ਰੋਮਣੀ ਅਕਾਲੀ ਦਲ ਵੱਲੋਂ ਗੁਰੂ ਤੇਗ ਬਹਾਦਰ ਹਾਕੀ ਸਟੇਡੀਅਮ ਵਿੱਚ ਕਾਨਫਰੰਸ ਕੀਤੀ ਗਈ। ਇਸ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਸੀਨੀਅਰ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਨੇ ਸ਼ਮੂਲੀਅਤ ਕੀਤੀ। ਅਕਾਲੀ ਆਗੂਆਂ ਨੇ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸੂਬੇ ਦੇ ਲੋਕ ਮੌਜੂਦਾ ਸਰਕਾਰ ਤੋਂ ਨਿਰਾਸ਼ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਪਾਰਟੀ ਆਗੂਆਂ ਨੇ ਕਿਸਾਨੀ, ਪੰਥਕ ਮਸਲਿਆਂ ਅਤੇ ਪੰਜਾਬ ਦੇ ਹੱਕਾਂ ਨਾਲ ਸਬੰਧਤ ਮੁੱਦੇ ਉਠਾਏ। ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਮਜੀਠਾ ਹਲਕੇ ਤੋਂ ਉਨ੍ਹਾਂ ਦੇ ਮੁਕਾਬਲੇ ਲੜਨ ਦੀ ਖੁੱਲ੍ਹੀ ਚੁਣੌਤੀ ਦਿੱਤੀ। ਮਜੀਠੀਆ ਨੇ ਦਾਅਵਾ ਕੀਤਾ ਕਿ ਜੇ ਮੁੱਖ ਮੰਤਰੀ ਮਜੀਠਾ ਤੋਂ ਚੋਣ ਲੜਦੇ ਹਨ ਤਾਂ ਹਲਕੇ ਦੇ ਲੋਕ ਉਨ੍ਹਾਂ ਨੂੰ ਸਿਆਸੀ ਤੌਰ 'ਤੇ ਜਵਾਬ ਦੇਣਗੇ। ਅਕਾਲੀ ਦਲ ਦੇ ਆਗੂਆਂ ਨੇ ਪਾਰਟੀ ਨੂੰ ਮੁੜ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਵਰਕਰਾਂ ਨੂੰ ਤਿਆਰ ਕਰਨ ਦਾ ਸੱਦਾ ਦਿੱਤਾ।

**ਭਾਜਪਾ ਦੀ ਵੱਖਰੀ ਸਟੇਜ ਨੇ ਖਿੱਚਿਆ ਧਿਆਨ**

ਭਾਰਤੀ ਜਨਤਾ ਪਾਰਟੀ ਵੱਲੋਂ ਇਸ ਵਾਰ ਬਾਬਾ ਬਕਾਲਾ ਸਾਹਿਬ ਵਿਖੇ ਵੱਖਰੀ ਸਿਆਸੀ ਕਾਨਫਰੰਸ ਕੀਤੀ ਗਈ। ਇਸ ਮੌਕੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਪਾਰਟੀ ਦੇ ਹੋਰ ਸੀਨੀਅਰ ਆਗੂ ਪਹੁੰਚੇ। ਭਾਜਪਾ ਆਗੂਆਂ ਨੇ ਕੇਂਦਰ ਸਰਕਾਰ ਦੀਆਂ ਕਿਸਾਨਾਂ ਨਾਲ ਸਬੰਧਤ ਯੋਜਨਾਵਾਂ ਦਾ ਜ਼ਿਕਰ ਕੀਤਾ ਅਤੇ ਪੰਜਾਬ ਦੇ ਕਿਸਾਨਾਂ ਨੂੰ ਕੇਂਦਰੀ ਸਕੀਮਾਂ ਦਾ ਲਾਭ ਦੇਣ ਦੀ ਗੱਲ ਆਖੀ। ਸ਼ਿਵਰਾਜ ਸਿੰਘ ਚੌਹਾਨ ਨੇ ਕਿਸਾਨਾਂ ਦੇ ਹਿੱਤਾਂ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਨਾ ਕਰਨ ਦੀ ਗੱਲ ਕਰਦਿਆਂ ਪੰਜਾਬ ਸਰਕਾਰ 'ਤੇ ਕਿਸਾਨੀ ਅਤੇ ਹੜ੍ਹਾਂ ਸਮੇਤ ਹੋਰ ਮੁੱਦਿਆਂ ਨੂੰ ਲੈ ਕੇ ਨਿਸ਼ਾਨੇ ਸੇਧੇ। ਭਾਜਪਾ ਵੱਲੋਂ ਪੰਜਾਬ ਵਿੱਚ ਆਪਣਾ ਆਧਾਰ ਮਜ਼ਬੂਤ ਕਰਨ ਦੀ ਕੋਸ਼ਿਸ਼ ਦੇ ਸੰਕੇਤ ਦਿੰਦਿਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੀ ਭੂਮਿਕਾ ਨੂੰ ਲੈ ਕੇ ਵੀ ਆਪਣਾ ਪੱਖ ਰੱਖਿਆ ਗਿਆ। ਵੱਖਰੀ ਸਟੇਜ ਲਾਉਣ ਨੂੰ ਪੰਜਾਬ ਦੀ ਸਿਆਸਤ ਵਿੱਚ ਭਾਜਪਾ ਦੀ ਵਧ ਰਹੀ ਸਰਗਰਮੀ ਵਜੋਂ ਦੇਖਿਆ ਗਿਆ।

**'ਵਾਰਿਸ ਪੰਜਾਬ ਦੇ' ਦੀ ਪੰਥਕ ਕਾਨਫਰੰਸ ਵਿੱਚ ਪੰਜਾਬ ਤੇ ਪੰਥ ਦੇ ਮੁੱਦੇ ਭਾਰੂ**

ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵੀ ਬਾਬਾ ਬਕਾਲਾ ਸਾਹਿਬ ਵਿਖੇ ਪੰਥਕ ਕਾਨਫਰੰਸ ਕੀਤੀ ਗਈ। ਇਸ ਕਾਨਫਰੰਸ ਨੂੰ ਲੈ ਕੇ ਜਥੇਬੰਦੀ ਵੱਲੋਂ ਪਹਿਲਾਂ ਤੋਂ ਹੀ ਵੱਡੇ ਪੱਧਰ 'ਤੇ ਤਿਆਰੀਆਂ ਕੀਤੀਆਂ ਗਈਆਂ ਸਨ ਅਤੇ ਵਰਕਰਾਂ ਤੇ ਸਮਰਥਕਾਂ ਨੂੰ ਲਾਮਬੰਦ ਕੀਤਾ ਗਿਆ। ਕਾਨਫਰੰਸ ਦੌਰਾਨ ਪੰਜਾਬ ਦੇ ਹੱਕਾਂ, ਪੰਥਕ ਮਸਲਿਆਂ, ਨਸ਼ਿਆਂ ਅਤੇ ਸੂਬੇ ਦੀ ਮੌਜੂਦਾ ਸਿਆਸੀ ਸਥਿਤੀ ਨੂੰ ਪ੍ਰਮੁੱਖਤਾ ਨਾਲ ਉਠਾਇਆ ਗਿਆ। ਜਥੇਬੰਦੀ ਵੱਲੋਂ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਗੰਭੀਰ ਮੁੱਦਾ ਦੱਸਦਿਆਂ ਇਸ ਸਬੰਧੀ ਵ੍ਹਾਈਟ ਪੇਪਰ ਲਿਆਉਣ ਦੀ ਗੱਲ ਆਖੀ ਗਈ। ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਪੰਜਾਬੀਆਂ ਨਾਲ ਕੀਤੇ ਗਏ ਵਾਅਦਿਆਂ ਦਾ ਵੀ ਕਾਨਫਰੰਸ ਦੌਰਾਨ ਜ਼ਿਕਰ ਕੀਤਾ ਗਿਆ। ਬਾਪੂ ਤਰਸੇਮ ਸਿੰਘ ਨੇ ਪੰਜਾਬੀਆਂ ਨਾਲ ਕੀਤੇ ਗਏ ਵਾਅਦੇ ਇਕੱਠ ਸਾਹਮਣੇ ਪੜ੍ਹ ਕੇ ਸੁਣਾਏ। ਕਾਨਫਰੰਸ ਵਿੱਚ ਬੋਲਣ ਵਾਲੇ ਆਗੂਆਂ ਨੇ ਪੰਜਾਬ ਦੇ ਕੁਦਰਤੀ ਸਰੋਤਾਂ, ਨੌਜਵਾਨਾਂ, ਨਸ਼ਿਆਂ ਅਤੇ ਸਿੱਖ ਪੰਥ ਨਾਲ ਜੁੜੇ ਮਸਲਿਆਂ 'ਤੇ ਆਪਣਾ ਪੱਖ ਰੱਖਿਆ। ਇਸੇ ਸਿਆਸੀ ਸਰਗਰਮੀ ਦੌਰਾਨ ਸੰਸਦ ਮੈਂਬਰ ਸਰਬਜੀਤ ਸਿੰਘ ਖ਼ਾਲਸਾ ਦੀ ਸਿਹਤ ਵਿਗੜਨ ਦੀ ਖ਼ਬਰ ਵੀ ਸਾਹਮਣੇ ਆਈ। ਉਨ੍ਹਾਂ ਨੂੰ ਇਲਾਜ ਲਈ ਜਲੰਧਰ ਦੇ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿਸ ਕਾਰਨ ਉਹ ਕਾਨਫਰੰਸ ਵਿੱਚ ਸ਼ਾਮਲ ਨਹੀਂ ਹੋ ਸਕੇ।

**ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪੰਥਕ ਮੁੱਦਿਆਂ 'ਤੇ ਜ਼ੋਰ**

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਵੀ ਬਾਬਾ ਬਕਾਲਾ ਸਾਹਿਬ ਵਿਖੇ ਕਾਨਫਰੰਸ ਕੀਤੀ ਗਈ। ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਅਤੇ ਹੋਰ ਸੀਨੀਅਰ ਆਗੂਆਂ ਨੇ ਸੰਬੋਧਨ ਕਰਦਿਆਂ ਪੰਜਾਬ ਦੇ ਸਿਆਸੀ, ਪੰਥਕ ਅਤੇ ਸੂਬਾਈ ਹੱਕਾਂ ਨਾਲ ਸਬੰਧਤ ਮੁੱਦੇ ਉਠਾਏ। ਪਾਰਟੀ ਆਗੂਆਂ ਨੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਜਾਰੀ ਰੱਖਣ ਦੀ ਗੱਲ ਕਰਦਿਆਂ ਸਿੱਖ ਪੰਥ ਨਾਲ ਸਬੰਧਤ ਮਾਮਲਿਆਂ ਨੂੰ ਵੀ ਪ੍ਰਮੁੱਖਤਾ ਨਾਲ ਉਠਾਇਆ। ਕਾਨਫਰੰਸ ਵਿੱਚ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਲੈ ਕੇ ਜਾਣ ਅਤੇ ਆਉਣ ਵਾਲੇ ਸਮੇਂ ਵਿੱਚ ਸਿਆਸੀ ਸਰਗਰਮੀਆਂ ਤੇਜ਼ ਕਰਨ ਦਾ ਸੱਦਾ ਦਿੱਤਾ ਗਿਆ।

**ਧਾਰਮਿਕ ਮੇਲੇ ਨਾਲੋਂ ਸਿਆਸੀ ਕਾਨਫਰੰਸਾਂ ਨੇ ਵੀ ਖਿੱਚਿਆ ਧਿਆਨ**

ਰੱਖੜ ਪੁੰਨਿਆ ਦੇ ਮੌਕੇ ਬਾਬਾ ਬਕਾਲਾ ਸਾਹਿਬ ਵਿਖੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਗੁਰਦੁਆਰਾ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਦੇ ਨਾਲ ਹੀ ਵੱਖ-ਵੱਖ ਸਿਆਸੀ ਧਿਰਾਂ ਵੱਲੋਂ ਕੀਤੀਆਂ ਕਾਨਫਰੰਸਾਂ ਨੇ ਵੀ ਮੇਲੇ ਦੀਆਂ ਸਰਗਰਮੀਆਂ ਵਿੱਚ ਸਿਆਸੀ ਰੰਗ ਭਰ ਦਿੱਤਾ। ਇੱਕੋ ਦਿਨ ਵਿੱਚ ਪ੍ਰਮੁੱਖ ਸਿਆਸੀ ਪਾਰਟੀਆਂ ਵੱਲੋਂ ਆਪੋ-ਆਪਣੀਆਂ ਸਟੇਜਾਂ ਤੋਂ ਕੀਤੀ ਗਈ ਬਿਆਨਬਾਜ਼ੀ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਝਲਕ ਸਾਫ਼ ਨਜ਼ਰ ਆਈ। ਸੱਤਾਧਾਰੀ ਧਿਰ ਨੇ ਆਪਣੀ ਸਰਕਾਰ ਦੇ ਕੰਮਾਂ ਨੂੰ ਆਧਾਰ ਬਣਾਇਆ, ਜਦਕਿ ਵਿਰੋਧੀ ਧਿਰਾਂ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕੇ। ਅਕਾਲੀ ਦਲ ਅਤੇ ਕਾਂਗਰਸ ਨੇ ਆਪਣੀ ਸਿਆਸੀ ਵਾਪਸੀ ਦਾ ਦਾਅਵਾ ਕੀਤਾ, ਭਾਜਪਾ ਨੇ ਪੰਜਾਬ ਵਿੱਚ ਆਪਣੀ ਵੱਖਰੀ ਸਿਆਸੀ ਪਛਾਣ ਮਜ਼ਬੂਤ ਕਰਨ ਦਾ ਸੰਕੇਤ ਦਿੱਤਾ ਅਤੇ ਪੰਥਕ ਧਿਰਾਂ ਨੇ ਪੰਜਾਬ ਤੇ ਪੰਥ ਨਾਲ ਸਬੰਧਤ ਮੁੱਦਿਆਂ ਨੂੰ ਕੇਂਦਰ ਵਿੱਚ ਰੱਖਿਆ। ਰੱਖੜ ਪੁੰਨਿਆ ਮੌਕੇ ਬਾਬਾ ਬਕਾਲਾ ਸਾਹਿਬ ਦੀ ਧਰਤੀ ਤੋਂ ਹੋਇਆ ਇਹ ਸਿਆਸੀ ਸ਼ਕਤੀ ਪ੍ਰਦਰਸ਼ਨ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਿਆਸੀ ਧਿਰਾਂ ਦੀ ਤਿਆਰੀ ਅਤੇ ਆਪੋ-ਆਪਣੇ ਆਧਾਰ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ। ਆਉਣ ਵਾਲੇ ਮਹੀਨਿਆਂ ਵਿੱਚ ਇਨ੍ਹਾਂ ਧਿਰਾਂ ਦੀਆਂ ਸਿਆਸੀ ਸਰਗਰਮੀਆਂ ਹੋਰ ਤੇਜ਼ ਹੋਣ ਦੇ ਆਸਾਰ ਹਨ।

## ਇੱਕ ਨਜ਼ਰ...







### ਨੌਜਵਾਨਾ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਨਿਕਲਣ ਵਿਰੁੱਧ ਪੰਥਕ ਅਕਾਲੀ ਦਲ ਵੱਲੋਂ

# ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦੀ ਅਗਵਾਈ ਚ ਸ਼੍ਰੀ ਅੰਮ੍ਰਿਤਸਰ ਵਿਖੇ ਮੀਟਿੰਗ

**ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਦੀ ਵਿਸ਼ੇਸ਼ ਰਿਪੋਰਟ**

ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਦੀਆਂ ਗਤੀ ਵਿਧੀਆਂ ਨੂੰ ਹੋਰ ਤੇਜ਼ ਕਰਨ ਲਈ ਅਤੇ ਬੱਚਿਆਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਪੰਥਕ ਅਕਾਲੀ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੀ ਰਹਿਨਹਾਈ ਹੇਠ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜ ਕਰੀ ਪੰਜਾਬ ਪ੍ਰਧਾਨ ਵਾਲਿਆਂ ਦੀ ਅਗਵਾਈ ਚ ਸ੍ਰੀ ਅੰਮ੍ਰਿਤਸਰ ਵਿਖੇ ਭਾਈ ਬਲਕਾਰ ਸਿੰਘ ਜੀ ਪ੍ਰਧਾਨ ਜੀ ਦੇ ਗ੍ਰਹਿ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ। ਦੱਸਣ ਯੋਗ ਹੈ ਕਿ ਸਿੱਖ ਬੱਚਿਆਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਇਹ ਵਿਸ਼ੇਸ਼ ਮੀਟਿੰਗ ਹੋਈ ਹੈ ਜੋ ਪੰਥਕ ਅਕਾਲੀ ਦਲ ਦੇ ਅਹੁਦੇਦਾਰਾਂ ਵੱਲੋਂ ਕਮਰਕੱਸਾ ਕੀਤਾ ਗਿਆ ਹੈ। ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਅਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਗੱਲਬਾਤ ਕਰਦੇ ਆਂ ਦੌਰਾਨ ਦੱਸਿਆ ਕਿ ਆਉਣ ਵਾਲੀ ਸੋਮਵਾਰ ਨੂੰ ਪੰਥਕ ਅਕਾਲੀ ਦਲ ਵੱਲੋਂ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੀ ਅਪਾਰ ਕਿਰਪਾ ਸਦਕਾ ਪਿੰਡਾਂ ਪਿੰਡਾਂ ਵਿੱਚ ਜਾ ਕੇ ਗੁਰਮਤਿ ਸਮਾਗਮ ਕਰਵਾਏ ਜਾਣਗੇ ਜਿਸ ਵਿੱਚ ਨਸ਼ਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਬਚਾਉਣ ਲਈ ਮੁਹਿੰਮ ਸ਼ੁਰੂ ਕੀਤੀ ਜਾਵੇਗੀ ਜੋ ਨੌਜਵਾਨਾਂ ਨੂੰ ਨਸ਼ਿਆਂ ਵਿੱਚੋ ਕੱਢਣ ਲਈ ਉਹਨਾਂ ਨੂੰ ਸਿੱਖੀ ਵੱਲ ਜੋੜਿਆ ਜਾਵੇਗਾ। ਇਹ ਇੱਕ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਇਸ ਮੌਕੇ ਸੰਤ ਬਾਬਾ ਜਤਿੰਦਰ ਸਿੰਘ ਜੀ ਗੁਰਦੁਆਰਾ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ ਪੰਜਾਬ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ ਆਲ ਇੰਡੀਆ, ਜੱਥੇਦਾਰ ਵਜੀਰ ਸਿੰਘ ਜੀ ਵਾਂ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਭਾਈ ਰਜਿਦੰਰ ਸਿੰਘ ਰਾਜਾ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਹਲਕਾ ਇੰਚਾਰਜ ਫਤਹਿਗੜ, ਭਾਈ ਗੁਰਭੇਜ ਸਿੰਘ ਜੀ ਭੈਣੀ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਹਲਕਾ ਇੰਚਾਰਜ ਤਰਨਤਾਰਨ, ਹਰਪ੍ਰੀਤ ਸਿੰਘ ਕੋਲੀ ਪ੍ਰਧਾਨ ਅੰਮ੍ਰਿਸਰ, ਭਾਈ ਬਲਕਾਰ ਸਿੰਘ ਅੰਮ੍ਰਿਤਸਰ ਪ੍ਰਧਾਨ, ਸੰਤੋਖ ਸਿੰਘ ਪ੍ਰਧਾਨ ਫ਼ਤਿਹ ਗੜ ਚੂੜੀਆਂ, ਹੀਰਾ ਸਿੰਘ ,ਅਜਾਦ ਸਿੰਘ ,ਅਜੈ ਸਿੰਘ , ਮਨਪ੍ਰੀਤ ਸਿੰਘ ਸੋਹੀ ਪ੍ਰਧਾਨ, ਬਾਬਾ ਦਇਆ ਸਿੰਘ ਜੀ ਹਾਜ਼ਰ ਸਨ। ਇਸ ਤੋਂ ਉਪਰੰਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ ਦੀ ਬਰਸ਼ੀ ਤੇ ਸ੍ਰੀ ਅੰਮ੍ਰਿਤਸਰ ਵਿਖੇ ਪੰਥਕ ਅਕਾਲੀ ਦਲ ਵੱਲੋਂ ਹਾਜ਼ਰੀ ਭਰੀ ਗਈ। ਨਾਲ ਹੀ ਤਖਤ ਸ਼੍ਰੀ ਹਜੂਰ ਸਾਹਿਬ ਜੀ ਤੋਂ ਗਿਆਨੀ ਸੁਖਵਿੰਦਰ ਸਿੰਘ ਜੀ ਨੂੰ ਪੰਥਕ ਅਕਾਲੀ ਦਲ ਦੇ ਅਹੁਦੇਦਾਰਾਂ ਵੱਲੋਂ 'ਸੁਹਿਰਦ ਸੰਤ ਖਾਲਸਾ' ਕਿਤਾਬ ਭੇਟ ਕੀਤੀ ਗਈ

# ਪਿਓ ਪੁੱਤ ਦੇ ਸੰਸਕਾਰ ਮੌਕੇ ਵੱਖ ਵੱਖ ਆਗੂਆਂ ਨੇ ਭਰੀ ਹਾਜਰੀ ਅਤੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

ਧੂਰੀ, 28 ਅਗਸਤ ( ਰਣਜੀਤ ਸਿੰਘ ਪੇਧਨੀ )-ਪਿਛਲੇ ਦਿਨੀ ਪਿੰਡ ਕਾਤਰੋਂ ਵਿਖੇ ਹੋਏ ਟਰੈਕਟਰ ਅਤੇ ਮੋਟਰਸਾਈਕਲ ਦੇ ਐਕਸੀਡੈਂਟ ਦੇ ਵਿੱਚ ਇੱਕ ਉਭਰਦੇਕਬੱਡੀ ਖੇਡ ਆ ਰਹੀ ਅਤੇ ਉਸ ਦੇ ਪਿਤਾ ਦੀ ਮੌਤਉਹ



ਜਾਣ ਦੇ ਇਲਾਕੇ ਵਿੱਚ ਸੋਗ ਦੀ ਲਹਿਰ ਹੈਇਲਾਕੇ ਦੇ ਮੁਤਵਰ ਵਿਅਕਤੀਆਂ ਅਤੇ ਨਗਰ ਨਿਵਾਸੀਆਂ ਸੰਸਕਾਰ ਮੌਕੇ ਹਾਜ਼ਰੀ ਭਰ ਕੇ ਪਰਿਵਾਰ ਦੇ ਨਾਲ ਹਮਦਰਦੀ ਅਤੇ ਦੁੱਖ ਸਾਂਝਾ ਕੀਤਾ। ।ਇਸ ਮੌਕੇ ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਦੇ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਉਹ ਇਸ ਲਈ ਸੁਖਬੀਰ ਸਿੰਘ ਸੁੱਖੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਚੇਅਰਮੈਨ ਰਾਜਵੰਤ ਸਿੰਘ ਘੁੱਲੀ ,ਡਾਕਟਰ ਅਨਵਰ ਭਜੌੜ ਮੈਂਬਰ ਵਕਫ ਬੋਰਡ ਪੰਜਾਬ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ,ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸੁਭਮ ਸਰਮਾ ਸੁਭੀ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ, ਸੀਨੀਅਰ ਕਾਂਗਰਸੀ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਬਾਦਸ਼ਾਹਪੁਰ, ਹਰਬੰਸ ਸਿੰਘ ਸਲੇਮਪੁਰ, ਨਰਿੰਦਰ ਸਿੰਘ ਕਾਲਾਬੂਲਾ, ਸਰਪੰਚ ਜਗਜੀਤ ਸਿੰਘ ਕਲੇਰਾ, ਸਰਪੰਚ ਕਰਮਜੀਤ ਕੌਰ ਰੜ ਸੁਖਵਿੰਦਰ ਸਿੰਘ ਚੁੰਘਾ ਕਿਸਾਨ ਆਗੂ ਕਿਸਾਨ ਆਗੂ ਸੁਖਵਿੰਦਰ ਸਿੰਘ ਪੇਧਨੀ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਜਿੱਥੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ, ਉੱਥੇ ਹੀ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਜ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ।

# ਪੰਜਾਬ ਦੇ ਆਰਥਿਕ ਸੰਕਟ ਦੇ ਹੱਲ ਲਈ ਨਵ-ਨਿਰਮਾਣ ਕਰੇਗੀ ਅਧਿਕਾਰ ਸੰਘਰਸ਼ ਪਾਰਟੀ: ਇੰਜ ਸੁਰਿੰਦਰ ਸਿੰਘ ਭਿੰਡਰ

ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ): ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਿਹਾ ਕਿ ਕਿਸੇ ਸੂਬੇ ਦਾ ਨਿਰੰਤਰ ਵਿਕਾਸ ਲਈ ਉਸ ਦਾ ਮਜ਼ਬੂਤ ਵਿੱਤੀ ਪ੍ਰਬੰਧਨ ਹੁੰਦਾ ਹੈ ਪਰ ਪੰਜਾਬ ਦੀ ਆਰਥਿਕ ਸਥਿਤੀ ਕਈ ਦਹਾਕਿਆਂ ਤੋਂ ਗੰਭੀਰ ਸੰਕਟ ਵਿੱਚ ਘਿਰੀ ਹੋਈ ਹੈ। ਜਦੋਂ ਵੀ ਪੰਜਾਬ ਦੇ ਆਰਥਿਕ ਨਿਘਾਰ ਦੀ ਚਰਚਾ ਹੁੰਦੀ ਹੈ ਤਾਂ ਰਵਾਇਤੀ ਪਾਰਟੀਆਂ ਦੀਆਂ ਤਤਕਾਲੀ ਸਰਕਾਰਾਂ ਅਤੇ ਮੌਜੂਦਾ ਸਰਕਾਰ ਆਪਣੀ ਜਵਾਬਦੇਹੀ ਤੋਂ ਪੱਲਾ ਝਾੜਨ ਵਿਚ ਕੋਈ ਕਸਰ ਬਾਕੀ ਨਹੀਂ ਛੱਡਦੀਆਂ, ਇੱਕ ਦੂਜੇ ਸਿਰ ਦੋਸ਼ ਮੜਨ ਦੇ ਪੂਰੇ ਯਤਨ ਕਰਦੀਆਂ ਹਨ। ਵਿੱਤੀ ਸੰਕਟ ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਬੀ.ਜੇ.ਪੀ ਅਤੇ ਕਾਂਗਰਸ ਸਰਕਾਰਾਂ ਦੀ ਵੀ ਦੇਣ ਹੈ ਪਰ ਆਮ ਆਦਮੀ ਪਾਰਟੀ ਦੇ ਕਾਰਜਕਾਲ ਵਿੱਚ ਵੀ ਆਰਥਿਕ ਸੰਕਟ ਵਿੱਚ ਬੇਤਹਾਸ਼ਾ ਵਾਧਾ ਦਰਜ ਹੋਇਆ ਹੈ। ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਪ੍ਰਸ਼ਨ ਇਹ ਹੈ ਕਿ ਤਿੰਨਾਂ ਸਰਕਾਰਾਂ ਨੇ ਆਪਣੇ ਕਾਰਜਕਾਲ ਵਿੱਚ ਮਾਲੀ ਹਾਲਤ ਸੁਧਾਰਨ ਦੀ ਬਜਾਏ ਇਸ ਸੰਕਟ ਨੂੰ ਹੋਰ ਡੂੰਘਾ ਕੀਤਾ ਹੈ। ਇੰਜ ਭਿੰਡਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਤੇ ਬੀ.ਜੇ.ਪੀ ਅਤੇ ਕਾਂਗਰਸ ਸਰਕਾਰਾਂ ਆਪਣੇ ਕਾਰਜਕਾਲ ਦੌਰਾਨ ਕਰਜ਼ੇ ਅਤੇ ਵਿੱਤੀ ਘਾਟੇ ਦੇ ਮੂਲ ਢਾਂਚੇ ਨੂੰ ਬਦਲਣ ਵਿਚ ਸਫਲਤਾ ਹਾਸਲ ਨਹੀਂ ਕਰ ਸਕੀਆਂ। ਇਹ ਸੱਚ ਹੈ ਕਿ ਆਪ ਸਰਕਾਰ ਨੂੰ ਭਾਰੀ ਕਰਜ਼ੇ ਦੀ ਪੰਡ ਅਤੇ ਮਾਲੀ ਜ਼ਿੰਮੇਵਾਰੀਆਂ ਵਿਰਾਸਤ ਵਿੱਚ ਮਿਲੀਆਂ ਪਰ ਇਹ ਸਰਕਾਰ ਵੀ ਵਿੱਤੀ ਪ੍ਰਬੰਧਨ ਸੁਧਾਰਨ ਵਿੱਚ ਬਹੁਤਾ ਕੁੱਝ ਕਰ ਨਹੀਂ ਸਕੀ। ਮੌਜੂਦਾ ਸਰਕਾਰ ਆਪਣੇ ਖਰਚਿਆਂ ਨੂੰ ਪੂਰਾ ਕਰਨ ਲਈ ਅਜੇ ਵੀ ਕਰਜ਼ੇ ਤੇ ਜ਼ਿਆਦਾ ਨਿਰਭਰ ਹੈ। ਸਰਕਾਰ ਦੀ ਮੌਜੂਦਾ ਆਮਦਨ ਉਸ ਦੇ ਰੋਜ਼ਾਨਾ ਖਰਚਿਆਂ ਨੂੰ ਪੂਰਾ ਕਰਨ ਲਈ ਕਾਫ਼ੀ ਨਹੀਂ



ਹੈ, ਅਜਿਹੀ ਸਥਿਤੀ ਵਿਚ ਸਰਕਾਰ ਨੂੰ ਵਾਰ ਵਾਰ ਕਰਜ਼ਾ ਚੁੱਕਣਾ ਪੈਂਦਾ ਹੈ, ਪਰ ਕਰਜ਼ਾ ਚੁੱਕ ਕੇ ਮੁੱਖ ਤੌਰ ਤੇ ਸਬਸਿਡੀਆਂ ਅਤੇ ਮੁਫ਼ਤ ਦੀ ਰਿਉੜੀਆਂ ਦੇ ਖਰਚੇ ਚਲਾਉਣ ਨਾਲ ਵਿੱਤੀ ਸੰਕਟ ਹੋਰ ਡੂੰਘਾ ਹੁੰਦਾ ਜਾ ਰਿਹਾ ਹੈ। ਅੰਕੜੇ ਦੱਸਦੇ ਹਨ ਕਿ ਵਿੱਤੀ ਸਾਲ 2026—27 ਖਤਮ ਹੋਣ ਤੱਕ ਪੰਜਾਬ ਦਾ ਕੁੱਲ ਕਰਜ਼ਾ ਕਰੀਬ 4.50 ਲੱਖ ਕਰੋੜ ਪਹੁੰਚਣ ਦਾ ਅੰਦਾਜ਼ਾ ਹੈ। ਇੰਜ ਸੁਰਿੰਦਰ ਸਿੰਘ ਨੇ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਮੁਫ਼ਤ ਸਹੂਲਤਾਂ ਅਤੇ ਚੋਣ ਗਰੰਟੀਆਂ ਕਾਰਨ ਪੰਜਾਬ ਦੇ ਵਿਕਾਸ ਨੂੰ ਅਸਲ ਰਫ਼ਤਾਰ ਨਹੀਂ ਮਿਲ ਸਕੀ, ਜਦੋਂ ਕਿ ਪੂਰੇ ਪੰਜਾਬ ਵਿੱਚ ਵਿਕਾਸ ਦੇ ਕਾਰਜ ਠੱਪ ਪਏ ਹਨ। ਉਨ੍ਹਾਂ ਕਿਹਾ ਕਿ ਮੁਫ਼ਤ ਦੀਆਂ ਰਿਉੜੀਆਂ ਵੰਡਣ ਨਾਲ ਨਵੇਂ ਉਦਯੋਗ ਅਤੇ ਜ਼ਗਾਰ ਦੇ ਮੌਕੇ ਸੁੰਗੜ ਗਏ ਹਨ ਜਿਸ ਕਾਰਨ ਸੂਬੇ ਦਾ ਟੈਕਸ ਅਧਾਰ ਕਦੇ ਵੀ ਮਜ਼ਬੂਤ ਨਹੀਂ ਹੋ ਸਕਿਆ। ਆਮਦਨ ਦੇ ਸੋਰਸ ਘੱਟਣ ਨਾਲ ਅਤੇ ਰੋਜ਼ਾਨਾ ਖਰਚਿਆਂ ਦੀ ਪੂਰਤੀ ਲਈ ਸਰਕਾਰਾ ਨੂੰ ਕਰਜ਼ੇ ਦਾ ਸਹਾਰਾ ਲੈਣਾ ਪੈਂਦਾ ਰਿਹਾ ਹੈ। ਇੰਜ ਭਿੰਡਰ ਨੇ ਕਿਹਾ ਕਿ ਇਸ ਡੂੰਘੇ ਵਿੱਤੀ ਸੰਕਟ ਕਾਰਨ ਅੱਜ ਮਜ਼ਦੂਰ, ਕਿਸਾਨ, ਮੁਲਾਜ਼ਮ ਅਤੇ ਹੋਰ ਅਨੇਕਾਂ ਵਰਗ ਆਪਣੀਆਂ ਵਾਜਿਬ ਮੰਗਾਂ ਲਈ ਸੜਕਾਂ ਤੇ ਉਤਰਨ ਹੋਏ ਹਨ ਅਤੇ ਭਵਿੱਖ ਵਿੱਚ ਵੀ ਇਹ ਵਰਤਾਰਾ ਵੇਖਣ ਨੂੰ ਮਿਲ ਸਕਦਾ ਹੈ। ਇਹ ਵਿੱਤੀ ਸੰਕਟ ਤਿੰਨਾਂ ਸਰਕਾਰਾਂ ਦੀ ਨਲਾਇਕੀ ਅਤੇ ਘੱਟੀਆ ਪ੍ਰਬੰਧਾਂ ਕਾਰਨ ਹੈ, ਇਸ ਵਿੱਚ ਸਮਾਜਿਕ ਅਤੇ ਰਾਜਨੀਤਕ ਸੂਝ ਬੂਝ ਦੀ ਕਾਫ਼ੀ ਘਾਟ ਨਜ਼ਰ ਪੈਂਦੀ ਹੈ। ਵਿੱਤੀ ਸੰਕਟ ਦੀ ਘਾਟ ਦੀ ਜਵਾਬਦੇਹੀ ਤੋਂ ਤਿੰਨੇ ਸਰਕਾਰਾਂ ਭੱਜ ਰਹੀਆਂ ਹਨ। ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਪੰਜਾਬ ਦੇ ਇਸ ਵਿਤੀ ਸੰਕਟ ਦਾ ਨਵ—ਨਿਰਮਾਣ ਕਰਕੇ, ਸੂਬੇ ਨੂੰ ਮਾਲੀ ਸੰਕਟ ਵਿਚੋਂ ਬਾਹਰ ਕੱਢਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ

ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) : ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ। ਜਿਸ ਵਿਚ ਰਾਗੀ, ਢਾਡੀ ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਅੱਜ ਪੂਰਨਮਾਸੀ ਦੇ ਨਾਲ—ਨਾਲ ਰੱਖੜ ਪੁਨਿੰਆ ਵੀ ਹੈ, ਜਿਸ ਦੀ ਸਮੂਹ ਸਾਧ ਸੰਗਤ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਜਿਥੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ 30 ਸਾਲ ਬਹੁਤ ਕਠਿਨ ਤਪਸਿਆ ਕੀਤੀ, ਜਿਸ ਸਦਕਾ ਹੀ ਉਹ ਨਗਰ ਬਾਬਾ ਬਕਾਲਾ ਅਖਵਾਉਂਦਾ ਹੈ, ਜਿਥੇ ਲੁਬਾਣਾ ਜੋ ਕਿ ਇਕੋ ਵਿਉਪਾਰੀ ਸੀ, ਜਿਸ ਦਾ ਸਮੁੰਦਰ ਵਿਚ ਜਹਾਜ ਡੁੱਬਣ ਲੱਗਾ ਤਾਂ ਉਸ ਨੇ ਸੁਖਨਾ ਸੁਖੀ ਕਿ ਮੇਰਾ ਜਹਾਜ ਸਹੀ ਸਲਾਮਤ ਕੱਢੇ ਤੇ ਲੱਗ ਜਾਵੇ ਮੈਂ 500 ਮੋਹਰਾਂ ਚੜਾਵਾਂਗਾ ਅਤੇ ਉਸ ਦੀ ਅਰਦਾਸ ਪੂਰੀ ਹੋਈ ਤਾਂ ਉਹ ਪਹਿਲਾਂ ਵੇਹਲਾ ਹੋ ਕੇ ਸਖਣਸ਼ਾਹ ਗੁਰੂ ਦਰਸ਼ਨਾਂ ਲਈ ਤੁਰ ਪਿਆ ਸੀ ਤਾਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਗੁਰਗੱਦੀ ਤੇ ਬਿਰਾਜਮਾਨ ਸਨ, ਇਸ ਲਈ ਪਹਿਲਾਂ ਉਹ ਦਿੱਲੀ ਗਿਆ ਤੇ ਉਥੇ ਉਸ ਨੂੰ ਪਤਾ ਚਲਿਆ ਕਿ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਜੋਤੀ ਜੋਤ ਸਮਾ ਗਏ ਹਨ ਤਾਂ ਉਥੋਂ ਫਿਰ ਉਹ ਬਾਬੇ ਬਕਾਲੇ ਪਹੁੰਚ ਗਏ, ਉਸ ਨਾਲ ਉਸ ਦੇ ਬੇਟੇ ਲਾਲ ਚੰਦ, ਚੰਦੂ ਲਾਲ ਅਤੇ ਧਰਮਪਤਨੀ ਮਲੇਜਈ ਸੀ ਜਦ ਉਹ ਬਾਬੇ ਬਕਾਲੇ ਪਹੁੰਚਿਆ ਤਾਂ ਬਾਈ ਨਕਲੀ ਗੁਰੂ ਬਾਈ ਮੰਜੀਆ ਲਾ ਕੇ ਬੈਠੇ ਸਨ, ਹਰ ਕੋਈ ਕਹੇ ਕਿ ਮੈਂ ਸੱਚਾ ਗੁਰੂ ਹਾਂ। ਮੱਖਣ ਸ਼ਾਹ ਨੂੰ ਤਸੱਲੀ ਨਾ ਹੋਈ ਤਾਂ ਉਸ ਨੇ ਪੰਜ—ਪੰਜ ਮੋਹਰਾਂ ਰੱਖ ਕੇ ਮੱਥਾ ਟੇਕਣਾ ਸ਼ੁਰੂ ਕਰ ਦਿੱਤਾ, ਮਨ ਵਿਚ ਅਰਦਾਸ ਕੀਤੀ ਕਿ ਹੇ ਸੱਚੇ ਪਾਤਸ਼ਾਹ ਜੀ ਤੁਸੀਂ ਅੰਤਰਯਾਮੀ ਹੋ ਆਪਣੀ ਭੇਟ ਆਪ ਮੰਗ ਕੇ ਲੈ ਲਵੋ, ਮੇਰਾ ਉਧਾਰ ਕਰੋ, ਜਦ ਮੱਖਣ ਸ਼ਾਹ ਵਾਪਸ ਮੁੜਣ ਦੀ ਤਿਆਰੀ ਕਰਨ ਲੱਗਾ ਤਾਂ ਪੁਛਿਆ ਕਿ ਕੋਈ ਹੋਰ ਰਹਿ ਤਾਂ ਨਹੀਂ ਗਿਆ ਤਾਂ ਕਿਸੇ ਨੇ ਦੱਸਿਆ ਕਿ ਉਹ ਭੋਰੇ ਵਿਚ ਬਾਬਾ ਤੇਗ ਬਹਾਦਰ ਰਹਿੰਦਾ ਹੈ, ਉਹ ਰਹਿ ਗਿਆ ਹੈ। ਮੱਖਣ ਸ਼ਾਹ ਨੇ ਦੋ ਚਾਰ ਸਿੱਖਾਂ ਸਮੇਤ ਜਾ ਕੇ ਮਾਤਾ ਨਾਨਕੀ ਜੀ ਪਾਸ ਦਰਸ਼ਨਾਂ ਲਈ ਬੇਨਤੀ ਕੀਤੀ, ਜਦ ਗੁਰੂ ਜੀ ਦੇ ਹੁਕਮ ਅਨੁਸਾਰ ਮੱਖਣ ਸ਼ਾਹ ਨੇ ਗੁਰੂ ਤੇਗ ਬਹਾਦਰ ਜੀ ਨੂੰ ਪੰਜ ਮੋਹਰਾਂ ਚੜਾਈਆਂ ਤਾਂ ਗੁਰੂ ਸਾਹਿਬ ਕਹਿੰਦੇ ਮੱਖਣ ਸ਼ਾਹ 500 ਮੋਹਰਾਂ ਮੰਨ ਕੇ 5 ਮੋਹਰਾਂ ਚੜਾ ਰਹੇ ਹੋ ਤਾਂ ਗੁਰੂ ਸਾਹਿਬ ਨੇ ਆਪਣਾ ਮੋਢਾ ਵਿਖਾਇਆ ਜਿਸ ਦੇ ਚੋਟ ਦਾ ਨਿਸ਼ਾਨ ਸਨ ਤਾਂ ਮੱਖਣ ਸ਼ਾਹ ਨੂੰ ਯਕੀਨ ਹੋ ਗਿਆ ਕਿ ਅਸਲ ਗੁਰੂ ਇਹੀ ਹਨ, ਇਸ ਤਰ੍ਹਾਂ ਗੁਰੂ ਲਾਧੋਰੇ ਅਤੇ ਮੱਖਣ ਸ਼ਾਹ ਨੇ ਸੰਗਤਾਂ ਨੂੰ ਜਹਾਜ ਸੰਕਟ ਫਸਟ ਤੋਂ ਲੈ ਕੇ ਅਰਦਾਸ ਕਰਨ ਤੇ ਫਿਰ ਅਰਦਾਸ ਪੂਰੀ ਹੋਣ ਤੱਕ ਦੀ ਸਾਰੀ ਕਹਾਣੀ ਸੁਣਾਈ। ਇਸ ਤਰ੍ਹਾਂ ਮੱਖਣ ਸ਼ਾਹ ਨੇ ਗੁਰੂ ਸਾਹਿਬ ਜੀ ਨੂੰ 500 ਮੋਹਰਾਂ ਭੇਂਟਾਂ ਕੀਤੀਆਂ ਅਤੇ ਇਸ ਤਰ੍ਹਾਂ ਗੁਰੂ ਸਾਹਿਬ ਜੀ ਦੀ ਯਾਦ ਮਨਾਈ ਜਾਂਦੀ ਹੈ। ਰੱਖੜ ਪੁੰਨਿਆ ਬਾਬਾ ਬਕਾਲਾ ਵਿਖੇ ਸਲਾਨਾ ਜੋੜ ਮੇਲਾ ਰੱਖੜ ਪੁਨਿਆ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ। ਆਓ ਆਪਣਾ ਵੀ ਸਾਰੇ ਸੱਚੇ ਗੁਰੂ ਦੇ ਚਰਨਾਂ ਵਿਚ ਜੁੜੀਏ ਅਤੇ ਭਾਈ ਮੱਖਣ ਸ਼ਾਹ ਲੁਬਾਣੇ ਵਾਂਗ ਭਵਸਾਗਰ ਤੋਂ ਪਾਰ ਹੋ ਜਾਈਏ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਸਟੇਜ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

# ਕੋਇਟਾ 'ਚ ਇਤਿਹਾਸਕ ਗੁਰਦੁਆਰਾ ਸਾਹਿਬ ਢਾਹ ਕੇ ਕਮਰਸ਼ੀਅਲ ਪਲਾਜ਼ਾ ਬਣਾਉਣਾ ਸਿੱਖ ਵਿਰਾਸਤ 'ਤੇ ਹਮਲਾ - ਐਡਵੋਕੇਟ ਧਾਮੀ

ਅੰਮ੍ਰਿਤਸਰ, 28 ਅਗਸਤ (ਆਵਾਜ਼ਿ ਕੌਮ ਬਿਊਰੋ)- ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਦੀ ਰਾਜਧਾਨੀ ਕੋਇਟਾ 'ਚ ਸਥਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੀ ਇਤਿਹਾਸਕ ਇਮਾਰਤ ਨੂੰ ਢਾਹ ਕੇ ਉਥੇ ਕਮਰਸ਼ੀਅਲ ਸ਼ਾਪਿੰਗ ਪਲਾਜ਼ਾ ਬਣਾਏ ਜਾਣ ਦੀਆਂ ਖ਼ਬਰਾਂ ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਬੇਹੱਦ ਗੰਭੀਰ ਤੇ ਚਿੰਤਾ ਵਾਲਾ ਮਾਮਲਾ ਆਖਿਆ ਹੈ। ਜਾਰੀ ਪ੍ਰੈਸ ਬਿਆਨ ਰਾਹੀਂ ਐਡਵੋਕੇਟ ਧਾਮੀ ਨੇ ਕਿਹਾ ਕਿ ਪਾਕਿਸਤਾਨ ਵਿਚ ਸਿੱਖ ਗੁਰੂ ਸਾਹਿਬਾਨ ਤੋਂ ਇਲਾਵਾ ਸਿੱਖ ਇਤਿਹਾਸ ਅਤੇ ਵਿਰਾਸਤ ਨਾਲ ਸਬੰਧਤ ਅਨੇਕਾਂ ਗੁਰਦੁਆਰੇ ਮੌਜੂਦ ਹਨ। ਇਹ ਧਾਰਮਿਕ ਅਤੇ ਵਿਰਾਸਤੀ ਅਸਥਾਨ ਸਿਰਫ਼ ਇੱਟਾਂ-ਪੱਥਰਾਂ ਦੀਆਂ ਇਮਾਰਤਾਂ ਨਹੀਂ, ਸਗੋਂ ਸਿੱਖ ਕੌਮ ਦੀ ਇਤਿਹਾਸਕ ਪਛਾਣ ਅਤੇ ਵਿਰਾਸਤ ਦੀਆਂ ਨਿਸ਼ਾਨੀਆਂ ਹਨ। ਇਨ੍ਹਾਂ ਨੂੰ ਢਾਹ ਕੇ ਵਪਾਰਕ ਉਸਾਰੀਆਂ ਕਰਨਾ ਸਿੱਖ ਭਾਵਨਾਵਾਂ ਦਾ ਨਿਰਾਦਰ ਹੈ। ਐਡਵੋਕੇਟ ਧਾਮੀ ਨੇ ਪਾਕਿਸਤਾਨ ਸਰਕਾਰ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਆਖਿਆ ਕਿ ਉਹ ਤੁਰੰਤ ਦਖ਼ਲ ਦੇ ਕੇ ਚੱਲ ਰਹੀ ਉਸਾਰੀ ਨੂੰ ਰੋਕਣ ਅਤੇ ਗੁਰਦੁਆਰਾ ਸਾਹਿਬ ਦੀ ਜਾਇਦਾਦ ਨੂੰ ਸਿੱਖ ਕੌਮ ਦੇ ਹਵਾਲੇ ਕੀਤਾ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਘੱਟ-ਗਿਣਤੀ ਭਾਈਚਾਰਿਆਂ ਦੀਆਂ ਧਾਰਮਿਕ ਅਤੇ ਇਤਿਹਾਸਕ ਨਿਸ਼ਾਨੀਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ। ਐਡਵੋਕੇਟ ਧਾਮੀ ਨੇ ਭਾਰਤ ਦੇ ਵਿਦੇਸ਼ ਮੰਤਰਾਲੇ ਨੂੰ ਵੀ ਇਹ ਮਾਮਲਾ ਕੂਟਨੀਤਕ ਤੌਰ ਤੇ ਪਾਕਿਸਤਾਨ ਸਰਕਾਰ ਕੋਲ ਉਠਾਉਣ ਲਈ ਆਖਿਆ।

ਆਵਾਜ਼ਿ ਕੌਮ AWAZE QAUM International Newspaper & WEB TV

